People's Herald

Rs- 100/month

People's Herald



# “ਇਕੁਐਲਿਟੀ ਐਂਡ ਜਸਟਿਸ”



https://www.facebook.com/profile.php?id=161037521061610

“Equality and Justice” स्वतंत्रता, समानता, भाईचारा

PATIALA On line paper 28 ਮਾਰਚ 2025 ਸਨਿੱਚਰਵਾਰ “ਰੋਜ਼ਾਨਾ” ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ

**“ਇਕੁਐਲਿਟੀ ਐਂਡ ਜਸਟਿਸ” ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ ‘ਪੰਚਸ਼ੀਲ’ ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ ‘ਮਨ ਦੀ ਸਮਾਧੀ’ ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ



“ਇਕੁਐਲਿਟੀ ਐਂਡ ਜਸਟਿਸ”

# ‘ਆਪ ਦੀ ਸਰਕਾਰ, ਆਪ ਦੇ ਦੁਆਰ’ ਪ੍ਰੋਗਰਾਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਡਿਪਟੀ ਕਮਿਸ਼ਨਰਾਂ ਨੂੰ ਦਿੱਤੇ ਗਏ ਨਵੇਂ ਨਿਰਦੇਸ਼- ਹਰਪਾਲ ਸਿੰਘ ਚੀਮਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮੁੱਖ ਸਕੱਤਰ, ਪੰਜਾਬ ਵੱਲੋਂ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ “ਆਪ ਦੀ ਸਰਕਾਰ, ਆਪ ਦੇ ਦੁਆਰ” ਪ੍ਰੋਗਰਾਮ ਰਾਹੀਂ ਪ੍ਰਭਾਵਸ਼ਾਲੀ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਅਤੇ ਨਾਗਰਿਕਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਮਹੱਤਵਪੂਰਨ ਕਦਮ ਚੁੱਕਣ ਲਈ ਜਾਰੀ ਕੀਤੇ ਗਏ ਨਵੇਂ ਨਿਰਦੇਸ਼ਾਂ ਦਾ ਖੁਲਾਸਾ ਕੀਤਾ।

ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਇਸ ਨਿਰਦੇਸ਼ ਤਹਿਤ ਡਿਪਟੀ ਕਮਿਸ਼ਨਰਾਂ ਵੱਲੋਂ ਆਪਣੇ ਅਧਿਕਾਰ ਖੇਤਰਾਂ ਵਿੱਚ ਪੈਂਦੇ ਪਿੰਡਾਂ ਦਾ ਨਿਯਮਤ ਦੌਰਾ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਧਿਕਾਰੀ ਹਫ਼ਤੇ ਦੇ ਚਾਰ ਦਿਨ ਸ਼ਨੀਵਾਰ, ਐਤਵਾਰ, ਸੋਮਵਾਰ ਅਤੇ ਮੰਗਲਵਾਰ ਨੂੰ ਇਸ ਕੰਮ ਲਈ ਸਮਰਪਿਤ ਕਰਨਗੇ। ਵਿੱਤ ਮੰਤਰੀ ਨੇ ਕਿਹਾ ਕਿ ਇਨ੍ਹਾਂ ਦੌਰਿਆਂ ਦੌਰਾਨ ਅਧਿਕਾਰੀਆਂ ਨੂੰ ਹਰ ਰੋਜ਼ ਤਿੰਨ ਤੋਂ ਚਾਰ ਪਿੰਡਾਂ ਨੂੰ ਕਵਰ ਕਰਨ ਅਤੇ ਦੋ ਤੋਂ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਪੈਂਦਗੇ ਸਾਰੇ ਪਿੰਡਾਂ ਦਾ ਦੌਰਾ ਕਰਨ ਲਈ ਕਿਹਾ ਗਿਆ ਹੈ।

ਇਨ੍ਹਾਂ ਦੌਰਿਆਂ ਦੇ ਮੁੱਢਲੇ ਉਦੇਸ਼ ਬਾਰੇ ਖੁਲਾਸਾ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਪਿੰਡ ਵਾਸੀਆਂ ਨਾਲ ਸਿੱਧੇ ਤੌਰ ‘ਤੇ ਗੱਲਬਾਤ ਕਰਨਗੇ, ਉਨ੍ਹਾਂ ਨੂੰ ਆਪਣੀਆਂ ਸ਼ਿਕਾਇਤਾਂ ਸੁਣਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਗੇ ਅਤੇ ਪਿੰਡ ਪੱਧਰ ਦੇ ਸਰਕਾਰੀ ਕਰਮਚਾਰੀਆਂ, ਜਿਨ੍ਹਾਂ ਵਿੱਚ ਅਧਿਆਪਕਾਂ ਅਤੇ ਸਿਹਤ ਸੰਭਾਲ ਪੇਸ਼ੇਵਰਾਂ ਆਦਿ ਸ਼ਾਮਲ ਹਨ, ਦੀ ਕਾਰਗੁਜ਼ਾਰੀ ‘ਤੇ ਖੁਦ ਫੀਡਬੈਕ ਇਕੱਤਰ ਕਰਨਗੇ। ਉਨ੍ਹਾਂ ਕਿਹਾ ਕਿ ਇੰਨ੍ਹਾਂ ਦੌਰਿਆਂ ਦੌਰਾਨ ਅਧਿਕਾਰੀ ਪਿੰਡ ਵਾਸੀਆਂ ਨੂੰ ਆਪਣੇ ਪਿੰਡਾਂ ਵਿੱਚ ਸਫ਼ਾਈ ਬਣਾਈ ਰੱਖਣ, ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦਾ ਸਮਰਥਨ ਵਾਸਤੇ ਮਹੱਤਵਪੂਰਨ ਜਾਣਕਾਰੀ ਪ੍ਰਸਾਰਿਤ ਕਰਨ ਦੇ ਨਾਲ-ਨਾਲ ਖੇਡਾਂ ਅਤੇ ਸਮਾਜਿਕ ਵਿਕਾਸ ਗਤੀਵਿਧੀਆਂ ਵਿੱਚ ਨੌਜਵਾਨਾਂ ਦੀ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਲਈ ਪ੍ਰਰਿਤ ਕਰਨਗੇ। ਉਨ੍ਹਾਂ ਕਿਹਾ ਕਿ ਇਸ ਕਿਰਿਆਸ਼ੀਲ ਪਹੁੰਚ ਸਦਕਾ ਸਮਾਜ ਦੇ ਸਮੁੱਚੇ ਵਿਕਾਸ ਲਈ ਨੌਜਵਾਨਾਂ ਦੀ ਦੀ ਊਰਜਾ ਨੂੰ ਸਹੀ ਦਿਸ਼ਾ ਪ੍ਰਦਾਨ ਕੀਤੀ ਜਾਵੇਗੀ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਨਿਰਦੇਸ਼ਾਂ ਵਿੱਚ ਇਨ੍ਹਾਂ ਦੌਰਿਆਂ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਢਾਂਚਾਗਤ ਯੋਜਨਾਬੰਦੀ ਦੀ ਮਹੱਤਤਾ ‘ਤੇ ਵੀ ਜ਼ੋਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਧਿਕਾਰੀ ਪਹਿਲਾਂ ਤੋਂ ਹੀ ਆਪਣੇ ਦੌਰੇ ਤੈਅ ਕਰਨਗੇ ਅਤੇ ਸਬੰਧਤ ਪਿੰਡਾਂ ਨੂੰ ਲੋੜੀਂਦੀ ਸੂਚਨਾ ਦੇਣਗੇ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੇ ਦਰ ‘ਤੇ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ‘ਤੇ ਕੇਂਦਰਿਤ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪਿੰਡ ਵਾਸੀਆਂ ਨਾਲ ਸਿੱਧੀ ਗੱਲਬਾਤ ਕਰਨ, ਉਹਨਾਂ ਦੀਆਂ ਚਿੰਤਾਵਾਂ ਨੂੰ ਸਮਝਣ ਅਤੇ ਉਹਨਾਂ ਦੀਆਂ ਸ਼ਿਕਾਇਤਾਂ ਨੂੰ ਧਿਆਨ ਨਾਲ ਦਰਜ ਕਰਨ ਲਈ ਇਹਨਾਂ ਦੌਰਿਆਂ ਦੌਰਾਨ ਜਨਤਕ ਮੀਟਿੰਗਾਂ ਵੀ ਕੀਤੀਆਂ ਜਾਣਗੀਆਂ।

ਇਸ ਪਹਿਲਕਦਮੀ ਦੇ



ਅਹਿਮ ਪਹਿਲੂ ਵਜੋਂ ਅੰਤਰ-ਵਿਭਾਗੀ ਤਾਲਮੇਲ ‘ਤੇ ਜ਼ੋਰ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਸਾਂਝੇ ਕੀਤੇ ਫੀਡਬੈਕ ਅਤੇ ਲੋੜਾਂ ਦੇ ਆਧਾਰ ‘ਤੇ ਸਬੰਧਤ ਵਿਭਾਗਾਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਅਧਿਕਾਰੀ ਆਪਣੇ ਦੌਰਿਆਂ ਬਾਰੇ ਵਿਆਪਕ ਰਿਪੋਰਟਾਂ ਤਿਆਰ ਕਰਨਗੇ ਜਿੰਨ੍ਹਾਂ ਵਿੱਚ ਪ੍ਰਾਪਤ ਹੋਈਆਂ ਸ਼ਿਕਾਇਤਾਂ, ਉਨ੍ਹਾਂ ਦੇ ਹੱਲ ਲਈ ਕੀਤੀਆਂ ਗਈਆਂ ਕਾਰਵਾਈਆਂ ਅਤੇ ਸੁਝਾਏ ਗਏ ਹੋਰ ਉਪਾਅ ਦਾ ਵੇਰਵਾ ਸ਼ਾਮਿਲ ਹੋਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਇੰਨ੍ਹਾਂ ਰਿਪੋਰਟਾਂ ਨੂੰ ਸਮੀਖਿਆ ਲਈ ਜਨਤਕ ਸ਼ਿਕਾਇਤਾਂ ਦੇ ਨਿਪਟਾਰੇ ਨਾਲ ਸਬੰਧਤ ਵਿਭਾਗ ਅਤੇ ਮੁੱਖ ਸਕੱਤਰ ਦੇ ਦਫ਼ਤਰ ਨੂੰ ਸੌਂਪਿਆ ਜਾਵੇਗਾ।

# ਬਜਟ ਇਜਲਾਸ: ਬਿਨਾਂ ਬਹਿਸ ਦਸ ਮਿੰਟਾਂ ’ਚ ਤਿੰਨ ਅਹਿਮ ਬਿੱਲ ਪਾਸ

## ਵਿਰੋਧੀ ਧਿਰ ਨੇ ਕਿਸੇ ਵੀ ਬਿੱਲ ’ਤੇ ਚਰਚਾ ਦੀ ਮੰਗ ਨਾ ਕੀਤੀ; ਵਿਧਾਨ ਸਭਾ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਉਠਾਈ; ਕਮੇਟੀਆਂ ਦੀਆਂ ਰਿਪੋਰਟਾਂ ਨੂੰ ਵੀ ਮਿਲੀ ਪ੍ਰਵਾਨਗੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਪੰਜਾਬ ਵਿਧਾਨ ਸਭਾ ’ਚ ਬਜਟ ਇਜਲਾਸ ਦੇ ਆਖ਼ਰੀ ਦਿਨ ਸਦਨ ਨੇ ਮਹਿਜ਼ ਦਸ ਮਿੰਟਾਂ ’ਚ ਹੀ ਬਿਨਾਂ ਕਿਸੇ ਬਹਿਸ ਤੋਂ ਤਿੰਨ ਅਹਿਮ ਬਿੱਲ ਪਾਸ ਕਰ ਦਿੱਤੇ। ਨਾ ਹਾਕਮ ਧਿਰ ਦੇ ਮੈਂਬਰਾਂ ਨੇ ਬਿੱਲਾਂ ’ਤੇ ਚਰਚਾ ਕੀਤੀ ਅਤੇ ਨਾ ਹੀ ਵਿਰੋਧੀ ਧਿਰ ਨੇ ਬਹਿਸ ਕਰਨ ਦੀ ਮੰਗ ਕੀਤੀ। ਸਿਰਫ਼ ਇੱਕ ਸਰਕਾਰੀ ਮਤੇ ’ਤੇ ਕਾਂਗਰਸੀ ਵਿਧਾਇਕ ਅਵਤਾਰ ਸਿੰਘ ਜੂਨੀਅਰ ਹੈਨਰੀ ਨੇ ਬਹਿਸ ਕੀਤੀ ਅਤੇ ਮਤੇ ਦਾ ਵਿਰੋਧ ਕੀਤਾ। ਇਸ ਮਗਰੋਂ ਵਿਧਾਨ ਸਭਾ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ।

ਸੈਸ਼ਨ ਦੀ ਸਮਾਪਤੀ ਮਗਰੋਂ ਇੱਕ ਸੀਨੀਅਰ ਕਾਂਗਰਸੀ ਵਿਧਾਇਕ ਨੇ ਨਿੱਜੀ ਤੌਰ ’ਤੇ ਕਿਹਾ ਕਿ ਉਨ੍ਹਾਂ ਨੂੰ ਬਿੱਲਾਂ ਦੀਆਂ ਹਾਰਡ ਕਾਪੀਆਂ ਨਹੀਂ ਦਿੱਤੀਆਂ ਜਾਂਦੀਆਂ ਤੇ ਸਿਰਫ਼ ਆਨਲਾਈਨ ਹੀ ਉਪਲਬਧ ਹੁੰਦੀਆਂ ਹਨ ਜਿਨ੍ਹਾਂ ਨੂੰ ਪੜ੍ਹਨਾ ਔਖਾ ਹੈ। ਦੂਜੇ ਪਾਸੇ ਸਦਨ ’ਚ ਅਜਿਹਾ ਇਤਰਾਜ਼ ਕਿਸੇ ਵੀ ਵਿਧਾਇਕ ਵੱਲੋਂ ਨਹੀਂ ਕੀਤਾ ਗਿਆ। ਸ਼੍ਰੋਮਣੀ ਅਕਾਲੀ ਦਲ ਵਿਧਾਇਕ ਮਨਪ੍ਰੀਤ ਇਆਲੀ ਅਤੇ ਡਾ. ਸੁਖਵਿੰਦਰ ਸੁੱਖੀ ਨੇ ਵੀ ਬਿੱਲਾਂ ’ਤੇ ਬਹਿਸ ਲਈ ਸਮਾਂ ਨਹੀਂ ਮੰਗਿਆ।

ਸਦਨ ਨੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਪੇਸ਼ ‘ਦਿ ਟਰਾਂਸਫ਼ਰ ਆਫ਼ ਪ੍ਰਿਜ਼ਨਰਜ਼ (ਪੰਜਾਬ ਸੋਧ) ਬਿੱਲ 2025’ ਪਾਸ ਕੀਤਾ। ਇਸ ਬਿੱਲ ਨੂੰ ਰਾਸ਼ਟਰਪਤੀ ਦੀ ਪ੍ਰਵਾਨਗੀ ਮਿਲਣ ਮਗਰੋਂ ਪੰਜਾਬ ਦੀਆਂ ਜੇਲ੍ਹਾਂ ਵਿੱਚ ਬੰਦ ਦਹਿਸ਼ਤਗਰਦਾਂ, ‘ਏ’ ਕੈਟਾਗਰੀ ਗੈਂਗਸਟਰਾਂ, ਤਸਕਰਾਂ ਅਤੇ ਖ਼ਤਰਨਾਕ ਅਪਰਾਧੀਆਂ



ਨੂੰ ਦੂਜੇ ਸੂਬਿਆਂ ਦੀਆਂ ਜੇਲ੍ਹਾਂ ਵਿੱਚ ਭੇਜਣ ਦਾ ਰਾਹ ਪੱਧਰਾ ਹੋ ਜਾਵੇਗਾ। ਦੂਜੇ ਸੂਬਿਆਂ ’ਚੋਂ ਵੀ ਵਿਚਾਰ ਅਧੀਨ ਕੈਦੀ ਇੱਥੋਂ ਦੀਆਂ ਜੇਲ੍ਹਾਂ ਵਿੱਚ ਤਬਦੀਲ ਕੀਤੇ ਜਾ ਸਕਣਗੇ। ਮਾਲ ਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆ ਵੱਲੋਂ ਪੇਸ਼ ‘ਦਿ ਇੰਡੀਅਨ ਸਟੈਂਪ (ਪੰਜਾਬ ਸੋਧ) ਬਿੱਲ 2025’ ਪਾਸ ਕਰ ਦਿੱਤਾ ਗਿਆ। ਇਸ ਬਿੱਲ ਅਨੁਸਾਰ ਜੇ ਕੋਈ ਵਿਅਕਤੀ ਪਹਿਲਾਂ ਹੀ ਕਰਜ਼ੇ ’ਤੇ ਸਟੈਂਪ ਡਿਊਟੀ ਦਾ ਭੁਗਤਾਨ ਕਰ ਚੁੱਕਾ ਹੈ ਅਤੇ ਬਾਅਦ ਵਿੱਚ ਗਹਿਣੇ ਰੱਖੀ ਜਾਇਦਾਦ ਨੂੰ ਬਿਨਾਂ ਮਾਰਗੇਜ਼ ਪ੍ਰਾਪਰਟੀ ਬਦਲੇ ਬਿਨਾਂ ਕਿਸੇ ਹੋਰ ਬੈਂਕ ਜਾਂ ਵਿੱਤੀ ਸੰਸਥਾ ਵਿੱਚ ਤਬਦੀਲ ਕਰਦਾ ਹੈ ਤਾਂ ਕੋਈ ਵਾਧੂ ਅਸ਼ਟਾਮ ਡਿਊਟੀ ਨਹੀਂ ਲਈ ਜਾਵੇਗੀ, ਜਦੋਂ ਤੱਕ ਕਿ ਨਵੀਂ ਕਰਜ਼ੇ ਦੀ ਰਕਮ ਪਿਛਲੀ ਰਕਮ ਤੋਂ ਵੱਧ ਨਾ ਹੋਵੇ। ਇਸ ਸਥਿਤੀ ਵਿੱਚ ਡਿਊਟੀ ਸਿਰਫ਼ ਵਾਧੂ ਰਕਮ ’ਤੇ ਹੀ ਲਗਾਈ ਜਾਵੇਗੀ। ਖਣਨ ਮੰਤਰੀ ਬਰਿੰਦਰ ਗੋਇਲ ਵੱਲੋਂ ਪੇਸ਼ ‘ਦਿ ਪੰਜਾਬ ਰੈਗੂਲੇਸ਼ਨ ਆਫ਼ ਕਰੱਸ਼ਰ ਯੂਨਿਟਜ਼ ਐਂਡ ਸਟਾਕਿਸਟਸ ਐਂਡ ਰਿਟੇਲਰਜ਼ ਬਿੱਲ 2025’ ਵੀ ਬਿਨਾਂ ਚਰਚਾ ਤੋਂ ਪਾਸ ਹੋ ਗਿਆ। ਇਸ ਬਿੱਲ ਦਾ ਸਬੰਧ ਕਰੱਸ਼ਰ ਯੂਨਿਟਾਂ ਦੀ ਰਜਿਸਟ੍ਰੇਸ਼ਨ, ਸਟਾਕਿਸਟਾਂ ਅਤੇ ਰਿਟੇਲਰਾਂ ਨਾਲ ਅਤੇ ਗੈਰਕਾਨੂੰਨੀ ਵਪਾਰ ਰੋਕਣ ਨਾਲ ਹੈ। ਇਸ ਬਿੱਲ ਤਹਿਤ ਵਾਤਾਵਰਣ ਮੈਨੇਜਮੈਂਟ ਫ਼ੰਡ ਦੀ ਸਥਾਪਨਾ ਵੀ ਕੀਤੀ ਜਾਣੀ ਹੈ।

ਅੱਜ ਸਦਨ ’ਚ ਵਿਧਾਨ ਸਭਾ ਦੀਆਂ ਕਮੇਟੀਆਂ ਦੀ ਰਿਪੋਰਟਾਂ ਨੂੰ ਪ੍ਰਵਾਨਗੀ ਮਿਲੀ ਅਤੇ ਸਾਲ 2025-26 ਲਈ ਕਮੇਟੀਆਂ ਦੇ ਗਠਨ ਨੂੰ ਮਨਜ਼ੂਰੀ ਦਿੱਤੀ ਗਈ। ਸਦਨ ’ਚ ਅੱਜ ਵੱਖ-ਵੱਖ ਕਮੇਟੀਆਂ ਦੀਆਂ ਰਿਪੋਰਟਾਂ ਪੇਸ਼ ਕੀਤੀਆਂ ਗਈਆਂ। ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ ਤੇ ਪੱਛੜੀਆਂ ਸ਼੍ਰੇਣੀਆਂ ਦੀ ਭਲਾਈ ਲਈ ਕਮੇਟੀ ਦੀ 49ਵੀਂ ਰਿਪੋਰਟ ਕਮੇਟੀ ਦੇ ਚੇਅਰਮੈਨ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਪੇਸ਼ ਕੀਤੀ। ਸਰਕਾਰੀ ਵਾਅਦਿਆਂ ਸਬੰਧੀ ਕਮੇਟੀ ਦੀ 53ਵੀਂ ਰਿਪੋਰਟ ਕਮੇਟੀ ਦੇ ਚੇਅਰਮੈਨ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ, ਅਧੀਨ ਵਿਧਾਨ ਕਮੇਟੀ ਦੀ 46ਵੀਂ ਰਿਪੋਰਟ ਕਮੇਟੀ ਦੇ ਚੇਅਰਮੈਨ ਅਮਰਪਾਲ ਸਿੰਘ ਤੇ ਕੁਐਸਚਨਜ਼ ਅਤੇ ਰੈਫਰੈਂਸਿਜ਼ ਕਮੇਟੀ ਦੀ 17ਵੀਂ ਰਿਪੋਰਟ ਕਮੇਟੀ ਦੇ ਚੇਅਰਮੈਨ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਰਿਪੋਰਟ ਪੇਸ਼ ਕੀਤੀ। ਇਸੇ ਤਰ੍ਹਾਂ ਖੇਤੀਬਾੜੀ ਅਤੇ ਇਸ ਨਾਲ ਜੁੜੀਆਂ ਗਤੀਵਿਧੀਆਂ ਸਬੰਧੀ ਕਮੇਟੀ ਦੀ ਤੀਜੀ ਰਿਪੋਰਟ ਕਮੇਟੀ ਦੇ ਚੇਅਰਮੈਨ ਵਿਧਾਇਕ ਸਰਵਣ ਸਿੰਘ ਧੁੰਨ ਤੇ ਪਟੀਸ਼ਨ ਕਮੇਟੀ ਦੀ ਪਹਿਲੀ ਰਿਪੋਰਟ ਕਮੇਟੀ ਦੇ ਚੇਅਰਮੈਨ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਪੇਸ਼ ਕੀਤੀ।

### ਵਿਰੋਧੀ ਧਿਰ ਦੀ ਚੁੱਪ ਭੇਤ ਬਣੀ

ਵਿਰੋਧੀ ਧਿਰ ਦੀ ਅਹਿਮ ਬਿੱਲਾਂ ਦੇ ਪਾਸ ਹੋਣ ਮੌਕੇ ਚੁੱਪ ਨੂੰ ਲੈ ਕੇ ਕਈ ਸੁਆਲ ਖੜ੍ਹੇ ਹੋ ਗਏ ਹਨ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਬਿੱਲ ਪਾਸ ਹੋਣ ਵੇਲੇ ਸਮੁੱਚੇ ਮਾਹੌਲ ਨੂੰ ਨੇੜਿਓਂ ਦੇਖਦੇ ਤਾਂ ਰਹੇ ਪਰ ਉਨ੍ਹਾਂ ਕਿਸੇ ਤਰ੍ਹਾਂ ਦਾ ਕੋਈ ਇਤਰਾਜ਼ ਖੜ੍ਹਾ ਨਹੀਂ ਕੀਤਾ। ਇੱਥੋਂ ਤੱਕ ਕਿ ਸ਼੍ਰੋਮਣੀ ਅਕਾਲੀ ਦਲ, ਭਾਜਪਾ, ਬਸਪਾ ਅਤੇ ਆਜ਼ਾਦ ਉਮੀਦਵਾਰ ਨੇ ਵੀ ਇਨ੍ਹਾਂ ਬਿੱਲਾਂ ਨੂੰ ਸਮੁੱਚਤਾ ਵਿੱਚ ਪ੍ਰਵਾਨ ਕਰ ਲਿਆ ਅਤੇ ਕਿਸੇ ਤਰ੍ਹਾਂ ਦੀ ਬਹਿਸ ਦੀ ਕੋਈ ਮੰਗ ਨਹੀਂ ਕੀਤੀ।

### ਅਸਮਾਨੀਂ ਗੁੱਡੀ ਚੜ੍ਹਾ ਖਿੱਚੀ ਡੋਰ

ਆਜ਼ਾਦ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ‘ਮੁੱਖ ਮੰਤਰੀ ਸਿਹਤ ਬੀਮਾ ਸਕੀਮ’ ਨੂੰ ਲੈ ਕੇ ਅੱਜ ਸਦਨ ’ਚ ਪਹਿਲਾਂ ਸਰਕਾਰ ਦੀ ਗੁੱਡੀ ਚੜ੍ਹਾਈ ਤੇ ਮਗਰੋਂ ਡੋਰ ਖਿੱਚ ਲਈ। ਆਜ਼ਾਦ ਵਿਧਾਇਕ ਨੇ 65 ਲੱਖ ਪਰਿਵਾਰਾਂ ਲਈ 10 ਲੱਖ ਤੱਕ ਦੀ ਬੀਮਾ ਸਕੀਮ ਦੀ ਤਾਰੀਫ਼ ਕੀਤੀ। ਵਿਧਾਇਕ ਦੇ ਕਹਿਣ ’ਤੇ ਹਾਕਮ ਧਿਰ ਨੇ ਮੇਜ਼ ਥਪਥਪਾਏ। ਆਜ਼ਾਦ ਵਿਧਾਇਕ ਨੇ ਪ੍ਰਤਾਪ ਬਾਜਵਾ ਨੂੰ ਮੁਖ਼ਾਤਬ ਹੁੰਦੇ ਕਿਹਾ ਕਿ ‘ਚਾਚਾ ਜੀ ਤੁਸੀਂ ਵੀ ਥਪਥਪਾਓ।’ ਪਰ ਹਾਕਮ ਧਿਰ ਉਦੋਂ ਹੱਕੀ-ਬੱਕੀ ਰਹਿ ਗਈ ਜਦੋਂ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਸੁਆਲ ਖੜ੍ਹਾ ਕਰ ਦਿੱਤਾ ਕਿ 65 ਲੱਖ ਪਰਿਵਾਰਾਂ ਨੂੰ 10 ਲੱਖ ਤੱਕ ਦੇ ਇਲਾਜ ਦੀ ਸਹੂਲਤ ਲਈ 6.5 ਲੱਖ ਕਰੋੜ ਰੁਪਏ ਦੀ ਲੋੜ ਪਵੇਗੀ। ਜੇ 30 ਫ਼ੀਸਦੀ ਲੋਕਾਂ ਨੇ ਵੀ ਇਲਾਜ ਕਰਾਇਆ ਤਾਂ ਦੋ ਢਾਈ ਲੱਖ ਕਰੋੜ ਦੀ ਲੋੜ ਪਵੇਗੀ, ਕਿੱਥੋਂ ਆਵੇਗਾ ਏਨਾ ਪੈਸਾ। ਬਜਟ ’ਚ ਬੀਮਾ ਸਕੀਮ ਲਈ ਸਿਰਫ਼ 778 ਕਰੋੜ ਰੱਖੇ ਹਨ, ਉਸ ਨਾਲ ਤਾਂ .12 ਫ਼ੀਸਦੀ ਦਾ ਹੀ ਇਲਾਜ ਹੋ ਸਕੇਗਾ। ਸਿਹਤ ਮੰਤਰੀ ਨੇ ਸਫ਼ਾਈ ਦਿੱਤੀ ਕਿ ਉਨ੍ਹਾਂ ਨੇ ਮਾਹਿਰਾਂ ਤੋਂ ਮਸ਼ਵਰਾ ਲੈ ਕੇ ਅਗਾਊਂ ਪ੍ਰਬੰਧ ਕੀਤੇ ਹੋਏ ਹਨ।

# ਸ਼੍ਰੋਮਣੀ ਕਮੇਟੀ ਦਾ 1386 ਕਰੋੜ 47 ਲੱਖ ਰੁਪਏ ਦਾ ਬਜਟ ਪਾਸ

## ਜਥੇਦਾਰ ਹਟਾਉਣ ਦੇ ਫੈਸਲੇ ਖਿਲਾਫ ਬੀਬੀ ਜੰਗੀਰ ਕੌਰ ਸਮੇਤ ਕਈ ਮੈਂਬਰਾਂ ਵੱਲੋਂ ਵਾਕਆਊਟ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਿੱਤੀ ਵਰ੍ਹੇ 2025-26 ਲਈ 1386 ਕਰੋੜ 47 ਲੱਖ 80 ਹਜ਼ਾਰ ਰੁਪਏ ਦਾ ਬਜਟ ਜੈਕਾਰਿਆਂ ਦੀ ਗੂੰਜ ਵਿੱਚ ਪਾਸ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਵਿੱਚ ਹੋਏ ਬਜਟ ਇਜਲਾਸ ਦੀ ਪ੍ਰਧਾਨਗੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੀਤੀ, ਜਦਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਨੇ ਬਜਟ ਪੇਸ਼ ਕੀਤਾ। ਇਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਉਚੇਚੇ ਤੌਰ ’ਤੇ ਮੌਜੂਦ ਰਹੇ।

ਬਜਟ ਮੀਟਿੰਗ ਦੌਰਾਨ ਮੈਂਬਰ ਬੀਬੀ ਕਿਰਨਜੀਤ ਕੌਰ ਨੇ ਜਥੇਦਾਰਾਂ ਦੇ ਹੱਕ ਵਿੱਚ ਮਤਾ ਰੱਖਿਆ। ਪਰ ਉਨ੍ਹਾਂ ਨੂੰ ਮਤਾ ਰੱਖਣ ਤੋਂ ਰੋਕ ਦਿੱਤਾ ਗਿਆ ਕਿਉਂਕਿ ਨਿਯਮਾਂ ਅਨੁਸਾਰ ਸਿਰਫ਼ ਉਹੀ ਮਤਾ ਰੱਖਿਆ ਜਾ ਸਕਦਾ ਹੈ ਜਿਸ ਨੂੰ ਅੰਤ੍ਰਿੰਗ ਕਮੇਟੀ ਦੀ ਮਨਜ਼ੂਰੀ ਹਾਸਲ ਹੋਵੇ। ਇਸ ਮਗਰੋਂ ਇਜਲਾਸ ਵਿੱਚ ਹੰਗਾਮਾ ਹੋ ਗਿਆ ਅਤੇ ਬੀਬੀ ਕਿਰਨਜੀਤ ਕੌਰ, ਬੀਬੀ ਜਗੀਰ ਕੌਰ ਸਮੇਤ ਕਈ ਮੈਂਬਰ ਮੀਟਿੰਗ ਵਿੱਚੋਂ ਵਾਕਆਊਟ ਕਰ ਗਏ।

ਸ਼੍ਰੋਮਣੀ ਕਮੇਟੀ ਦੇ ਇਸ ਸਾਲ ਪਾਸ ਕੀਤੇ ਗਏ 1386 ਕਰੋੜ 47 ਲੱਖ ਰੁਪਏ ਦੇ ਬਜਟ ਵਿੱਚ ਪਿਛਲੇ ਸਾਲ ਨਾਲੋਂ 9.95 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਨੇ ਬਜਟ ਪੇਸ਼ ਕਰਦਿਆਂ ਵੱਖ-ਵੱਖ ਵਿਭਾਗਾਂ ਅਤੇ ਅਦਾਰਿਆਂ ਲਈ ਹੋਣ ਵਾਲੀ ਆਮਦਨ ਦੇ ਵੇਰਵੇ ਸਾਂਝੇ ਕੀਤੇ ਅਤੇ ਭਵਿੱਖੀ ਕਾਰਜਾਂ ਲਈ ਰੱਖੀ ਗਈ ਰਾਸ਼ੀ ਦਾ ਖੁਲਾਸਾ ਕੀਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਬੀਤੇ ਅਰਸੇ ਵਿਚ ਕੀਤੇ ਗਏ ਪੰਥਕ, ਵਿਦਿਅਕ, ਧਰਮ ਪ੍ਰਚਾਰ ਅਤੇ ਲੋਕ ਭਲਾਈ ਦੇ ਕਾਰਜਾਂ ਦੀ ਵੀ ਤਫਸੀਲ ਸਾਂਝੀ ਕੀਤੀ। ਸ. ਮੰਡਵਾਲਾ ਅਨੁਸਾਰ ਸ਼੍ਰੋਮਣੀ ਕਮੇਟੀ



ਪ੍ਰਧਾਨ ਐਡਵੋਕੇਟ ਧਾਮੀ ਦੀ ਅਗਵਾਈ ਵਿੱਚ ਸਿੱਖ ਸੰਸਥਾ ਨੇ ਧਰਮ ਪ੍ਰਚਾਰ, ਵਿਦਿਆ ਦੇ ਪ੍ਰਚਾਰ ਪ੍ਰਸਾਰ, ਪੰਥਕ ਕਾਰਜਾਂ ਅਤੇ ਲੋਕ ਭਲਾਈ ਵਾਸਤੇ ਅਹਿਮ ਕਾਰਜ ਕੀਤੇ ਹਨ ਅਤੇ ਇਸ ਵਾਰ ਵੀ ਬਜਟ ਵਿੱਚ ਇਨ੍ਹਾਂ ਖੇਤਰਾਂ ਲਈ ਵਿਸ਼ੇਸ਼ ਰਾਸ਼ੀ ਦਾ ਇੰਤਜਾਮ ਕੀਤਾ ਗਿਆ ਹੈ।

ਬਜਟ ਇਜਲਾਸ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ ਵੱਲੋਂ ਪੇਸ਼ ਕੀਤਾ ਗਿਆ ਬਜਟ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜਮਾਨੀ ਵਾਲਾ ਹੈ ਅਤੇ ਇਸ ਵਿੱਚ ਸੰਗਤਾਂ ਲਈ ਸਹੂਲਤਾਂ ਦਾ ਖਾਸ ਧਿਆਨ ਰੱਖਿਆ ਗਿਆ ਹੈ। ਇਸ ਤਹਿਤ ਨਵੀਆਂ ਸਰਾਵਾਂ, ਸਿਹਤ ਅਤੇ ਸਿੱਖਿਆ ਸੇਵਾਵਾਂ ਵਿੱਚ ਪ੍ਰਭਾਵੀ ਵਾਧਾ ਅਤੇ ਧਰਮ ਪ੍ਰਚਾਰ ਖੇਤਰ ਅੰਦਰ ਨਵੀਂ ਸੋਧਾਂ ਤੇ ਸੋਧਾਂ ਸ਼ਾਮਲ ਕਰਕੇ ਬਿਹਤਰ ਨਤੀਜੇ ਹਾਸਲ ਕਰਨ ਦਾ ਯਤਨ ਕੀਤਾ ਜਾਵੇਗਾ। ਉਨ੍ਹਾਂ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ ਇਸ ਸਾਲ ਧਰਮ ਪ੍ਰਚਾਰ ਕਮੇਟੀ ਦਾ ਬਜਟ 110 ਕਰੋੜ ਰੁਪਏ, ਜਦਕਿ ਗੁਰਦੁਆਰਾ ਸਾਹਿਬਾਨ ਦਾ ਬਜਟ 1062 ਕਰੋੜ ਰੁਪਏ ਹੈ। ਇਸੇ ਤਰ੍ਹਾਂ ਜਨਰਲ ਬੋਰਡ ਫੰਡ, ਟ੍ਰਸਟ ਫੰਡ, ਵਿਦਿਆ ਫੰਡ, ਖੇਡਾਂ, ਪ੍ਰਿੰਟਿੰਗ ਪ੍ਰੈੱਸਾਂ ਅਤੇ ਵਿਦਿਅਕ ਅਦਾਰਿਆਂ ਲਈ ਵਿਸ਼ੇਸ਼ ਰਾਸ਼ੀ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਥਕ ਭਲਾਈ ਕਾਰਜਾਂ ਲਈ 4 ਕਰੋੜ 95 ਲੱਖ ਰੁਪਏ, ਸਿੱਖ ਬੱਚਿਆਂ ਨੂੰ ਮੁਫਤ ਵਿਦਿਆ ਲਈ 8 ਕਰੋੜ 40 ਲੱਖ ਰੁਪਏ, ਖੇਡਾਂ ਲਈ 3 ਕਰੋੜ 9 ਲੱਖ ਰੁਪਏ, ਕੁਦਰਤੀ ਆਫ਼ਤਾਂ ਲਈ 1 ਕਰੋੜ 50 ਲੱਖ ਰੁਪਏ, ਵੱਖ-ਵੱਖ ਗੁਰਦੁਆਰਿਆਂ ਅੰਦਰ ਸਥਾਪਤ ਮੁਫ਼ਤ ਡਿਸਪੈਂਸਰੀਆਂ ਲਈ 44 ਲੱਖ ਰੁਪਏ ਰੱਖੇ ਗਏ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਕੀ ਤੇ ਜੁਡੀਸ਼ੀਅਲ ਸੇਵਾਵਾਂ ਵਾਸਤੇ ਸਿੱਖ ਨੌਜਵਾਨਾਂ ਦੀ ਤਿਆਰੀ ਕਰਵਾਉਣ ਲਈ ਚੱਲ ਰਹੀ ਨਿਸ਼ਚੈ ਅਕੈਡਮੀ ਲਈ 2 ਕਰੋੜ 63 ਲੱਖ ਰੁਪਏ, ਅੰਮ੍ਰਿਤ ਸੰਚਾਰ ਲਈ ਭੇਟਾ ਰਹਿਤ ਕਕਾਰ ਦੇਣ ਵਾਸਤੇ 1 ਕਰੋੜ 95 ਲੱਖ ਰੁਪਏ ਰਾਖਵੇਂ ਕੀਤੇ ਹਨ। ਇਸੇ ਤਰ੍ਹਾਂ ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਕਰਨ ਵਾਸਤੇ 1 ਕਰੋੜ 14 ਲੱਖ, ਬੰਦੀ ਸਿੰਘਾਂ ਦੇ ਮਾਮਲਿਆਂ ਲਈ 60 ਲੱਖ ਰੁਪਏ, ਸਿਕਲੀਗਰ ਸਿੱਖਾਂ ਲਈ 60 ਲੱਖ ਰੁਪਏ, ਅੰਮ੍ਰਿਤਧਾਰੀ ਵਿਦਿਆਰਥੀਆਂ ਦੀਆਂ ਫੀਸਾਂ ਲਈ 2 ਕਰੋੜ 50 ਲੱਖ ਰੁਪਏ, ਅੰਮ੍ਰਿਤਧਾਰੀ ਲੜਕੀਆਂ ਨੂੰ ਮੁਫ਼ਤ ਵਿਦਿਆ ਲਈ 2 ਕਰੋੜ ਰੁਪਏ, ਮੀਰੀ ਪੀਰੀ ਮੈਡੀਕਲ ਕਾਲਜ ਹਰਿਆਣਾ ਲਈ 8 ਕਰੋੜ ਰੁਪਏ, ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਲਈ 8 ਕਰੋੜ ਰੁਪਏ ਖਰਚੇ ਜਾਣਗੇ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਬਜਟ ਦਾ ਮੁੱਖ ਸਰੋਤ ਸੰਗਤਾਂ ਵੱਲੋਂ ਭੇਟਾ ਕੀਤੀ ਜਾਂਦੀ ਰਾਸ਼ੀ ਅਤੇ ਦਸਵੰਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦੋ-ਤਿੰਨ ਸਾਲਾਂ ਤੋਂ ਬਜਟ ਦੀ ਅਨੁਮਾਨਿਤ ਰਾਸ਼ੀ ਤੋਂ ਵਾਧਾ ਦਰਜ ਕੀਤਾ ਜਾ ਰਿਹਾ ਹੈ, ਜੋ ਖਰਚਿਆਂ ਨੂੰ ਲੋੜ-ਅਨੁਸਾਰ ਅਤੇ ਨਿਯਮਿਤ ਕਰਨ ਦਾ ਨਤੀਜਾ ਹੈ। ਉਨ੍ਹਾਂ ਵਚਨਬੱਧਤਾ ਪ੍ਰਗਟਾਈ ਕਿ ਸਿੱਖ ਸੰਸਥਾ ਦੇ ਕਾਰਜ ਸੰਗਤ ਦੀ ਭਾਵਨਾ ਅਨੁਸਾਰ ਜਾਰੀ ਰੱਖੇ ਜਾਣਗੇ ਅਤੇ ਖਾਸ ਕਰਕੇ ਸੰਗਤੀ ਸਹੂਲਤਾਂ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਵਿਸ਼ੇਸ਼ ਤੌਰ ’ਤੇ ਜ਼ਿਕਰ ਕਰਦਿਆਂ ਕਿਹਾ ਕਿ ਜਦੋਂ ਸਰਕਾਰਾਂ ਵਿਦਿਆ ਦੇ ਪ੍ਰਸਾਰ ਲਈ ਫੇਲ੍ਹ ਸਾਬਤ ਹੋ ਰਹੀਆਂ ਹਨ ਤਾਂ ਅਜਿਹੇ ਸਮੇਂ ਸ਼੍ਰੋਮਣੀ ਕਮੇਟੀ ਦਾ ਸਮਾਜ ਅੰਦਰ ਇਸ ਖੇਤਰ ਵਿੱਚ ਯੋਗਦਾਨ ਵੱਡੇ ਮਹੱਤਵ ਵਾਲਾ ਹੈ, ਇਸੇ ਲਈ ਬਜਟ ਵਿੱਚ ਵਿਦਿਆ ਦੇ ਪ੍ਰਚਾਰ ਪ੍ਰਸਾਰ ਲਈ ਵੱਡੀ ਰਾਸ਼ੀ ਰੱਖੀ ਗਈ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬਜਟ ਇਜਲਾਸ ਦੌਰਾਨ ਕੁਝ ਮੈਂਬਰਾਂ ਵੱਲੋਂ ਕੀਤੇ ਗਏ ਸ਼ੋਰ-ਸ਼ਰਾਬੇ ਨੂੰ ਮੰਦਭਾਗਾ ਕਰਾਰ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਹਜ਼ੂਰੀ ਅੰਦਰ ਅਜਿਹਾ ਵਰਤਾਰਾ ਠੀਕ ਨਹੀਂ ਹੈ। ਐਡਵੋਕੇਟ ਧਾਮੀ ਨੇ ਆਖਿਆ ਉਹ ਹਰ ਇੱਕ ਦੇ ਵਿਚਾਰ ਦਾ ਸਤਿਕਾਰ ਪਰੰਤੂ ਇਹ ਮਰਯਾਦਾ ਅਤੇ ਨਿਯਮਾਂ ਵਿੱਚ ਰਹਿ ਕੇ ਹੋਣਾ ਚਾਹੀਦਾ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਬਾਰੇ ਚੱਲ ਰਹੀ ਚਰਚਾ ਨੂੰ ਉਨ੍ਹਾਂ ਨੇ ਖੁਦ ਏਜੰਡੇ ਉੱਤੇ ਲੈ ਕੇ ਗੱਲ ਕਰਨੀ ਚਾਹੀ ਸੀ ਪਰੰਤੂ ਕੁਝ ਮੈਂਬਰਾਂ ਨੇ ਉਨ੍ਹਾਂ ਦੀ ਗੱਲ ਸੁਣਨੀ ਮੁਨਾਸਿਬ ਨਾ ਸਮਝੀ ਅਤੇ ਉਹ ਮਰਯਾਦਾ ਵਿਰੁੱਧ ਜਾ ਕੇ ਰੌਲਾ ਪਾਉਂਦੇ ਰਹੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਜਥੇਦਾਰਾਂ ਦੀ ਨਿਯੁਕਤੀ, ਅਧਿਕਾਰ ਖੇਤਰ ਅਤੇ ਸੇਵਾਮੁਕਤੀ ਬਾਰੇ ਨਿਯਮ ਬਣਾਉਣ ਲਈ ਉਹ ਖੁਦ ਸੰਜੀਦਾ ਹਨ ਇਸੇ ਲਈ ਇਜਲਾਸ ਵਿੱਚ ਇਸ ਸਬੰਧੀ ਸਿਧਾਂਤਕ ਪ੍ਰਵਾਨਗੀ ਦੇ ਦਿੱਤੀ ਗਈ ਹੈ ਅਤੇ ਜਲਦ ਹੀ ਇਸ ਬਾਰੇ ਸੁਝਾਅ ਲਏ ਜਾਣਗੇ ਅਤੇ ਗਠਤ ਕੀਤੀ ਜਾਣ ਵਾਲੀ ਕਮੇਟੀ ਰਾਹੀਂ ਇਨ੍ਹਾਂ ਨੂੰ ਵਿਚਾਰ ਕੇ ਇੱਕ ਨੀਤੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਪੰਥ ਦਾ ਸੰਜੀਦਾ ਮਾਮਲਾ ਹੈ ਜਿਸ ਉੱਤੇ ਉਹ ਹਰ ਇੱਕ ਨਾਲ ਵਿਚਾਰ ਕਰਨ ਨੂੰ ਤਿਆਰ ਹਨ ਪਰੰਤੂ ਇਹ ਜਾਬਤੇ ਵਿੱਚ ਰਹਿ ਕੇ ਹੋਵੇ। ਉਨ੍ਹਾਂ ਸਮੂਹ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਸਹਿਯੋਗ ਕਰਨ ਅਤੇ ਇੱਕ ਭਰੋਸੇ ਨਾਲ ਇਸ ਮਾਮਲੇ ਦੇ ਹੱਲ ਵੱਲ ਵਧਣ।

ਜਨਰਲ ਇਜਲਾਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਸ. ਅਮਰੀਕ ਸਿੰਘ ਵਿਛੋਆ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਣ ਤੇ ਸ. ਪਰਮਜੀਤ ਸਿੰਘ ਰਾਏਪੁਰ, ਮੁੱਖ

ਬਾਕੀ ਭਾਗ ਸਫਾ5 ਤੇ

# ਕੇਂਦਰ ਸਰਕਾਰ ਨੂੰ ਲੈ ਕੇ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਦਾ ਵੱਡਾ ਬਿਆਨ

## ਦੇਸ਼ ਦੇ ਵੱਡੇ ਘਰਾਣੇ ਹਰ ਬਿਜਨਸ ਉੱਤੇ ਕਬਜਾ ਕਰਦੇ ਜਾ ਰਹੇ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਜਲੰਧਰ : ਜਲੰਧਰ ਵਿਖੇ ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਸੰਬੋਧਨ ਕਰਦੇ ਹੋਏ ਕਿਹਾ ਹੈ ਕਿ ਕੇਂਦਰ ਸਰਕਾਰ ਨੇ ਪਹਿਲਾ ਕਿਸਾਨਾਂ ਨਾਲ ਮੀਟਿੰਗ ਕੀਤੀ ਬਾਅਦ ਵਿੱਚ ਜੋ ਵੀ ਪੁਲਿਸ ਦਾ ਕਾਰਵਾਈ ਹੋਈ ਹੈ ਉਹ ਤੁਹਾਡੇ ਸਾਹਮਣੇ ਹੈ। ਉਨ੍ਹਾਂ ਨੇ ਕਿਹਾ ਹੈਕਿ ਦੇਸ਼ ਦੇ ਵੱਡੇ ਘਰਾਣੇ ਹਰ ਬਿਜਨਸ ਉੱਤੇ ਕਬਜਾ ਕਰਦੇ ਜਾ ਰਹੇ ਹਨ ਅਤੇ ਛੋਟਾ ਵਪਾਰੀ ਖਤਮ ਹੁੰਦਾ ਜਾ ਰਿਹਾ ਹੈ।

ਉਨ੍ਹਾਂ ਨੇ ਕਿਹਾ ਹੈ ਕਿ ਕਿਸਾਨ ਸਿਰਫ ਕਿਸਾਨੀ ਨੂੰ ਨਹੀ ਸਗੋਂ ਹਰ ਵਪਾਰੀ ਵਰਗ ਨੂੰ ਬਚਾਉਣਾ ਚਾਹੁੰਦੇ ਹਨ। ਉਨਾਂ ਨੇ ਕਿਹਾ ਹੈ ਕਿ ਜੇਕਰ ਹਰ ਵਿਅਕਤੀ ਆਨਲਾਈਨ ਸਾਮਾਨ ਖਰੀਦ ਰਹੇ ਹੋ ਇਸ ਨਾਲ ਛੋਟਾ ਵਰਗ ਖਤਮ ਹੋ ਰਿਹਾ ਹੈ। ਉਨ੍ਹਾਂ ਨੇ ਸਰਕਾਰਾਂ ਦੀ ਨੀਤੀਆਂ ਲੋਕ ਪੱਖੀ ਨਹੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਕਿਸਾਨ ਦਾ ਧਰਨਾ ਚੁਕਾਉਣਾ ਤੁਹਾਡੇ ਸਾਹਮਣੇ ਹੈ। ਉਨ੍ਹਾਂ ਨੇ ਕਿਹਾ ਹੈ ਕਿ ਕਿਸਾਨਾਂ ਦੇ ਧਰਨੇ ਉੱਤੇ ਵਪਾਰੀ ਵਰਗ ਦਾ ਨਾਂਅ ਲੈ ਕੇ ਕਾਰਵਾਈ ਕੀਤੀ ਗਈ। ਉਨ੍ਹਾਂ ਨੇ ਕਿਹਾ ਸਾਡੇ ਟਰੈਕਟਰ ਭੰਨੇ ਗਏ ਹਨ ਉਨ੍ਹਾਂ ਦਾ ਮੁਆਵਾਜ਼ਾ ਕੌਣ ਦੇਵੇਗਾ।

ਉਨ੍ਹਾਂ ਨੇ ਕਿਹਾ ਹੈ ਕਿ ਡੋਨਾਲਡ ਟਰੰਪ ਭਾਰਤ ਸਰਕਾਰ ਉੱਤੇ ਦਬਾਅ ਪਾ ਰਿਹਾ ਹੈ ਫਰੀ ਟਰੇਡ ਵਪਾਰ ਖੋਲ੍ਹੋ। ਉਨ੍ਹਾਂ ਨੇ ਕਿਹਾ ਹੈ ਕਿ ਅਮਰੀਕਾ ਤੋ ਇਕ ਡੈਲੀਗੇਟ ਆਇਆ ਹੈ ਜੇਕਰ ਸਮਝੌਤਾ ਹੁੰਦਾ ਹੈ ਤਾਂ ਆਮ ਲੋਕਾਂ ਲਈ ਰੁਜ਼ਗਾਰ ਨਹੀ ਰਹੇਗਾ। ਉਨ੍ਹਾਂ



ਨੇ ਕਿਹਾ ਹੈ ਕਿ ਸਾਰਾ ਵਪਾਰ ਵੱਡੇ ਘਰਾਣਿਆ ਦੇ ਹੱਥ ਆ ਜਾਵੇਗਾ। ਉਨ੍ਹਾਂ ਨੇ ਕਿਹਾ ਹੈ ਕਿ ਸਰਕਾਰਾਂ ਨੇ ਕਿਸਾਨ ਅੰਦੋਲਨ ਨੂੰ ਬਦਨਾਮ ਕੀਤਾ ਗਿਆ ਹੈ।

# ਪੰਜਾਬ ’ਚ ਨਵੀਆਂ ਬਿਜਲੀ ਦਰਾਂ ਦਾ ਐਲਾਨ

## ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਨੇ ਦਰਾਂ ਸਬੰਧੀ ਸਲੈਬਾਂ ਤਿੰਨ ਤੋਂ ਘਟਾ ਕੇ ਦੋ ਕੀਤੀਆਂ; ਪਹਿਲੀ ਅਪਰੈਲ ਤੋਂ ਲਾਗੂ ਹੋਣਗੀਆਂ ਨਵੀਆਂ ਦਰਾਂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

**ਬਿਜਲੀ ਦਰਾਂ ਦਾ ਨਵਾਂ ਟੈਰਿਫ਼ ਜਾਰੀ। ਸਾਲ 2025-26 ਲਈ ਨਵਾਂ ਟੈਰਿਫ਼ ਜਾਰੀ। 3 ਸਲੈਬ ਤੋਂ ਘਟਾ ਕੇ ਕੀਤੀ 2 ਸਲੈਬ। ਹੁਣ 300 ਯੂਨਿਟ ਲਈ 5.40 ਪੈਸੇ ਦੇਣੇ ਪੈਣਗੇ। ਨਵਾਂ ਟੈਰਿਫ 1 ਅਪ੍ਰੈਲ 2025 ਤੋਂ 31 ਮਾਰਚ 2026 ਤੱਕ ਲਾਗੂ ਰਹੇਗਾ।**

ਪੰਜਾਬ ਰਾਜ ਬਿਜਲੀ ਰੈਗੂਲੇਟਰੀ ਕਮਿਸ਼ਨ ਦੇ ਚੇਅਰਪਰਸਨ ਵਿਸ਼ਵਜੀਤ ਖੰਨਾ ਆਈਏਐੱਸ (ਸੇਵਾਮੁਕਤ) ਅਤੇ ਮੈਂਬਰ ਪਰਮਜੀਤ ਸਿੰਘ ਜ਼ਿਲ੍ਹਾ ਅਤੇ ਸੈਸ਼ਨ ਜੱਜ (ਸੇਵਾਮੁਕਤ) ਵੱਲੋਂ ਵਿੱਤੀ ਸਾਲ 2025-26 ਲਈ ਨਵੀਆਂ ਬਿਜਲੀ ਦਰਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ’ਚ ਕਮਿਸ਼ਨ ਵੱਲੋਂ ਆਪਣੇ ਖਪਤਕਾਰਾਂ ਨੂੰ ਰਾਹਤ ਦੇਣ ਦਾ ਦਾਅਵਾ ਕੀਤਾ ਗਿਆ ਹੈ। ਇਹ ਨਵੀਆਂ ਦਰਾਂ ਪਹਿਲੀ ਅਪਰੈਲ ਤੋਂ ਲਾਗੂ ਹੋਣਗੀਆਂ। ਉਂਜ ਇਸ ਦੌਰਾਨ ਮੁੱਖ ਤੌਰ ’ਤੇ ਸਾਰੇ ਵਰਗਾਂ ਲਈ ਦਰਾਂ ਦੀਆਂ ਸਲੈਬਾਂ ਤਿੰਨ ਤੋਂ ਘਟਾ ਦੇ ਦੋ ਕਰ ਦਿੱਤੀਆਂ ਗਈਆਂ ਹਨ। ਕਮਿਸ਼ਨ ਦਾ ਕਹਿਣਾ ਹੈ ਕਿ ਅਜਿਹਾ ਬਿੱਲ ਬਣਾਉਣ ’ਚ ਆਉਂਦੀ




ਦਿੱਕਤ ਕਰਕੇ ਕੀਤਾ ਗਿਆ ਹੈ। ਪਹਿਲਾਂ ਘਰੇਲੂ ਖਪਤਕਾਰਾਂ ਲਈ 0 ਤੋਂ 100, 101 ਤੋਂ 300 ਤੱਕ ਅਤੇ 300 ਤੋਂ ਉਪਰ ’ਤੇ ਆਧਾਰਿਤ ਤਿੰਨ ਸਲੈਬਾਂ ਸਨ। ਪਰ ਹੁਣ 0 ਤੋਂ 300 ਅਤੇ 300 ਤੋਂ ਉਪਰ ਦੋ ਹੀ ਸਲੈਬਾਂ ਹੋਣਗੀਆਂ। ਇਸੇ ਤਰ੍ਹਾਂ ਇੱਕ ਹੋਰ ਵਰਗ ’ਚ ਵੀ ਹੁਣ 0 ਤੋਂ 500 ਅਤੇ 500 ਤੋਂ ਉਪਰ ਦੋ ਹੀ ਸਲੈਬਾਂ ਹੋਣਗੀਆਂ।

ਕਮਿਸ਼ਨ ਮੁਤਾਬਿਕ ਪੀਐੱਸਪੀਸੀਐੱਲ ਨੇ ਆਪਣੀ ਸਾਲਾਨਾ ਮਾਲੀਆ ਪਟੀਸ਼ਨ ’ਚ ਵਿੱਤੀ ਸਾਲ 2025-26 ਤੱਕ ਮਾਲੀਆ ਘਾਟਾ 5090.89 ਕਰੋੜ ਦਸਦਿਆਂ ਕਮਿਸ਼ਨ ਨੂੰ ਟੈਰਿਫ ਵਧਾਉਣ ਦੀ ਬੇਨਤੀ ਕੀਤੀ ਸੀ। ਪਰ ਕਮਿਸ਼ਨ ਦਾ ਤਰਕ ਹੈ ਕਿ ਉਸ ਨੇ ਬਿਨਾਂ ਬਿਜਲੀ ਦਰਾਂ ਵਧਾਇਆਂ ਹੀ 311.50 ਕਰੋੜ ਰੁਪਏ ਦਾ ਮਾਲੀਆ ਸਰਪਲੱਸ ਤੈਅ ਕੀਤਾ ਹੈ। ਦੱਸਿਆ ਗਿਆ ਹੈ ਕਿ ਮੌਜੂਦਾ ਟੈਰਿਫ ਤੋਂ ਮਾਲੀਆ 47985.81 ਕਰੋੜ ਹੈ, ਜੋ 311.50 ਕਰੋੜ ਦੇ ਸਰਪਲੱਸ ਨੂੰ ਐਡਜਸਟ ਕਰਨ ਮਗਰੋਂ ਵਿੱਤੀ ਸਾਲ 2025-26 ਦੇ ਟੈਰਿਫ ਤੋਂ ਰਿਕਵਰ ਕੀਤੀ ਜਾਣ ਵਾਲੀ ਲੋੜੀਂਦੀ ਨੈੱਟ ਏਆਰਆਰ 47674.31 ਕਰੋੜ ਰੁਪਏ ਹੈ। ਇਸ ਨੂੰ ਰਿਕਵਰ ਕਰਨ ਲਈ ਨਵੇਂ ਟੈਰਿਫ ਨੂੰ ਮੁੜ ਡਿਜ਼ਾਈਨ ਕੀਤਾ ਗਿਆ ਹੈ।

ਕਮਿਸ਼ਨ ਵੱਲੋਂ ਐਲਾਨੀ ਨਵੀਂ ਸਲੈਬ ਤਹਿਤ ਦੋ ਕਿਲੋਵਾਟ ਬਿਜਲੀ ਲੋਡ ਵਾਲੇ ਮੀਟਰਾਂ ਵਾਲੇ ਖਪਤਕਾਰਾਂ ਨੂੰ 300 ਯੂਨਿਟਾਂ ਤੱਕ 5.30 ਰੁਪਏ ਪ੍ਰਤੀ ਯੂਨਿਟ ਅਤੇ 300 ਤੋਂ ਉੱਪਰ ਪ੍ਰਤੀ ਯੂਨਿਟ 7.75 ਰੁਪਏ ਦੀ ਅਦਾਇਗੀ ਕਰਨੀ ਹੋਵੇਗੀ। ਫਿਕਸ ਚਾਰਜਿਜ਼ 160 ਰੁਪਏ ਮਹੀਨਾ ਹੋਵੇਗਾ। ਇਸੇ ਤਰ੍ਹਾਂ ਘਰੇਲੂ ਵਰਗ ਦੇ 2 ਤੋਂ 7 ਕਿਲੋਵਾਟ ਤੱਕ ਵਾਲੇ ਬਿਜਲੀ ਲੋਡ ਅਧੀਨ ਆਉਂਦੇ ਖਪਤਕਾਰਾਂ ਨੂੰ ਹੁਣ 300 ਯੂਨਿਟਾਂ ਤੱਕ ਪ੍ਰਤੀ ਯੂਨਿਟ 5.72 ਰੁਪਏ ਅਤੇ 300 ਤੋਂ ਉਪਰ 7.75 ਰੁਪਏ ਪ੍ਰਤੀ ਯੂਨਿਟ ਦੇ ਹਿਸਾਬ ਨਾਲ ਅਦਾਇਗੀ ਕਰਨੀ ਹੋਵੇਗੀ। ਫਿਕਸ ਚਾਰਜਿਜ਼ 90 ਰੁਪਏ ਮਹੀਨਾ ਹੋਣਗੇ। ਇਸੇ ਤਰ੍ਹਾਂ 7 ਤੋਂ 20 ਕਿਲੋਵਾਟ ਤੱਕ ਦੇ ਬਿਜਲੀ ਲੋਡ ਤਹਿਤ 0 ਤੋਂ 300 ਯੂਨਿਟ ਤੱਕ 6.44 ਰੁਪਏ ਪ੍ਰਤੀ ਯੂਨਿਟ ਅਤੇ 300 ਤੋਂ ਉਪਰ ਪ੍ਰਤੀ ਯੂਨਿਟ 7.75 ਰੁਪਏ ਅਦਾ ਕਰਨੇ ਹੋਣਗੇ। ਪਹਿਲਾਂ ਨਾਲੋਂ ਫਿਕਸ ਚਾਰਜਿਜ਼ 32 ਰੁਪਏ ਘੱਟ ਦੇਣੇ ਹੋਣਗੇ। ਗ਼ੈਰ ਘਰੇਲੂ ਖੇਤਰਾਂ ਜਿਵੇਂ ਦੁਕਾਨ ਅਤੇ ਸਕੂਲ ਆਦਿ ਦੇ 500 ਕਿਲੋਵਾਟ ਬਿਜਲੀ ਲੋਡ ਲਈ ਹੁਣ 500 ਯੂਨਿਟਾਂ ਤੱਕ 6.89 ਰੁਪਏ ਅਤੇ 500 ਤੋਂ ਉਪਰ ਯੂਨਿਟਾਂ ਲਈ 7.75 ਰੁਪਏ ਪ੍ਰਤੀ ਯੂਨਿਟ ਅਦਾਇਗੀ ਕਰਨੀ ਪਵੇਗੀ।

### ਸਨਅਤੀ ਖੇਤਰ ’ਚ ਸਿਰਫ ਰਾਤ ਸਮੇਂ ਬਿਜਲੀ ਦੀ ਖਪਤ ਕਰਨ ’ਤੇ ਦਰ ਵਧਾਈ

ਉਦਯੋਗਿਕ ਖੇਤਰ ’ਚ ਸਿਰਫ ਰਾਤ ਨੂੰ ਬਿਜਲੀ ਦੀ ਖਪਤ ਕਰਨ ’ਤੇ ਹੀ ਦਰਾਂ ’ਚ ਵਾਧਾ ਕੀਤਾ ਗਿਆ ਹੈ। ਇਸ ਦੌਰਾਨ ਵੱਡੇ ਉਦਯੋਗਾਂ ਲਈ 100-1000 ਕਿਲੋਵਾਟ ਲੋਡ ਵਾਲਿਆਂ ਲਈ ਫਿਕਸ ਚਾਰਚਿਜ਼ ਪ੍ਰਤੀ ਕਿਲੋਵਾਟ 220 ਤੋਂ ਘਟਾ ਕੇ 210 ਰੁਪਏ ਪ੍ਰਤੀ ਕਿਲੋਵਾਟ ਕਰ ਦਿੱਤੇ ਗਏ ਹਨ ਜਦਕਿ 1000 ਕਿਲੋਵਾਟ ਤੋਂ ਵੱਧ ਲੋਡ ਵਾਲਿਆਂ ਲਈ ਫਿਕਸ ਚਾਰਜਿਜ਼ 280 ਰੁਪਏ ਪ੍ਰਤੀ ਕਿਲੋਵਾਟ ਹੋਣਗੇ। ਇਸ ਦੌਰਾਨ ਪਹਿਲਾਂ ਜਿੱਥੇ 5.31 ਰੁਪਏ ਪ੍ਰਤੀ ਯੂਨਿਟ ਸੀ, ਉਥੇ ਹੀ ਹੁਣ ਇਹ ਵਧਾ ਕੇ 5.50 ਰੁਪਏ ਯੂਨਿਟ ਕੀਤੀ ਗਈ ਹੈ। ਸਾਲਿਡ ਵੇਸਟ ਪਲਾਂਟਾਂ ਦੀਆਂ ਬਿਜਲੀ ਦਰਾਂ ਵੀ 5.30 ਰੁਪਏ ਤੋਂ ਵਧਾ ਕੇ 5.51 ਰੁਪਏ ਪ੍ਰਤੀ ਯੂਨਿਟ ਕੀਤੀਆਂ ਗਈਆਂ ਹਨ

# ਇਕ ਲੰਗਰ 'ਚੋਂ ਨੂਡਲਜ਼ ਖਾਣ ਨਾਲ 17 ਬੱਚੇ ਬਿਮਾਰ, ਹਸਪਤਾਲ 'ਚ ਜ਼ੇਰੇ ਇਲਾਜ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 9463601616
hardipchumber57@gmail.com

ਗੜ੍ਹਸ਼ੰਕਰ: ਸਿਵਿਲ ਹਸਪਤਾਲ ਗੜ੍ਹਸ਼ੰਕਰ ਦੇ ਵਿੱਚ 17 ਬੱਚੇ ਸਿਹਤ ਖ਼ਰਾਬ ਹੋਣ ਨਾਲ ਦਾਖ਼ਿਲ ਹੋਏ ਹਨ ਜਿਹੜੇ ਕਿ ਇੱਕ ਲੰਗਰ ਦੇ ਵਿੱਚ ਨੂਡਲਜ਼ ਖਾਨ ਨਾਲ ਬੀਮਾਰ ਹੋਏ ਹਨ। ਸਿਵਿਲ ਹਸਪਤਾਲ ਦੇ ਵਿੱਚ ਡਿਊਟੀ ਤੇ ਮੌਜੂਦ ਡਾਕਟਰਾਂ ਵਲੋਂ ਇਲਾਜ਼ ਕੀਤਾ ਜਾ ਰਿਹਾ ਹੈ।

ਜਾਣਕਾਰੀ ਅਨੁੰਸਾਰ ਗੜ੍ਹਸ਼ੰਕਰ ਦੇ ਪਿੰਡ ਬਿਨੇਵਾਲ ਦੇ ਕੋਲ ਇੱਕ ਨੂਡਲਜ਼ ਦਾ ਲੰਗਰ ਲਗਾਇਆ ਸੀ, ਜਿੱਥੇ ਇਨ੍ਹਾਂ ਬੱਚਿਆਂ ਨੇ ਨੂਡਲਜ਼ ਖਾਨ ਉਪਰੰਤ ਸਿਹਤ ਵਿਗੜਨ ਲੱਗ ਪਈ ਅਤੇ ਉਲਟੀਆਂ ਲੱਗਣੀਆਂ ਸ਼ੁਰੂ ਹੋ ਗਈਆਂ। ਇਨ੍ਹਾਂ ਬੱਚਿਆਂ ਨੂੰ ਸਿਵਿਲ ਹਸਪਤਾਲ ਗੜ੍ਹਸ਼ੰਕਰ ਵਿੱਚ ਲਿਆਂਦਾ ਗਿਆ ਜਿੱਥੇ ਕਿ ਹੁਣ ਇਨ੍ਹਾਂ ਦਾ ਇਲਾਜ਼ ਚੱਲ ਰਿਹਾ ਹੈ। ਇਸ ਮੌਕੇ ਸਿਵਿਲ ਹਸਪਤਾਲ ਗੜ੍ਹਸ਼ੰਕਰ ਵਿੱਚ ਮੌਜੂਦ ਡਾਕਟਰ ਅਮਿਤ ਨੇ ਦੱਸਿਆ ਕਿ ਬੀਮਾਰ ਬੱਚਿਆਂ ਦਾ ਇਲਾਜ਼ ਚੱਲ ਰਿਹਾ ਹੈ ਅਤੇ ਸਾਰੇ ਬੱਚੇ ਖ਼ਤਰੇ ਤੋਂ ਬਾਹਰ ਹਨ।

# ਯੂਟੀ 'ਚ ਪਹਿਲੀ ਅਪਰੈਲ ਤੋਂ ਸਕੂਲਾਂ ਦਾ ਸਮਾਂ ਤਬਦੀਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 9463601616
hardipchumber57@gmail.com

ਗਰਮੀ ਦਾ ਮੌਸਮ ਆਉਣ ਨਾਲ ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਦਾ ਸਮਾਂ ਬਦਲ ਦਿੱਤਾ ਗਿਆ ਹੈ। ਹੁਣ ਪਹਿਲੀ ਅਪਰੈਲ ਤੋਂ ਯੂਟੀ ਵਿੱਚ ਸਿੰਗਲ ਸ਼ਿਫਟ ਵਿਚ ਚਲਦੇ ਸਕੂਲ ਸਵੇਰੇ ਅੱਠ ਵਜੇ ਤੋਂ ਲੱਗਣਗੇ ਤੇ ਦੋ ਵਜੇ ਛੁੱਟੀ ਹੋਵੇਗੀ ਜਦਕਿ ਅਧਿਆਪਕਾਂ ਲਈ ਇਹ ਸਮਾਂ 7.50 ਵਜੇ ਹੋਵੇਗਾ ਜਦੋਂ ਕਿ ਛੁੱਟੀ ਬਾਅਦ ਦੁਪਹਿਰੇ 2.10 ਵਜੇ ਹੋਵੇਗੀ। ਦੂਜੇ ਪਾਸੇ ਡਬਲ ਸ਼ਿਫਟ ਵਾਲੇ ਸਕੂਲਾਂ ਵਿਚ ਸਵੇਰ ਵਾਲੀ ਸ਼ਿਫਟ ਵਿਚ ਵਿਦਿਆਰਥੀਆਂ ਲਈ ਸਮਾਂ ਛੇਵੀਂ ਜਮਾਤ ਤੋਂ ਉਤੇ ਲਈ ਸਵੇਰ 7.15 ਤੋਂ 12.45 ਤੇ ਸ਼ਾਮ ਲਈ ਇਕ ਵਜੇ ਤੋਂ ਸਾਢੇ ਪੰਜ ਵਜੇ ਹੋਵੇਗਾ ਜਦਕਿ ਅਧਿਆਪਕ ਸਵੇਰ ਵਾਲੀ ਸ਼ਿਫਟ ਲਈ ਸਵਾ ਸੱਤ ਤੋਂ 1.35 ਤੇ ਸ਼ਾਮ ਵਾਲੀ ਸ਼ਿਫਟ ਲਈ 1.10 ਤੋਂ 5.30 ਵਜੇ ਤਕ ਆਉਣਗੇ।

ਇਹ ਆਦੇਸ਼ ਡਾਇਰੈਕਟਰ ਸਕੂਲ ਐਜਕੇਸ਼ਨ ਹਰਸੁਹਿੰਦਰ ਪਾਲ ਸਿੰਘ ਬਰਾੜ ਵੱਲੋਂ ਜਾਰੀ ਕੀਤੇ ਗਏ ਹਨ। ਸਿੱਖਿਆ ਵਿਭਾਗ ਵੱਲੋਂ ਜਾਰੀ ਆਦੇਸ਼ ਅਨੁਸਾਰ ਸਕੂਲਾਂ ਦਾ ਇਹ ਸਮਾਂ ਪਹਿਲੀ ਅਪਰੈਲ ਤੋਂ ਲੈ ਕੇ 31 ਅਕਤੂਬਰ ਤੱਕ ਲਾਗੂ ਰਹੇਗਾ।

# ਪਾਦਰੀ ਨੂੰ ਮੁਹਾਲੀ ਤੋਂ ਪਟਿਆਲਾ ਲਿਆਂਦਾ ਗਿਆ, ਅੱਜ ਮੁਹਾਲੀ ਦੀ ਅਦਾਲਤ ਨੇ ਪਾਦਰੀ ਬਜਿੰਦਰ ਨੂੰ ਦੋਸ਼ੀ ਕਰਾਰ ਦਿੱਤਾ ਸੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 9463601616
hardipchumber57@gmail.com

ਜਬਰ-ਜ਼ਿਨਾਹ ਦੇ ਮਾਮਲੇ 'ਚ ਪਾਸਟਰ ਬਜਿੰਦਰ ਸਿੰਘ ਨੂੰ ਮੋਹਾਲੀ ਦੀ ਅਦਾਲਤ ਨੇ ਦੋਸ਼ੀ ਕਰਾਰ ਦਿੱਤਾ ਹੈ। ਪਾਸਟਰ 'ਤੇ ਜ਼ੀਰਕਪੁਰ ਦੀ ਔਰਤ ਨੇ ਜਬਰ-ਜ਼ਿਨਾਹ ਦੇ ਇਲਜ਼ਾਮ ਲਾਏ ਸਨ। ਪਾਸਟਰ ਬਜਿੰਦਰ ਸਿੰਘ ਨੂੰ 1 ਅਪ੍ਰੈਲ ਨੂੰ ਅਦਾਲਤ ਵਲੋਂ ਸਜ਼ਾ ਸੁਣਾਈ ਜਾਵੇਗੀ। ਪੁਲਿਸ ਵਲੋਂ ਪਾਸਟਰ ਬਜਿੰਦਰ ਨੂੰ ਮੁਹਾਲੀ ਤੋਂ ਪਟਿਆਲਾ ਲਿਆਂਦਾ ਗਿਆ ਹੈ। ਅੱਜ ਪਾਦਰੀ ਨੂੰ ਕੇਂਦਰੀ ਜੇਲ 'ਚ ਰਾਤ ਕੱਟਣੀ ਪਵੇਗੀ।

ਦੱਸਣਯੋਗ ਹੈ ਕਿ ਸਾਲ 2018 'ਚ 35 ਸਾਲਾ ਔਰਤ ਨੇ ਪਾਦਰੀ ਬਜਿੰਦਰ ਸਿੰਘ ਖ਼ਿਲਾਫ਼ ਜਬਰ-ਜ਼ਿਨਾਹ ਦਾ ਮਾਮਲਾ ਦਰਜ ਕਰਾਇਆ ਸੀ। ਦੋਸ਼ ਦੇ ਮੁਤਾਬਕ ਪਾਦਰੀ ਨੇ ਮੋਹਾਲੀ ਸਥਿਤ ਆਪਣੇ ਘਰ 'ਚ ਔਰਤ ਨਾਲ ਜਬਰ-ਜ਼ਿਨਾਹ ਕੀਤਾ ਅਤੇ ਇਸ ਹਰਕਤ ਨੂੰ ਰਿਕਾਰਡ ਕਰਕੇ ਉਸ ਨੂੰ ਬਲੈਕਮੇਲ ਕਰਨ ਦੀ ਧਮਕੀ ਦਿੱਤੀ



# ਚੀਨ ਨੇ ਬਣਾਇਆ ਸੁਪਰਫ਼ਾਸਟ ਚਾਰਜਰ-6 ਮਿੰਟਾਂ 'ਚ ਇਲੈਕਟ੍ਰਿਕ ਕਾਰ ਦੀ ਹੋਵੇਗੀ ਬੈਟਰੀ ਰੀਚਾਰਜ

## ਕਾਰਾਂ ਪੰਜ ਮਿੰਟ ਦੇ ਚਾਰਜ 'ਤੇ 250 ਮੀਲ ਤਕ ਦੀ ਯਾਤਰਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 9463601616
hardipchumber57@gmail.com

ਚੀਨ ਦੀ ਸੁਪਰਫ਼ਾਸਟ ਚਾਰਜਿੰਗ ਤਕਨਾਲੋਜੀ ਟੇਸਲਾ ਨਾਲੋਂ ਦੁੱਗਣੀ ਤੇਜ਼ ਬਣਾ ਦਿਤੀ ਗਈ ਹੈ। ਇਹ ਸਿਰਫ਼ 6 ਮਿੰਟਾਂ ਵਿਚ ਈ ਵੀ (ਇਲੈਕਟ੍ਰਿਕ ਵਹੀਕਲ) ਨੂੰ ਪੂਰੀ ਤਰ੍ਹਾਂ ਰੀਚਾਰਜ ਕਰ ਸਕਦੀ ਹੈ। ਹੁਣ ਬੀ. ਵਾਈ. ਡੀ ਆਟੋ ਦਾ ਈ-ਪਲੇਟਫ਼ਾਰਮ ਟੇਸਲਾ ਦੇ ਸੁਪਰਚਾਰਜਰਾਂ ਨਾਲੋਂ ਦੁੱਗਣੀ ਤੇਜ਼ੀ ਨਾਲ ਚਾਰਜ ਹੁੰਦਾ ਹੈ, ਭਾਵ ਇਸ ਦੀਆਂ ਕਾਰਾਂ ਪੰਜ ਮਿੰਟ ਦੇ ਚਾਰਜ 'ਤੇ 250 ਮੀਲ ਤਕ ਦੀ ਯਾਤਰਾ ਕਰ ਸਕਦੀਆਂ ਹਨ।

ਇਕ ਚੀਨੀ ਵਾਹਨ ਨਿਰਮਾਤਾ ਨੇ ਇਕ ਅਜਿਹੀ ਬੈਟਰੀ ਵਿਕਸਤ ਕੀਤੀ ਹੈ ਜੋ ਇਲੈਕਟ੍ਰਿਕ ਵਾਹਨਾਂ ਨੂੰ ਇਕ ਆਮ ਕਾਰ ਦੇ ਗੈਸ ਟੈਂਕ ਨੂੰ ਭਰਨ ਵਿਚ ਜਿੰਨੀ ਜਲਦੀ ਚਾਰਜ ਕਰਦੀ ਹੈ, ਓਨੀ ਹੀ ਜਲਦੀ ਚਾਰਜ ਕਰਨ ਦੇ ਯੋਗ ਬਣਾਏਗੀ। ਨਵੀਂ ਬੈਟਰੀ, ਜਿਸਨੂੰ ਈ-ਪਲੇਟਫ਼ਾਰਮ ਕਿਹਾ ਜਾਂਦਾ ਹੈ, ਨੂੰ ਬੀ. ਵਾਈ.ਡੀ ਦੁਆਰਾ ਵਿਕਸਤ ਕੀਤਾ ਗਿਆ ਹੈ, ਜੋ ਕਿ ਇਕ ਚੀਨੀ ਫ਼ਰਮ ਹੈ ਜੋ ਟੈਸਲਾ ਨੂੰ ਪਛਾੜ ਕੇ ਦੁਨੀਆਂ ਦੇ ਸੱਭ ਤੋਂ ਵੱਧ ਇਲੈਕਟ੍ਰਿਕ ਵਾਹਨ ਵੇਚਣ ਵਾਲੀ ਕੰਪਨੀ ਬਣ ਰਹੀ ਹੈ।

ਬੈਟਰੀ ਨੂੰ 10 ਸੀ-ਰੇਟਿੰਗ ਦਿਤੀ ਗਈ ਹੈ ਭਾਵ ਬੈਟਰੀ ਅਪਣੀ ਨਾਮਾਤਰ ਸਮਰਥਾ ਦੇ ਦਸ ਗੁਣਾ ਤੇਜ਼ੀ ਨਾਲ ਚਾਰਜ ਕਰ ਸਕਦੀ ਹੈ। ਈ-ਪਲੇਟਫ਼ਾਰਮ ਰਾਹੀਂ ਸਿਰਫ਼ ਛੇ ਮਿੰਟਾਂ ਵਿਚ ਪੂਰਾ ਚਾਰਜ ਹੋ ਸਕਦਾ ਹੈ। 1,000 ਕਿਲੋਵਾਟ ਦੀ ਅਪਣੀ ਪੀਕ ਚਾਰਜਿੰਗ ਪਾਵਰ 'ਤੇ, ਬੈਟਰੀ ਦੀ ਚਾਰਜਿੰਗ ਦਰ ਟੈਸਲਾ ਦੇ 500 ਕਿਲੋਵਾਟ ਸੁਪਰਚਾਰਜਰਾਂ ਨਾਲੋਂ ਦੁੱਗਣੀ ਤੇਜ਼ ਹੈ

# ਗ੍ਰਹਿ ਮੰਤਰੀ ਅਮਿਤ ਸ਼ਾਹ ਦੁਆਰਾ ਇਮੀਗ੍ਰੇਸ਼ਨ ਅਤੇ ਵਿਦੇਸ਼ੀ ਬਿੱਲ ਪੇਸ਼

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 9463601616
hardipchumber57@gmail.com

ਸੰਸਦ ਦੇ ਬਜਟ ਸੈਸ਼ਨ ਦੇ ਦੂਜੇ ਭਾਗ ਦਾ ਅੱਜ 12ਵਾਂ ਦਿਨ ਹੈ। ਲੋਕ ਸਭਾ ਪ੍ਰਸ਼ਨ ਕਾਲ ਨਾਲ ਸ਼ੁਰੂ ਹੋਵੇਗੀ। ਬੈਂਕਿੰਗ ਕਾਨੂੰਨ (ਸੋਧ) ਬਿੱਲ, 2024 'ਤੇ ਰਾਜ ਸਭਾ ਦਾ ਸੰਦੇਸ਼ ਵੀ ਸੁਣਾਇਆ ਜਾਵੇਗਾ।

ਗ੍ਰਹਿ ਮੰਤਰੀ ਅਮਿਤ ਸ਼ਾਹ ਅੱਜ ਇਮੀਗ੍ਰੇਸ਼ਨ ਅਤੇ ਵਿਦੇਸ਼ੀ ਬਿੱਲ ਪੇਸ਼ ਕਰਨਗੇ। ਇਹ ਬਿੱਲ ਪਾਸਪੋਰਟ, ਵੀਜ਼ਾ, ਰਜਿਸਟ੍ਰੇਸ਼ਨ ਅਤੇ ਭਾਰਤ ਤੋਂ ਬਾਹਰ ਜਾਣ ਅਤੇ ਵਿਦੇਸ਼ੀਆਂ ਦੇ ਪ੍ਰਵੇਸ਼ ਨਿਯਮਾਂ ਨਾਲ ਸਬੰਧਤ ਹੈ।

ਇਸ ਤੋਂ ਇਲਾਵਾ ਲੋਕ ਸਭਾ ਵਿੱਚ ਆਪਦਾ ਪ੍ਰਬੰਧਨ (ਸੋਧ) ਬਿੱਲ 2024 ਵਿੱਚ ਰਾਜ ਸਭਾ ਵੱਲੋਂ ਪ੍ਰਸਤਾਵਿਤ ਸੋਧਾਂ 'ਤੇ ਚਰਚਾ ਕੀਤੀ ਜਾਵੇਗੀ।

11ਵੇਂ ਦਿਨ ਦੀ ਕਾਰਵਾਈ ਦੇ ਦੌਰਾਨ, ਸੰਸਦ ਨੇ ਬੈਂਕਿੰਗ ਕਾਨੂੰਨ (ਸੋਧ) ਬਿੱਲ, 2024 ਨੂੰ ਮਨਜ਼ੂਰੀ ਦੇ ਦਿੱਤੀ। ਇਸ ਬਿੱਲ ਦੇ ਤਹਿਤ, ਹੁਣ ਬੈਂਕ ਖਾਤੇ ਵਿੱਚ 4 ਨਾਮਜ਼ਦ ਵਿਅਕਤੀਆਂ ਨੂੰ ਜੋੜਿਆ ਜਾ ਸਕੇਗਾ।

# ਇਸ ਵਾਰ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵੀ ਖੁੱਲ੍ਹੇ ਰਹਿਣਗੇ ਸਕੂਲ, CM ਦੇ ਹੁਕਮਾਂ 'ਤੇ ਤਿਆਰੀ ਸ਼ੁਰੂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 9463601616
hardipchumber57@gmail.com



ਇਸ ਵਾਰ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਵੀ ਸਕੂਲ ਖੁੱਲ੍ਹੇ ਰਹਿਣਗੇ। ਇਸ ਵਾਰ ਸਕੂਲੀ ਬੱਚਿਆਂ ਲਈ ਸਮਰ ਕੈਂਪ ਲਗਾਏ ਜਾਣਗੇ। ਇਨ੍ਹਾਂ ਵਿੱਚ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਵਾਧੂ ਗਤੀਵਿਧੀਆਂ ਵਿੱਚ ਸ਼ਾਮਲ ਕੀਤਾ ਜਾਵੇਗਾ। ਮੁੱਖ ਮੰਤਰੀ ਯੋਗੀ ਆਦਿਤਿਆਨਾਥ ਦੇ ਹੁਕਮਾਂ 'ਤੇ ਮੁੱਢਲੀ ਸਿੱਖਿਆ ਵਿਭਾਗ ਨੇ ਇਸ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ।

ਸਮਰ ਕੈਂਪ 20 ਮਈ ਤੋਂ 15 ਜੂਨ ਤੱਕ ਚੋਣਵੇਂ ਸਕੂਲਾਂ ਵਿੱਚ ਲਗਾਏ ਜਾਣਗੇ।ਸਮਰ ਕੈਂਪਾਂ ਦਾ ਉਦੇਸ਼ ਬੱਚਿਆਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰੱਖਣ ਦੇ ਨਾਲ-ਨਾਲ ਸਿੱਖਣ ਲਈ ਪ੍ਰੇਰਿਤ ਕਰਨਾ ਹੈ। ਵਿਭਾਗ ਇਸ 'ਤੇ ਲਗਭਗ 200 ਕਰੋੜ ਰੁਪਏ ਖਰਚ ਕਰੇਗਾ। ਇਹ ਪਹਿਲਕਦਮੀ ਨਾ ਸਿਰਫ਼ ਬੱਚਿਆਂ ਦੇ ਵਿੱਦਿਅਕ ਵਿਕਾਸ ਨੂੰ ਉਤਸ਼ਾਹਿਤ ਕਰੇਗੀ ਸਗੋਂ ਉਨ੍ਹਾਂ ਵਿੱਚ ਛੁਪੀ ਪ੍ਰਤਿਭਾ ਨੂੰ ਨਿਖਾਰਨ ਵਿੱਚ ਵੀ ਸਹਾਈ ਸਿੱਧ ਹੋਵੇਗੀ।

ਹੁਣ ਤੱਕ ਇਸ ਤਰ੍ਹਾਂ ਦੀ ਕਸਰਤ ਸਿਰਫ਼ ਪ੍ਰਾਈਵੇਟ ਸਕੂਲਾਂ ਵਿੱਚ ਹੀ ਕੀਤੀ ਜਾਂਦੀ ਹੈ। ਵਿਭਾਗ ਅਨੁਸਾਰ ਕੈਂਪ ਵਿੱਚ ਫਾਊਂਡੇਸ਼ਨਲ ਲਿਟਰੇਸੀ ਐਂਡ ਨਿਊਮਰੈਸੀ (ਐਫਐਲਐਨ) 'ਤੇ ਆਧਾਰਿਤ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਉਨ੍ਹਾਂ ਨੂੰ ਜੀਵਨ ਹੁਨਰ, ਸ਼ਖ਼ਸੀਅਤ ਵਿਕਾਸ, ਯੋਗਾ, ਖੇਡਾਂ, ਵਿਗਿਆਨ-ਤਕਨਾਲੋਜੀ ਆਧਾਰਿਤ ਪ੍ਰਯੋਗਾਂ, ਕਲਾ-ਸੱਭਿਆਚਾਰਕ ਪ੍ਰੋਗਰਾਮਾਂ ਅਤੇ ਵਾਤਾਵਰਨ ਬਾਰੇ ਜਾਗਰੂਕ ਕੀਤਾ ਜਾਵੇਗਾ।

ਇਹ ਕੈਂਪ ਸਵੇਰੇ ਡੇਢ ਘੰਟੇ ਲਈ ਹੀ ਲਗਾਇਆ ਜਾਵੇਗਾ। ਇਹ ਕੈਂਪ ਸਿੱਖਿਆਮਿੱਤਰ, ਅਧਿਆਪਕ ਅਤੇ ਅਧਿਆਪਕਾਂ ਦੀ ਦੇਖ-ਰੇਖ ਹੇਠ ਲਗਾਇਆ ਜਾਵੇਗਾ। ਕੈਂਪ ਵਿੱਚ ਬੱਚਿਆਂ ਨੂੰ ਸਪਲੀਮੈਂਟਰੀ ਨਿਊਟ੍ਰਿਸ਼ਨ ਤਹਿਤ ਗੁੜ ਦੀ ਚਿੱਕੀ, ਬਾਜਰੇ ਦੇ ਲੱਡੂ, ਰਾਮਦਾਣੇ ਦੇ ਲੱਡੂ, ਗੁੜ-ਚਨੇ ਆਦਿ ਪੌਸ਼ਟਿਕ ਭੋਜਨ ਵੀ ਦਿੱਤਾ ਜਾਵੇਗਾ।

# ਪਿਛਲੀਆਂ ਸਰਕਾਰਾਂ ਨੇ ਮਾਈਨਿੰਗ ਮਾਫੀਆ ਨਾਲ ਗੰਢਤੁੱਪ ਕਰਕੇ ਸਰਕਾਰੀ ਖ਼ਜ਼ਾਨੇ ਨੂੰ ਲੁੱਟਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 9463601616
hardipchumber57@gmail.com



ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਅੱਜ ਕਿਹਾ ਕਿ ਸੂਬੇ ਵਿੱਚ ਮਾਈਨਿੰਗ ਅਤੇ ਕਰੱਸ਼ਰ ਉਦਯੋਗ ਨੂੰ ਨਿਯਮਤ ਕਰਨ ਲਈ ਇੱਕ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ "ਦਿ ਪੰਜਾਬ ਰੈਗੂਲੇਸ਼ਨ ਆਫ਼ ਕਰੱਸ਼ਰ ਯੂਨਿਟਸ ਐਂਡ ਸਟਾਕਿਸਟਸ ਐਂਡ ਰਿਟੇਲਰਜ਼ ਬਿੱਲ 2025" ਲਿਆਂਦਾ ਹੈ ਤਾਂ ਜੋ ਪਿਛਲੇ ਸਮੇਂ ਤੋਂ ਗੈਰ-ਨਿਯਮਤ ਅਭਿਆਸਾਂ ਅਤੇ ਭ੍ਰਿਸ਼ਟਾਚਾਰ ਨਾਲ ਗ੍ਰਸਤ ਰਹੇ ਇਸ ਖੇਤਰ ਵਿੱਚ ਵੱਡੀ ਪੱਧਰ 'ਤੇ ਰੈਗੂਲੇਸ਼ਨ, ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾ ਸਕੇ।

ਸ੍ਰੀ ਅਮਨ ਅਰੋੜਾ ਅਤੇ ਖਣਨ ਅਤੇ ਭੂ-ਵਿਗਿਆਨ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਅੱਜ ਇੱਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ।

ਬਜਟ ਸੈਸ਼ਨ ਦੌਰਾਨ ਪੰਜਾਬ ਵਿਧਾਨ ਸਭਾ ਵੱਲੋਂ ਪਾਸ ਕੀਤੇ ਗਏ ਇਨਕਲਾਬੀ ਐਕਟ ਦੀਆਂ ਮੁੱਖ ਵਿਸ਼ੇਸ਼ਤਾਵਾਂ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਅਰੋੜਾ ਨੇ ਕਿਹਾ ਕਿ ਇਸ ਐਕਟ ਤਹਿਤ ਮਾਈਨਿੰਗ ਸੈਕਟਰ ਨੂੰ ਨਿਯਮਤ ਕਰਨ ਲਈ ਸਾਰੇ ਕਰੱਸ਼ਰ ਯੂਨਿਟਾਂ, ਸਟਾਕਿਸਟਾਂ ਅਤੇ ਰਿਟੇਲਰਾਂ ਦੀ ਰਜਿਸਟ੍ਰੇਸ਼ਨ ਲਾਜ਼ਮੀ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਨਵੇਂ ਨਿਯਮ ਤਹਿਤ ਮਾਈਨਿੰਗ ਈਕੋਸਿਸਟਮ ਵਿੱਚ ਹਰੇਕ ਇਕਾਈ ਨੂੰ ਰਜਿਸਟਰ ਕਰਨਾ ਲਾਜ਼ਮੀ ਹੋਵੇਗਾ, ਜਿਸ ਨਾਲ ਜਵਾਬਦੇਹੀ ਰਹਿਤ ਅਤੇ ਗੈਰ-ਨਿਯਮਤ ਕਾਰਜਾਂ ਦਾ ਯੁੱਗ ਖਤਮ ਹੋ ਜਾਵੇਗਾ"। ਉਨ੍ਹਾਂ ਇਹ ਵੀ ਕਿਹਾ ਕਿ ਹਰੇਕ ਰਜਿਸਟਰਡ ਯੂਨਿਟ ਨੂੰ ਮਹੀਨਾਵਾਰ ਰਿਟਰਨ ਫਾਈਲ ਕਰਨੀ ਹੋਵੇਗੀ, ਜਿਸ ਵਿੱਚ ਗੈਰ-ਪਾਲਣਾ ਜਾਂ ਗਲਤ ਰਿਪੋਰਟਿੰਗ ਲਈ ਸਖ਼ਤ ਜੁਰਮਾਨੇ ਲਾਏ ਜਾਣਗੇ।

ਸ੍ਰੀ ਅਰੋੜਾ ਨੇ ਕਿਹਾ ਕਿ ਇਹ ਐਕਟ ਤਹਿਤ ਆਨਲਾਈਨ ਪੋਰਟਲ ਰਾਹੀਂ ਮਜ਼ਬੂਤ ਡਿਜੀਟਲ ਨਿਗਰਾਨੀ ਵੀ ਕੀਤੀ ਜਾਵੇਗੀ ਅਤੇ ਖੁਦਾਈ ਤੋਂ ਲੈ ਕੇ ਟਰਾਂਸਪੋਰਟੇਸ਼ਨ ਤੱਕ ਮਾਈਨਿੰਗ ਕਾਰਜਾਂ ਦੇ ਹਰ ਪਹਿਲੂ ਨੂੰ ਟਰੈਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪਾਰਦਰਸ਼ੀ ਵਿਧੀ ਗੈਰ-ਕਾਨੂੰਨੀ ਮਾਈਨਿੰਗ ਅਤੇ ਵਾਤਾਵਰਣ ਵਿਗਾੜ ਦੀਆਂ ਇਤਿਹਾਸਕ ਚੁਣੌਤੀਆਂ ਨੂੰ ਖਤਮ ਕਰੇਗੀ।

ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਇਸ ਕਾਨੂੰਨ ਵਿੱਚ ਕਰੱਸ਼ਰ ਅਤੇ ਮਾਈਨਿੰਗ ਗਤੀਵਿਧੀਆਂ ਤੋਂ ਪੈਦਾ ਹੋਣ ਵਾਲੀਆਂ ਵਾਤਾਵਰਣ ਸਬੰਧੀ ਚਿੰਤਾਵਾਂ ਨੂੰ ਦੂਰ ਕਰਨ ਲਈ ਇੱਕ ਵਾਤਾਵਰਣ ਪ੍ਰਬੰਧਨ ਫੰਡ ਸਥਾਪਤ ਕਰਨ ਦੀ ਵਿਵਸਥਾ ਵੀ ਕੀਤੀ ਗਈ ਹੈ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਮਾਈਨਿੰਗ ਸੈਕਟਰ ਨੂੰ ਗਲਤ ਅਮਲਾਂ ਤੋਂ ਮੁਕਤ ਕਰਨ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਐਕਟ ਵਿੱਚ ਸਖ਼ਤ ਸਜ਼ਾ ਦੇ ਉਪਬੰਧ ਹਨ, ਜਿਨ੍ਹਾਂ ਵਿੱਚ ਭਾਰੀ ਜੁਰਮਾਨੇ ਤੋਂ ਲੈ ਕੇ ਲਾਇਸੈਂਸ ਮੁਅੱਤਲ, ਯੂਨਿਟ ਸੀਲ ਕਰਨਾ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਸੰਭਾਵੀ ਅਪਰਾਧਿਕ ਕਾਰਵਾਈਆਂ ਸ਼ਾਮਲ ਹਨ।

ਕੈਬਨਿਟ ਮੰਤਰੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਕਾਨੂੰਨ ਦੰਡਕਾਰੀ ਨਹੀਂ, ਸਗੋਂ ਸੁਧਾਰਾਤਮਕ ਹੈ ਅਤੇ ਮਾਈਨਿੰਗ ਸੈਕਟਰ ਨੂੰ ਗਲਤ ਅਮਲਾਂ ਤੋਂ ਛੁਟਕਾਰਾ ਦਿਵਾ ਕੇ ਅਨੁਕੂਲ ਵਪਾਰਕ ਮਾਹੌਲ ਵਾਲੇ ਸੈਕਟਰ ਵਿੱਚ ਬਦਲਣ ਲਈ ਲਿਆਂਦਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਇਸ ਨਵੇਂ ਕਾਨੂੰਨ ਵਿੱਚ ਇਹ ਲਾਜ਼ਮੀ ਕੀਤਾ ਗਿਆ ਹੈ ਕਿ ਲਗਾਤਾਰ ਦੋ ਮਹੀਨਿਆਂ ਤੱਕ ਰਿਟਰਨ ਫਾਈਲ ਕਰਨ ਵਿੱਚ ਨਾਕਾਮ ਰਹਿਣ ਵਾਲੀਆਂ ਇਕਾਈਆਂ ਦੇ ਲਾਇਸੈਂਸ ਮੁਅੱਤਲ ਕਰ ਦਿੱਤੇ ਜਾਣਗੇ, ਤਿੰਨ ਮਹੀਨਿਆਂ ਤੱਕ ਪਾਲਣਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਨੂੰ ਟਰਮੀਨੇਟ ਕਰ ਦਿੱਤਾ ਜਾਵੇਗਾ। ਕੈਬਨਿਟ ਮੰਤਰੀਆਂ ਨੇ ਕਿਹਾ ਕਿ ਇਹ ਵਿਵਸਥਾ ਮਾਈਨਿੰਗ ਈਕੋਸਿਸਟਮ ਵਿੱਚ ਸਾਰੇ ਭਾਈਵਾਲਾਂ ਦੀ ਸਰਗਰਮ ਭਾਗੀਦਾਰੀ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਏਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸਰਕਾਰ ਦੀ ਇਹ ਪਹਿਲਕਦਮੀ ਪਾਰਦਰਸ਼ੀ ਸ਼ਾਸਨ ਵੱਲ ਇੱਕ ਇਨਕਲਾਬੀ ਕਦਮ ਹੈ ਜਿਸ ਦਾ ਉਦੇਸ਼ ਮਾਈਨਿੰਗ ਸੈਕਟਰ ਵਿੱਚ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਗਲਤ ਕਾਰਵਾਈਆਂ ਨੂੰ ਯੋਜਨਾਬੱਧ ਢੰਗ ਨਾਲ ਖਤਮ ਕਰਦਿਆਂ ਵਾਤਾਵਰਣ ਅਤੇ ਇਮਾਨਦਾਰ ਕਾਰੋਬਾਰੀਆਂ ਦੇ ਹਿੱਤਾਂ ਦੀ ਰਾਖੀ ਕਰਨਾ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਕੱਲ੍ਹ ਦਾ ਬਾਕੀ ਭਾਗ

ਹੁਣ ਅਸੀਂ ਇਕੱਲੇ ਹਾਂ। ਅਸੀਂ ਘੱਟ ਗਿਣਤੀ ਹਾਂ। ਅਸੀਂ ਆਪਣੀ ਤਾਕਤ ਅਨੁਸਾਰ ਲੜ ਰਹੇ ਹਾਂ। ਜੇ ਅਸੀਂ ਦੂਜਿਆਂ ਨਾਲ ਹੱਥ ਮਿਲਾਉਂਦੇ ਹਾਂ, ਤਾਂ ਸਾਨੂੰ ਸੱਤਾ ਮਿਲੇਗੀ। ਪਰ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਅੱਜ ਕਾਂਗਰਸ ਸਰਕਾਰ ਦੋਵੇਂ ਮੂੰਹ ਇੱਕੋ ਥਾਲੀ ਵਿੱਚ ਪਾਏ ਹੋਏ ਹਨ। ਇਹ ਬ੍ਰਾਹਮਣਾਂ ਅਤੇ ਮਰਾਠਿਆਂ ਦੀ ਮਦਦ ਨਾਲ ਕੀਤਾ ਜਾ ਰਿਹਾ ਹੈ। ਸਾਨੂੰ ਦੇਖਣਾ ਹੋਵੇਗਾ ਕਿ ਕੌਣ ਕੀ



ਖਾਂਦਾ ਹੈ। ਮਰਾਠਿਆਂ ਦਾ ਘੋੜਾ ਨਵਾਂ ਹੈ। ਦੂਜੀ ਵਾਰ ਮਰਾਠਾ ਸਾਰੇ ਚਣੇ ਖਾਣਗੇ। ਭਵਿੱਖ ਵਿੱਚ ਬ੍ਰਾਹਮਣਾਂ ਲਈ ਕੁਝ ਵੀ ਨਹੀਂ ਬਚੇਗਾ ਅਤੇ ਉਹ ਫਿਰ ਸਾਡੇ ਸਾਹਮਣੇ ਝੁਕਣਗੇ। ਮਰਾਠਿਆਂ ਨੂੰ 'ਨਾਲੀ' ਮਿਲ ਗਈ, ਹੁਣ ਸਾਡਾ 'ਘੁੱਸੜਨਾ' ਬਚਿਆ ਹੈ। ਇਹ ਆਪਣਤ ਦੀ ਭਾਵਨਾ ਨਹੀਂ ਹੈ। ਇਸ ਨਾਲ ਪੇਸ਼ਵਾਈ ਪੈਦਾ ਹੋਵੇਗੀ।

ਸਾਡੀ ਸਰਕਾਰ ਇਸ ਘਟਨਾ ਦਾ ਹੱਕ ਲੈਣ ਜਾ ਰਹੀ ਹੈ। ਜਵਾਹਰ ਲਾਲ ਨਹਿਰੂ ਨੇ ਨਾਗਪੁਰ ਵਿੱਚ ਹਰਿਜਨ ਪ੍ਰੀਸ਼ਦ ਵਿੱਚ ਭਾਸ਼ਣ ਦਿੱਤਾ। ਇਸ ਵਿੱਚ, ਅਛੂਤਾਂ ਨੂੰ ਹੁਣ ਰਿਆਇਤਾਂ ਦੀ ਜ਼ਰੂਰਤ ਨਹੀਂ ਹੈ, ਉਨ੍ਹਾਂ ਵਿੱਚ ਸੁਧਾਰ ਕੀਤਾ ਗਿਆ ਹੈ। ਮੈਨੂੰ ਲੱਗਦਾ ਹੈ ਕਿ ਇਸ ਨਹਿਰੂ ਨੂੰ ਠਾਣੇ ਸ਼ਹਿਰ ਦੇ ਪਾਗਲ ਲੋਕਾਂ ਦੇ ਹਸਪਤਾਲ ਵਿੱਚ ਰੱਖਣਾ ਪਵੇਗਾ। ਜਿਹੜਾ ਵੀ ਆਪਣੇ ਦੇਸ਼ ਦੇ ਲੋਕਾਂ ਦੀ ਹਾਲਤ ਨੂੰ ਨਹੀਂ ਜਾਣਦਾ, ਉਸ ਨੂੰ ਇਸ ਦੇਸ਼ ਦਾ ਪ੍ਰਧਾਨ ਮੰਤਰੀ ਬਣਾਇਆ ਜਾਣਾ ਚਾਹੀਦਾ ਹੈ। ਇਸ ਤਰ੍ਹਾਂ ਸਾਨੂੰ ਦਿੱਤੀਆਂ ਗਈਆਂ ਸਹੂਲਤਾਂ ਵਾਪਸ ਲਈਆਂ ਜਾ ਰਹੀਆਂ ਹਨ।

ਸਾਡੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਦੱਖਣੀ ਅਫ਼ਰੀਕਾ ਦੀ ਸਮੱਸਿਆ ਨੂੰ ਦੇਖਦੇ ਹਨ। ਭਾਰਤ ਦੇ ਹਰ ਪਿੰਡ ਵਿੱਚ ਦੱਖਣੀ ਅਫਰੀਕਾ ਹੈ। ਦੱਖਣੀ ਅਫ਼ਰੀਕਾ ਦਾ ਸਵਾਲ ਨਸਲਵਾਦ ਦਾ ਹੈ। ਅੰਗਰੇਜ਼ ਉਨ੍ਹਾਂ ਲਈ ਕੰਮ ਕਰ ਰਹੇ ਹਨ। ਪਰ ਉਹ ਸਾਡੇ ਸਵਾਲ ਤੋਂ ਬਚਣ ਲਈ ਤਿਆਰ ਹਨ। ਇਸ ਲਈ ਸਵਾਲ ਇਹ ਹੈ ਕਿ ਅਜਿਹੇ ਪ੍ਰਧਾਨ ਮੰਤਰੀ ਨੂੰ ਪਾਗਲ ਕਿਹਾ ਜਾਵੇ ਜਾਂ ਸਿਆਣਾ। ਪੇਸ਼ਵਾ ਸਰਦਾਰ ਬਾਪੂ ਗੋਖਲੇ ਨੇ ਮੁਸਲਮਾਨਾਂ ਉੱਤੇ ਹਮਲਾ ਕੀਤਾ। ਸਿੱਧੂ ਵੀ ਉੱਥੇ ਮੌਜੂਦ ਸਨ। ਉਸ ਦਾ ਤੰਬੂ ਪੇਸ਼ਵਾ ਦੇ ਨੇੜੇ ਹੁੰਦਾ ਸੀ। ਪੇਸ਼ਵਾ ਲੋਕਾਂ ਨੇ ਉਸ ਨੂੰ ਤੰਬੂ ਬਣਾਉਣ ਤੋਂ ਰੋਕਿਆ। ਜਦੋਂ ਇਹ ਖ਼ਬਰ ਪੇਸ਼ਵਾ ਤੱਕ ਪਹੁੰਚੀ ਤਾਂ ਅਦਾਲਤ ਰੁੱਝੀ ਹੋਈ ਸੀ। ਸਿਦਾਨਕ ਸਰਦਾਰ ਨੇ ਆਪਣੀ ਤਲਵਾਰ ਹੇਠਾਂ ਸੁੱਟ ਦਿੱਤੀ ਅਤੇ ਉਹ ਜਾਣ ਲੱਗ ਪਿਆ। ਫਿਰ ਹੰਬੀਰਰਾਓ ਮੋਹਿਤੇ ਨੇ ਖੜ੍ਹੇ ਹੋ ਕੇ ਕਿਹਾ, "ਇਹ ਵਿਆਹ ਦੀ ਦਾਵਤ ਨਹੀਂ ਹੈ, ਇਹ ਨਾਇਕਾਂ ਦੀ ਦਾਵਤ ਹੈ। ਇੱਥੇ ਕੋਈ ਵਿਤਕਰਾ ਨਹੀਂ ਹੈ। ਇਸ ਲਈ ਸਾਨੂੰ ਰਾਜਨੀਤੀ ਵਿੱਚ ਸਭ ਤੋਂ ਵਧੀਆ ਹਿੱਸੇ ਦੀ ਜ਼ਰੂਰਤ ਹੈ।

ਜੇ ਮੈਂ ਕਾਂਗਰਸ ਵਿੱਚ ਹੁੰਦਾ ਤਾਂ ਕੀ ਨਹਿਰੂ ਪ੍ਰਧਾਨ ਮੰਤਰੀ ਬਣ ਜਾਂਦੇ? ਕਦੇ ਵੀ ਨਹੀਂ।

ਬਹੁਤ ਸਾਰੇ ਬਜਰਬੱਟੂ ਸਾਡੀ ਫੈਡਰੇਸ਼ਨ ਵਿੱਚ ਇਕੱਠੇ ਹੋਏ ਹਨ। ਮੈਂ ਉਨ੍ਹਾਂ ਨੂੰ ਕਹਿੰਦਾ ਹਾਂ ਕਿ ਜੇ ਲੋਕ ਫੈਡਰੇਸ਼ਨ ਛੱਡਣਾ ਚਾਹੁੰਦੇ ਹਨ, ਉਨ੍ਹਾਂ ਨੂੰ ਹੁਣੇ ਛੱਡ ਦੇਣਾ ਚਾਹੀਦਾ ਹੈ। ਫੈਡਰੇਸ਼ਨ ਵਿੱਚ ਉਨ੍ਹਾਂ ਲਈ ਕੋਈ ਜਗ੍ਹਾ ਨਹੀਂ ਹੈ। ਮੈਂ ਦੋ ਪੱਥਰਾਂ ਉੱਤੇ ਪੈਰ ਨਹੀਂ ਰੱਖਦ। ਫੈਡਰੇਸ਼ਨ ਦਾ ਰੁੱਖ ਜਲਦੀ ਫਲ ਨਹੀਂ ਦੇਵੇਗਾ। ਫਲ ਦੇਰ ਨਾਲ ਆਉਣਗੇ, ਪਰ ਉਹ ਲੰਬੇ ਸਮੇਂ ਤੱਕ ਰਹਿਣਗੇ। ਇੱਕ ਰੁੱਖ ਜੋ ਜਲਦੀ ਉੱਗਦਾ ਹੈ ਅਤੇ ਰੁੱਖ ਜੋ ਜਲਦੀ ਲਗ ਜਾਂਦੇ ਹਨ ਉਹ ਜਲਦੀ ਮਰ ਵੀ ਜਾਂਦਾ ਹੈ। ਇਹ ਸਾਡਾ ਕੰਮ ਨਹੀਂ ਹੈ। ਇਸ ਲਈ ਜੋ ਲੋਕ ਤੁਰੰਤ ਫਲ ਚਾਹੁੰਦੇ ਹਨ ਉਹ ਉਸ ਪਾਸੇ ਜਾਂਦੇ ਹਨ।

ਸਾਡੇ ਲੋਕਾਂ ਨੇ ਹੁਣ ਤੱਕ ਬਹੁਤ ਦੁੱਖ ਝੱਲਿਆ ਹੈ। ਮੈਂ ਉਨ੍ਹਾਂ ਲਈ ਕੁਝ ਕਰਨਾ ਚਾਹੁੰਦਾ ਹਾਂ। ਮੈਂ ਉਨ੍ਹਾਂ ਨੂੰ ਇਸ ਤਰ੍ਹਾਂ ਨਹੀਂ ਛੱਡਾਂਗਾ। ਸਾਡੇ ਵਰਕਰਾਂ ਨੂੰ ਕੁਰਸੀ ਦੀ ਰਾਜਨੀਤੀ ਨਹੀਂ ਖੇਡਣੀ ਚਾਹੀਦੀ, ਇਹ ਇੱਕ ਮਾਸਟਰ ਦੀ ਰਾਜਨੀਤੀ ਹੈ ਜਿਸ ਤੋਂ ਤੁਸੀਂ ਹਰ ਸਮੱਸਿਆ ਦਾ ਤਾਲਾ ਖੋਲ੍ਹ ਕੇ ਹੱਲ ਲੱਭ ਸਕਦੇ ਹੋ। ਇਹ ਐਸ਼ੋਅਰਾਮ ਅਤੇ ਕਾਲਾ ਧਨ ਕਮਾਉਣ ਦਾ ਸਾਧਨ ਨਹੀਂ ਹੈ। ਰਾਜਨੀਤੀ ਵਿੱਚ ਇਮਾਨਦਾਰੀ ਅਤੇ ਇਮਾਨਦਾਰੀ ਬਹੁਤ ਮਹੱਤਵਪੂਰਨ ਹੈ। ਇਸ ਤੋਂ ਬਾਅਦ, ਤੁਹਾਨੂੰ ਲੋਹੇ ਦੀਆਂ ਗੇਂਦਾਂ ਨੂੰ ਚਬਾਉਣਾ ਪਵੇਗਾ। ਜਿਹੜੇ ਲੋਕ ਇਸ ਨੂੰ ਹਜ਼ਮ ਨਹੀਂ ਕਰ ਸਕਦੇ, ਉਨ੍ਹਾਂ ਨੂੰ ਤੁਰੰਤ ਚਲੇ ਜਾਣਾ ਚਾਹੀਦਾ ਹੈ। ਭਾਵੇਂ ਫੈਡਰੇਸ਼ਨ ਵਿੱਚ ਘੱਟ ਲੋਕ ਹੋਣ, ਮੈਂ ਜਾਵਾਂਗਾ। ਜਦੋਂ ਅੰਦੋਲਨ ਸ਼ੁਰੂ ਹੋਇਆ, ਸਿਰਫ਼ ਮੈਂ ਇੱਕ ਕੁਰਸੀ ਅਤੇ ਇੱਕ ਮੇਜ਼ ਸੀ। ਮੈਨੂੰ ਇਸ ਗੱਲ ਦਾ ਕੋਈ ਅਫ਼ਸੋਸ ਨਹੀਂ ਸੀ। ਜੇਕਰ ਅਸੀਂ ਇਸ ਚੋਣ ਵਿੱਚ ਹਾਰ ਵੀ ਜਾਂਦੇ ਹਾਂ ਤਾਂ ਸਾਨੂੰ ਨਿਰਾਸ਼ ਨਹੀਂ ਹੋਣਾ ਚਾਹੀਦਾ, ਸਾਨੂੰ ਆਪਣਾ ਅੰਦੋਲਨ ਜਾਰੀ ਰੱਖਣਾ ਹੋਵੇਗਾ। ਜਦੋਂ ਸਮਾਂ ਆਵੇਗਾ, ਮੈਂ ਤੁਹਾਨੂੰ ਆਵਾਜ਼ ਦੇਵਾਂਗਾ ਅਤੇ ਤੁਸੀਂ ਮੇਰੇ ਨਾਲ ਸਹਿਮਤ ਹੋਵੋਗੇ।

### ਦਲਿਤ ਆਪਣੇ ਉੱਤੇ ਹੋ ਰਹੇ ਅੱਤਿਆਚਾਰਾਂ ਦਾ ਜੀ ਜਾਨ ਨਾਲ ਵਿਰੋਧ ਕਰਨਗੇ।

ਗੁਰੂ ਰਵਿਦਾਸ ਜੀ ਦਾ 555ਵਾਂ ਪ੍ਰਕਾਸ਼ ਪੁਰਬ 29 ਜਨਵਰੀ, 1953 ਨੂੰ ਨਵੀਂ ਦਿੱਲੀ ਵਿਖੇ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਿੱਸਾ ਲਿਆ। ਇਸ ਮੌਕੇ ਬੋਲਦਿਆਂ ਡਾ. ਬਾਬਾ ਸਾਹਿਬ ਅੰਬੇਡਕਰ ਨੇ ਕਿਹਾ:

ਗੁਰੂ ਰਵਿਦਾਸ ਜੀ ਦਾ ਜਨਮ 13ਵੀਂ ਸਦੀ ਵਿੱਚ ਹੋਇਆ ਸੀ। ਉਨ੍ਹਾਂ ਨੇ ਦਲਿਤ ਲੋਕਾਂ ਦੀ ਮੁਕਤੀ ਲਈ ਬਹੁਤ ਯਤਨ ਕੀਤੇ। ਜੇਕਰ ਦਲਿਤਾਂ 'ਤੇ ਅੱਤਿਆਚਾਰ ਬੰਦ ਨਹੀਂ ਹੁੰਦੇ ਤਾਂ ਸ਼ਾਇਦ ਦਲਿਤ ਲੋਕ ਦੇਸ਼ ਦੇ ਲਾਭ ਅਤੇ ਨੁਕਸਾਨ ਬਾਰੇ ਸੋਚੇ ਬਿਨਾਂ ਉਨ੍ਹਾਂ 'ਤੇ ਹੋ ਰਹੇ ਅਨਿਆਂ ਦਾ ਵਿਰੋਧ ਕਰਨ ਲਈ ਕਦਮ ਚੁੱਕਣਗੇ। ਸਾਨੂੰ ਆਪਣੇ ਨਿਆਂ ਲਈ ਲੜਨਾ ਪਵੇਗਾ। ਦਲਿਤ ਲੋਕਾਂ ਦੇ ਅਧਿਕਾਰਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਉੱਤੇ ਅੱਤਿਆਚਾਰ ਦਿਨ ਪ੍ਰਤੀ ਦਿਨ ਵਧ ਰਹੇ ਹਨ। ਜੇ ਇਹ ਸਥਿਤੀ ਤੁਰੰਤ ਨਹੀਂ ਬਦਲਦੀ, ਤਾਂ ਸਾਨੂੰ ਤੁਰੰਤ ਆਪਣੀ ਮੁਕਤੀ ਲਈ ਇੱਕ ਹੋਰ ਰਸਤਾ ਅਪਣਾਉਣਾ ਪਵੇਗਾ। ਜੇ ਤੁਸੀਂ ਸੋਚਦੇ ਹੋ ਕਿ ਅਸੀਂ ਨਿਡਰ ਨਹੀਂ ਹੋ ਰਹੇ ਅਤੇ ਆਪਣੇ ਹਿੱਤਾਂ ਦੀ ਰਾਖੀ ਕਰਨ ਦੇ ਸਮਰੱਥ ਨਹੀਂ ਹੋ ਰਹੇ,

"ਇਕੁਐਲਿਟੀ ਐਂਡ ਜਸਟਿਸ"
"Equality and Justice" ਸੁਤੰਤਰਤਾ, ਸਮਾਨਤਾ, ਭਾਈਚਾਰਾ

ਤਾਂ ਤੁਸੀਂ ਗਲਤ ਸੋਚ ਰਹੇ ਹੋ।

### ਬੁੱਧ ਫ਼ਲਸਫ਼ੇ ਨੂੰ ਅਪਣਾਉਣ ਨਾਲ ਸੰਸਾਰ ਯੁੱਧ ਤੋਂ ਦੂਰ ਅਤੇ ਸ਼ਾਂਤੀ ਦੇ ਨੇੜੇ ਹੋ ਜਾਵੇਗਾ।

ਨਵੀਂ ਦਿੱਲੀ ਵਿੱਚ ਐਤਵਾਰ, 15 ਫਰਵਰੀ, 1953 ਨੂੰ ਇੰਡੋ-ਜਪਾਨੀ ਸੱਭਿਆਚਾਰਕ ਸੰਗਠਨ ਦੇ ਸਕੱਤਰ ਆਯੂ ਮੂਰਤੀ ਅਤੇ ਉਨ੍ਹਾਂ ਦੀ ਪਤਨੀ ਆਯੂ ਰਾਜਭੋਜ ਨੇ ਇੱਕ ਸਮਾਰੋਹ ਆਯੋਜਿਤ ਕਰਕੇ ਡਾ. ਬਾਬਾ ਸਾਹਿਬ ਅੰਬੇਡਕਰ ਨੂੰ ਸਨਮਾਨਿਤ ਕੀਤਾ। ਇਸ ਸਮਾਗਮ ਵਿੱਚ ਡਾ. ਬਾਬਾ ਸਾਹਿਬ ਅੰਬੇਡਕਰ, ਆਯੁਸ਼ਮਤੀ ਮਾਈਸਾਹਬ ਅੰਬੇਡਕਰ, ਰੋਹਿਨੀ ਕੁਮਾਰ ਚੌਧਰੀ, ਜੇ. ਭੋਸਲੇ, ਐਮ. ਐਲ. ਏ. ਕ੍ਰਿਸ਼ਨਾ ਅਤੇ ਹੋਰ ਵਿਧਾਇਕ ਸ਼ਾਮਲ ਹੋਏ। ਇਸ ਮੌਕੇ 'ਤੇ ਆਯੁਸ਼ਮਾਨ ਬਾਪੂਸਾਹਿਬ ਰਾਜਭੋਜ ਨੇ ਆਪਣੀ ਜਪਾਨ ਯਾਤਰਾ ਦੀਆਂ ਕੁਝ ਯਾਦਾਂ ਸਾਂਝੀਆਂ ਕੀਤੀਆਂ। ਉਨ੍ਹਾਂ ਨੇ ਉੱਥੇ ਬੁੱਧ ਧਰਮ ਦੇ ਵਿਕਾਸ ਦੇ ਫ਼ਲਸਫ਼ੇ ਦਾ ਵਰਣਨ ਕੀਤਾ। ਉਨ੍ਹਾਂ ਨੇ ਆਯੁਸ਼ਮਾਨ ਮੂਰਤੀ ਅਤੇ ਉਨ੍ਹਾਂ ਦੀ ਸੰਸਥਾ ਦਾ ਉਨ੍ਹਾਂ ਦੇ ਅਥਾਹ ਸਮਰਥਨ ਲਈ ਧੰਨਵਾਦ ਕੀਤਾ।

ਇਸ ਮੌਕੇ 'ਤੇ ਸਤਿਕਾਰਯੋਗ ਡਾ. ਬਾਬਾ ਸਾਹਿਬ ਅੰਬੇਡਕਰ ਨੇ ਇੱਕ ਛੋਟਾ ਪਰ ਵਿਚਾਰਸ਼ੀਲ ਭਾਸ਼ਣ ਦਿੱਤਾ। ਉਸ ਨੇ ਕਿਹਾ –

ਅੱਜ ਦੁਨੀਆ ਲਈ ਅੱਗੇ ਵਧਣ ਦੇ ਸਿਰਫ ਦੋ ਰਸਤੇ ਹਨ, ਖ਼ਾਸਕਰ ਏਸ਼ੀਆਈ ਉਪ ਮਹਾਂਦੀਪ ਲਈ। ਇੱਕ ਬੁੱਧ ਦਾ ਤਰੀਕਾ ਹੈ ਅਤੇ ਦੂਜਾ ਮਾਰਕਸ ਦਾ ਤਰੀਕਾ ਹੈ। ਸਮੇਂ ਦੇ ਨਾਲ, ਜੇ ਸੰਸਾਰ ਬੁੱਧ ਦੁਆਰਾ ਦਿਖਾਏ ਮਾਰਗ 'ਤੇ ਨਹੀਂ ਚੱਲਦਾ, ਤਾਂ ਕਮਿਊਨਿਸਟ ਫ਼ਲਸਫ਼ੇ ਦੀ ਜਿੱਤ ਹੋਵੇਗੀ। ਅੱਜ ਦੁਨੀਆ ਲਈ ਬੁੱਧਦਰਸ਼ਨ ਦਾ ਇੱਕੋ-ਇੱਕ ਅਧਾਰ ਬਚਿਆ ਹੈ। ਇਹ ਜਿੰਨਾ ਜ਼ਿਆਦਾ ਫੈਲਦਾ ਹੈ, ਓਨਾ ਹੀ ਜ਼ਿਆਦਾ ਸੰਸਾਰ ਯੁੱਧ ਤੋਂ ਦੂਰ ਅਤੇ ਸ਼ਾਂਤੀ ਦੇ ਨੇੜੇ ਜਾਵੇਗਾ। ਕੇਵਲ ਬੁੱਧ ਦੇ ਵਿਚਾਰ ਹੀ ਸੰਸਾਰ ਨੂੰ ਵਿਨਾਸ਼ ਤੋਂ ਬਚਾ ਸਕਦੇ ਹਨ।

ਸਤਿਕਾਰਯੋਗ ਡਾ. ਬਾਬਾ ਸਾਹਿਬ ਅੰਬੇਡਕਰ ਦੇ ਭਾਸ਼ਣ ਦਾ ਮੌਜੂਦ ਲੋਕਾਂ ਉੱਤੇ ਬਹੁਤ ਪ੍ਰਭਾਵ ਪਿਆ। ਕੁਝ ਨੇ ਬੋਧੀ ਫ਼ਲਸਫ਼ੇ ਉੱਤੇ ਇੱਕ ਨਵਾਂ ਦ੍ਰਿਸ਼ਟੀਕੋਣ ਛੱਡ ਦਿੱਤਾ।

ਬਾਕੀ ਦਾ ਭਾਗ ਕੱਲ

# ਤਪਣ ਲੱਗਿਆ ਪੰਜਾਬ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਵਾਤਾਵਰਨ ਵਿੱਚ ਦਿਨੋਂ ਦਿਨ ਪੈਦਾ ਹੋ ਰਹੇ ਵਿਗਾੜ ਦਾ ਹੀ ਨਤੀਜਾ ਹੈ ਕਿ ਅੱਜ ਦੇ ਸਮੇਂ ਵਿੱਚ ਮੌਸਮ ਬਾਰੇ ਭਵਿੱਖਬਾਣੀ ਕਰਨੀ ਮੁਸ਼ਕਿਲ ਹੋ ਰਹੀ ਹੈ। ਕੁੱਝ ਥਾਵਾਂ ਤੇ ਧੁੱਪ, ਕਿਤੇ ਬਿਜਲੀ ਦਾ ਲਿਸ਼ਕਣਾ, ਕਿਤੇ ਵਰਖਾ ਅਤੇ ਕਿਤੇ ਸੋਕਾ ਮੌਸਮ ਦਾ ਵਿਗਾੜ ਹੈ।ਛੇ ਰੁੱਤਾਂ ਵਾਲੇ ਪੰਜਾਬ ਦੀ ਧਰਤੀ ਹੁਣ ਕੇਵਲ ਗਰਮੀ ਅਤੇ ਕੁੱਝ ਮਹੀਨੇ ਸਰਦੀ ਵਿੱਚ ਸਿਮਟ ਕੇ ਰਹਿ ਗਈ ਹੈ। ਪਿਛਲੇ ਕੁੱਝ ਸਾਲਾਂ ਤੋਂ ਠੰਡ ਦੇ ਮਹੀਨਿਆਂ ਵਿੱਚ ਵੀ ਕਮੀ ਦਰਜ ਕੀਤੀ ਗਈ।ਹੁਣ ਮਾਰਚ ਵਿੱਚ ਪੰਜਾਬ ਦੇ ਕੁੱਝ ਥਾਵਾਂ ਤੇ ਤਾਪਮਾਨ ਚੌਂਤੀ ਡਿਗਰੀ ਤੱਕ ਚਲਿਆ ਜਾਣਾ ਇਹ ਭਵਿੱਖਬਾਣੀ ਕਰਦਾ ਹੈ ਕਿ ਆਉਣ ਵਾਲੇ ਮਹੀਨੇ ਕਿੰਨੇ ਗਰਮ ਹੋ ਸਕਦੇ ਹਨ।ਹਰ ਸਾਲ ਪੈ ਰਹੀ ਗਰਮੀ ਪਿਛਲੇ ਸਾਲਾਂ ਦੇ ਰਿਕਾਰਡ ਤੋੜ ਰਹੀ ਹੈ।ਵਧ ਰਹੀ ਆਲਮੀ ਤਪਸ਼ ਨੇ ਮਨੁੱਖ ਦੇ ਨਾਲ ਨਾਲ ਫਸਲਾਂ ਅਤੇ ਜੀਵ ਜੰਤੂਆਂ ਨੂੰ ਵੀ ਪ੍ਰਭਾਵਿਤ ਕਰਕੇ ਜੀਵ ਵਿਭਿੰਨਤਾ ਲਈ ਖ਼ਤਰੇ ਪੈਦਾ ਕੀਤੇ ਹਨ।ਮਾਰਚ ਵਿੱਚ ਹੀ ਦਿਨੋਂ ਦਿਨ ਵਧ ਰਿਹਾ ਤਾਪਮਾਨ ਕਣਕ ਦੀ ਫ਼ਸਲ ਦੇ ਝਾੜ ਨੂੰ ਪ੍ਰਭਾਵਿਤ ਕਰ ਸਕਦਾ ਹੈ।ਗਰਮੀ ਦੇ ਨਾਲ ਨਾਲ ਮਾਰਚ ਮਹੀਨਿਆਂ ਵਿੱਚ ਹੀ ਮੱਛਰਾਂ ਦੀ ਦਸਤਕ ਨੇ ਪੱਖਿਆਂ ਅਤੇ ਕੂਲਰਾਂ ਨੂੰ ਤਿਆਰ ਕਰਨ ਦਾ ਸੰਕੇਤ ਦੇ ਦਿੱਤਾ ਹੈ। ਵਾਤਾਵਰਨ ਵਿੱਚ ਦਿਨੋਂ ਦਿਨ ਆ ਰਹੀ ਤਬਦੀਲੀ ਧਰਤੀ ਤੇ ਜੀਵਨ ਦੀ ਹੋਂਦ ਨੂੰ ਬਣਾਈ ਰੱਖਣ ਲਈ ਖ਼ਤਰਿਆਂ ਭਰਪੂਰ ਹੈ।ਪਾਣੀ ਦੇ ਸੋਮਿਆਂ ਦਾ ਪਲੀਤ ਹੋਣਾ,ਧਰਤੀ ਹੇਠਲੇ ਪਾਣੀ ਦਾ ਦਿਨੋਂ ਦਿਨ ਡੂੰਘਾ ਹੋਣਾ, ਰੁੱਖਾਂ ਦੀ ਕਟਾਈ ਅਤੇ ਜੰਗਲਾਂ ਨੂੰ ਪੈ ਰਹੀ ਅੱਗ,ਭੂ ਖ਼ੋਰ ਅਤੇ ਗਲੇਸ਼ੀਅਰਾਂ ਦਾ ਪਿਘਲਣਾ ਮਨੁੱਖ ਦੁਆਰਾ ਕੀਤੇ ਅਸ਼ੁੱਧੀ ਵਿਕਾਸ ਅਤੇ ਵਿਕਾਸ ਦੁਆਰਾ ਉਪਜੇ ਵਿਨਾਸ਼ ਦੀਆਂ ਨਿਸ਼ਾਨੀਆਂ ਹਨ। ਸਿਆਣੇ ਕਹਿੰਦੇ ਹਨ ਕਿ ਮੱਛੀ ਪੱਥਰ ਚੱਟ ਕੇ ਮੁੜਦੀ ਹੈ। ਮਨੁੱਖ ਵੀ ਕੁਦਰਤ ਵੱਲ ਵਾਪਿਸ ਪਰਤੇਗਾ। ਮਨੁੱਖ ਨੂੰ ਜਲਦ ਤੋਂ ਜਲਦ ਕੁਦਰਤ ਨਾਲ ਜੁੜਨਾ ਹੋਵੇਗਾ ਕਿਉਂਕਿ ਰਸਤਾ ਜਿੰਨਾ ਲੰਮਾ ਹੋਵੇਗਾ ਵਾਪਿਸੀ ਉਨੀ ਹੀ ਔਖੀ ਹੋਵੇਗੀ।ਰੁੱਖ ਵਾਤਾਵਰਣ ਦਾ ਹਿੱਸਾ ਹੀ ਨਹੀਂ ਧਰਤੀ ਦੇ ਫੇਫੜਿਆਂ ਦਾ ਵੀ ਕੰਮ ਕਰਦੇ ਹਨ। ਜਿਵੇਂ ਅਸੀਂ ਫੇਫੜਿਆਂ ਰਾਹੀਂ ਸਾਂਹ ਲੈਂਦੇਂ ਹਾਂ ਉਵੇਂ ਧਰਤੀ ਮਾਂ ਵੀ ਰੁੱਖਾਂ ਰਾਹੀਂ ਸਾਂਹ ਲੈਂਦੀ ਹੈ।ਹੁਣ ਜ਼ੇਕਰ ਰੁੱਖ ਨਾ ਰਹੇ ਤਾਂ ਧਰਤੀ ਮਾਂ ਵੀ ਸਰੁੱਖਿਅਤ ਨਹੀਂ ਰਹੇਗੀ। ਵਾਤਾਵਰਨ ਦਾ ਮੁੱਦਾ ਅਜੋਕੇ ਸਮੇਂ ਦਾ ਸਭ ਤੋਂ ਗੰਭੀਰ ਮੁੱਦਾ ਹੈ ਕਿਉਂਕਿ ਇਹ ਮਨੁੱਖ ਦੀ ਹੋਂਦ ਨਾਲ ਜੁੜਿਆ ਹੈ, ਜ਼ੇਕਰ ਅਜੇ ਵੀ ਅਸੀਂ ਵਾਤਾਵਰਨ ਪ੍ਰਤੀ ਜਾਗਰੂਕ ਹੋ ਕੇ ਇਸ ਨੂੰ ਬਚਾਉਣ ਵੱਲ ਧਿਆਨ ਨਾ ਦਿੱਤਾ ਤਾਂ ਧਰਤੀ ਤੇ ਜੀਵਨ ਦੀ ਹੋਂਦ ਮੁਸ਼ਕਿਲ ਹੀ ਨਹੀਂ ਸਗੋਂ ਅਸੰਭਵ ਹੋਵੇਗੀ।

ਰਜਵਿੰਦਰ ਪਾਲ ਸ਼ਰਮਾ- 7087367969

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਡਿਪਟੀ ਕਮਿਸ਼ਨਰ ਦਫਤਰ ਅੱਗੇ ਬਜਟ ਦੀਆਂ ਕਾਪੀਆਂ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਸੰਗਰੂਰ, 28 ਮਾਰਚ (ਜਗਸੀਰ ਲੌਂਗੋਵਾਲ ) -



ਪੰਜਾਬ ਦੇ ਖਜ਼ਾਨਾਂ ਮੰਤਰੀ ਹਰਪਾਲ ਸਿੰਘ ਚੀਮਾਂ ਵੱਲੋਂ 26 ਮਾਰਚ ਨੂੰ ਪੰਜਾਬ ਵਿਧਾਨ ਸਭਾ ਵਿੱਚ ਪੰਜਾਬ ਸਰਕਾਰ ਦੇ ਪੇਸ਼ ਕੀਤੇ ਗਏ ਚੌਥੇ ਬਜਟ ਵਿੱਚ ਪੰਜਾਬ ਦੇ ਸੱਤ ਲੱਖ ਮੁਲਾਜਮਾਂ, ਪੈਨਸ਼ਨਰਾਂ , ਕੱਚੇ,ਠੇਕਾ ਅਤੇ ਆਊਟ ਸੋਰਸ ਮੁਲਾਜਮਾਂ, ਸਕੀਮ ਵਰਕਰਾਂ ਜਿਵੇਂ ਕਿ ਆਸ਼ਾ ਵਰਕਰਾਂ, ਆਂਗਣਵਾੜੀ ਅਤੇ ਮਿਡ ਡੇਅ ਮੀਲ ਵਰਕਰਾਂ ਦੀਆਂ ਲੰਮੇਂ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰੀਆਂ ਕਰਨ ਬਾਰੇ ਕੋਈ ਵੀ ਜਿਕਰ ਨਹੀਂ ਕੀਤਾ ਗਿਆ ਸਿਰਫ ਅੰਕੜਿਆਂ ਦੀ ਖੇਡ ਖੇਡੀ ਗਈ ਹੈ । ਪੰਜਾਬ ਮੁਲਾਜਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੇਸ਼ ਕੀਤੇ ਗਏ ਚੌਥੇ ਬਜਟ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਵੱਖ ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਜਗਦੀਸ਼ ਸ਼ਰਮਾਂ, ਰਣਜੀਤ ਸਿੰਘ ਰਾਣਵਾਂ, ਬਿੱਕਰ ਸਿੰਘ ਸਿਬੀਆ,ਮੇਲਾ ਸਿੰਘ ਪੁੰਨਾਂਵਾਲ,ਸੀਤਾ ਰਾਮ ਸ਼ਰਮਾਂ,ਚਮਕੌਰ ਮਹਿਲਾਂ, ਜਗਦੇਵ ਸਿੰਘ ਤੁੰਗਾਂ,ਰਜਿੰਦਰ ਕੁਮਾਰ, ਦਰਸ਼ਨ ਸਿੰਘ ਭਿੰਡਰ, ਸੁਖਦੇਵ ਸਿੰਘ, ਹਰਜਿੰਦਰ ਸਿੰਘ, ਗੁਰਤੇਜ ਰਾਮ ਸ਼ਰਮਾਂ, ਹੰਸਰਾਜ ਦੀਦਾਰਗੜ੍ਹ ਆਦਿ ਆਗੂਆਂ ਨੇ ਕਿਹਾ ਕਿ ਇੱਕ ਪਾਸੇ ਵਿੱਤ ਮੰਤਰੀ ਪੰਜਾਬ ਆਪਣੇ ਬਜਟ ਭਾਸ਼ਨ ਵਿੱਚ ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਨੂੰ ਸਰਕਾਰੀ ਮਸ਼ੀਨਰੀ ਦੀ ਰੀੜ ਦੀ ਹੱਡੀ ਕਹਿ ਰਹੇ ਹਨ ਤੇ ਦੂਸਰੇ ਪਾਸੇ ਇਸ ਰੀੜ ਦੀ ਹੱਡੀ ਨੂੰ ਖੁਦ ਹੀ ਤੋੜਨ ਦਾ ਕਾਰਜ ਕਰ ਰਹੇ ਹਨ। ਆਗੂਆਂ ਨੇ ਦੋਸ਼ ਲਾਇਆ ਵਿੱਤ ਮੰਤਰੀ ਪੰਜਾਬ ਨੂੰ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਸਰਕਾਰੀ ਮੁਲਾਜ਼ਮਾਂ ਨਾਲ ਕੀਤਾ ਗਿਆ ਇਕਰਾਰਨਾਮਾਂ ਅੱਜ ਤੱਕ ਕਿਉਂ ਦਿਖਾਈ ਨਹੀਂ ਦਿੱਤਾ , ਪੰਜਾਬ ਦੇ ਲੱਖਾਂ ਮੁਲਾਜ਼ਮ ਅਤੇ ਪੈਨਸ਼ਨਰ ਇਸ ਸਮੇਂ ਕੇਂਦਰ ਅਤੇ ਹੋਰ ਕਈ ਰਾਜਾਂ ਨਾਲੋਂ 11 ਫੀਸਦੀ ਡੀ ਏ ਘੱਟ ਲੈ ਰਹੇ ਹਨ,ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਲਾਗੂ ਨਹੀਂ ਕੀਤਾ ਜਾ ਰਿਹਾ, ਛੇਵੇਂ ਤਨਖਾਹ ਕਮਿਸ਼ਨ ਦਾ ਬਣਦਾ ਬਕਾਇਆ ਪੰਜਾਬ ਸਰਕਾਰ ਨੇ ਲੀਰੋ ਲੀਰ ਕਰਕੇ ਰੱਖ ਦਿੱਤਾ ਹੈ, ਸਕੀਮ ਵਰਕਰਾਂ ਨਾਲ ਕੀਤਾ ਗਿਆ ਵਾਅਦਾ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ ਕਿਸੇ ਵੀ ਕੱਚੇ ਮੁਲਾਜ਼ਮ ਨੂੰ ਰੈਗੂਲਰ ਨਹੀਂ ਕੀਤਾ ਗਿਆ।, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਬੰਧੀ ਕੋਈ ਕਦਮ ਨਹੀਂ ਚੁੱਕਿਆ ਗਿਆ।ਅੱਜ ਇੱਥੇ ਮੁਲਾਜ਼ਮ ਅਤੇ ਪੈਨਸ਼ਨ ਵਿਰੋਧੀ ਬਜਟ ਦੀਆਂ ਕਾਪੀਆਂ ਸਾੜਕੇ ਰੋਸ ਪ੍ਰਦਰਸ਼ਨ ਕੀਤਾ ਗਿਆ ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

# ਹਿਰਾਸਤੀ ਤਸ਼ੱਦਦ ਅਤੇ ਭਾਰਤ ਦੀ ਉਦਾਸੀਨਤਾ

ਅਸ਼ਵਨੀ ਕੁਮਾਰ



ਸੰਜੇ ਭੰਡਾਰੀ ਹਵਾਲਗੀ ਕੇਸ (28 ਫਰਵਰੀ) ਵਿੱਚ ਲੰਡਨ ਹਾਈ ਕੋਰਟ ਦੇ ਡਿਵੀਜ਼ਨ ਬੈਂਚ ਵੱਲੋਂ ਹਵਾਲਗੀ ਖ਼ਿਲਾਫ਼ ਭਗੌੜੇ ਦੀ ਬਚਾਓ ਅਰਜ਼ੀ ਨੂੰ ਯੋਗ ਠਹਿਰਾਉਣਾ ਤੇ ਅਮਰੀਕੀ ਸੁਪਰੀਮ ਕੋਰਟ ’ਚ ਤਹੱਵੁਰ ਰਾਣਾ ਦੀ ਹਵਾਲਗੀ ਦੇ ਹੁਕਮ ਵਿਰੁੱਧ ਦਾਇਰ ਅਪੀਲ ’ਤੇ ਜਾਰੀ ਸੁਣਵਾਈ ਵੱਡੇ ਨਿਆਂਇਕ ਘਟਨਾਕ੍ਰਮ ਹਨ ਜਿਨ੍ਹਾਂ ਦੇ ਮੁਲਕ ’ਤੇ ਅਸਰ ਇਨ੍ਹਾਂ ਘਟਨਾਵਾਂ ਨਾਲੋਂ ਵੀ ਵੱਡੇ ਹਨ। ਉਮੀਦ ਹੈ ਕਿ ਇਹ ਮੁਕੱਦਮੇ ਸਰਕਾਰ ਨੂੰ ਹਲੂਣਾ ਦੇਣਗੇ ਕਿ ਉਹ ਤਸ਼ੱਦਦ ਵਿਰੁੱਧ ਵਿਆਪਕ ਕਾਨੂੰਨ ਬਣਾ ਕੇ ਮਾਨਵੀ ਹੱਕਾਂ ਦੇ ਰਖਵਾਲੇ ਵਜੋਂ ਭਾਰਤ ਦੇ ਦਾਅਵੇ ਨੂੰ ਪੱਕਾ ਕਰੇ ਅਤੇ ਦੇਸ਼ ਨੂੰ ਤਸ਼ੱਦਦ ਵਿਰੁੱਧ ਸੰਯੁਕਤ ਰਾਸ਼ਟਰ ਦੀ ਸੰਧੀ (ਯੂਐੱਨਸੀਏਟੀ/ਕਨਵੈਨਸ਼ਨ) ਪ੍ਰਵਾਨ ਕਰਨ ਲਈ ਪ੍ਰੇਰੇ।

ਸੰਜੇ ਭੰਡਾਰੀ ਟੈਕਸ ਚੋਰੀ ਤੇ ਮਨੀ ਲਾਂਡਰਿੰਗ ਦੇ ਦੋਸ਼ਾਂ ’ਚ ਭਾਰਤੀ ਸਰਕਾਰੀ ਵਕੀਲਾਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਤਹੱਵੁਰ ਰਾਣਾ ਦੀ 26/11 ਦੇ ਮੁੰਬਈ ਹਮਲਿਆਂ ’ਚ ਸਾਜ਼ਿਸ਼ਕਾਰ ਵਜੋਂ ਸ਼ਮੂਲੀਅਤ ਲਈ ਹਵਾਲਗੀ ਮੰਗੀ ਜਾ ਰਹੀ ਹੈ, ਰਾਣਾ ਦਾ ਬਚਾਅ ਦਰਅਸਲ ਭਾਰਤ ’ਚ ਹੁੰਦੇ ਹਿਰਾਸਤੀ ਤਸ਼ੱਦਦ ਦੇ ਭਰੋਸੇਯੋਗ ਸਬੂਤ ਪੇਸ਼ ਕਰ ਕੇ ਕੀਤਾ ਜਾ ਰਿਹਾ ਹੈ। ਭੰਡਾਰੀ ਦੇ ਕੇਸ ਵਿੱਚ ਜਸਟਿਸ ਹੋਲਰੋਇਡ ਤੇ ਸਟੇਨ ਨੇ ਹਵਾਲਗੀ ਬਾਰੇ ਭਾਰਤ ਸਰਕਾਰ ਦੀ ਅਰਜ਼ੀ ਪੜ੍ਹਦਿਆਂ ਦੇਖਿਆ ਕਿ ਭੰਡਾਰੀ ਨੂੰ ਭਾਰਤੀ ਜੇਲ੍ਹਾਂ ਵਿੱਚ ਹਿਰਾਸਤੀ ਤਸ਼ੱਦਦ ਦਾ ਗੰਭੀਰ ਖ਼ਤਰਾ ਹੈ ਤੇ ਇਹ ਕਿ ਭਾਰਤ ਨੇ ਅਜੇ ਤੱਕ ਯੂਐੱਨਸੀਏਟੀ ਨੂੰ ਨਹੀਂ ਸਵੀਕਾਰਿਆ। ਜੱਜਾਂ ਨੇ ਆਪਣੇ ਆਦੇਸ਼ ’ਚ ਜਿਹੜੇ ਸਬੂਤ ਜੋੜੇ ਹਨ, ਉਨ੍ਹਾਂ ’ਚ ਰਾਸ਼ਟਰਮੰਡਲ ਮਨੁੱਖੀ ਹੱਕਾਂ ਬਾਰੇ ਕਾਰਵਾਈ ਰਿਪੋਰਟ (ਅਕਤੂਬਰ 2018), ਐੱਨਸੀਏਟੀ ਦੀ ਭਾਰਤ ਵਿਚ ਤਸ਼ੱਦਦ ’ਤੇ 2020 ਦੀ ਸਾਲਾਨਾ ਰਿਪੋਰਟ, ਇੱਕਪਾਸੜ ਗ੍ਰਿਫ਼ਤਾਰੀ ’ਤੇ ਸੰਯੁਕਤ ਰਾਸ਼ਟਰ ਵਰਕਿੰਗ ਗਰੁੱਪ (ਯੂਐੱਨਡਬਲਿਊਜੀਏਡੀ) ਦਾ ਬਿਆਨ ਤੇ ਡੀਕੇ ਬਾਸੂ ਕੇਸ ਵਿੱਚ ਸੁਪਰੀਮ ਕੋਰਟ ਦਾ ਫ਼ੈਸਲਾ (1997) ਸ਼ਾਮਿਲ ਹਨ।

ਆਪਣੀ ਹਵਾਲਗੀ ’ਤੇ ਰੋਕ ਲਈ ਰਾਣਾ ਨੇ ਨਵੇਂ ਸਿਰਿਓਂ ਲਾਈ ਅਰਜ਼ੀ ’ਚ ਬਰਤਾਨੀਆ ਦੇ ਫ਼ੈਸਲੇ ਤੇ ਇਸ ਦੇ ਤਰਕਾਂ ਦਾ ਹਵਾਲਾ ਦਿੱਤਾ ਹੈ, ਭਾਰਤ ਨੂੰ ਹਵਾਲਗੀ ਵਿਰੁੱਧ ਪਾਈ ਉਸ ਦੀ ਹੈਬੀਅਸ ਕਾਰਪਸ ਪਟੀਸ਼ਨ ’ਤੇ ਸੁਣਵਾਈ ਅਜੇ ਚੱਲ ਰਹੀ ਹੈ। ਭਾਰਤੀ ਕਾਨੂੰਨ ਤੋਂ ਭਗੌੜੇ ਹੋਏ ਮੁਲਜ਼ਮਾਂ ਜਿਨ੍ਹਾਂ ’ਚ ਕਿਮ ਡੈਵੀ, ਜਗਤਾਰ ਜੌਹਲ, ਕ੍ਰਿਸਟੀਅਨ ਮਿਸ਼ੇਲ, ਮੇਹੁਲ ਚੋਕਸੀ ਤੇ ਨੀਰਵ ਮੋਦੀ ਸ਼ਾਮਿਲ ਹਨ, ਨੇ ਕਾਫ਼ੀ ਹੱਦ ਤੱਕ ਇਨ੍ਹਾਂ ਹੀ ਆਧਾਰਾਂ ’ਤੇ ਭਾਰਤ ਸਰਕਾਰ ਦੀਆਂ ਹਵਾਲਗੀ ਅਰਜ਼ੀਆਂ ਨੂੰ ਚੁਣੌਤੀ ਦਿੱਤੀ ਹੈ। ਇਸ ਨਾਲ ਕਾਨੂੰਨੀ ਖਲਾਅ ਉਜਾਗਰ ਹੋਇਆ ਹੈ, ਜਿਸ ਨੇ ਦੇਸ਼ ਦੇ ਅਪਰਾਧਕ ਨਿਆਂ ਢਾਂਚੇ ਦੀ ਪ੍ਰਭਾਵਸ਼ੀਲਤਾ ਨੂੰ ਦਾਅ ਉੱਤੇ ਲਾ ਦਿੱਤਾ ਹੈ।

ਸੰਧੀ ਨੂੰ ਅੰਗੀਕਾਰ ਕਰਨ ’ਚ ਭਾਰਤ ਸਰਕਾਰ ਦੀ ਨਾਕਾਮੀ ’ਤੇ ਸੰਯੁਕਤ ਰਾਸ਼ਟਰ ਦੀਆਂ ਵਿਸ਼ਵਵਿਆਪੀ ਮਿਆਦੀ ਸਮੀਖਿਆ ਬੈਠਕਾਂ ’ਚ ਤਿੱਖੀਆਂ ਟਿੱਪਣੀਆਂ ਕੀਤੀਆਂ ਗਈਆਂ ਹਨ, ਖ਼ਾਸ ਤੌਰ ’ਤੇ ਸਰਕਾਰ ਵੱਲੋਂ ਇਸ ਨੂੰ ਸਵੀਕਾਰਨ ਦਾ ਭਰੋਸਾ ਦੇ ਕੇ ਵੀ ਨਾ ਪ੍ਰਵਾਨ ਕਰਨ ’ਤੇ ਆਲੋਚਨਾਤਮਕ ਪ੍ਰਤੀਕਿਰਿਆ ਆਈ ਹੈ। ਸੰਯੁਕਤ ਰਾਸ਼ਟਰ ਮਹਾਸਭਾ ਵਿੱਚ ਤਸ਼ੱਦਦ ਵਿਰੁੱਧ ਸਭ ਤੋਂ ਪੁਰਾਣੇ ਕੁਝ ਐਲਾਨਨਾਮੇ ਭਾਰਤ ਵੱਲੋਂ ਆਰੰਭੇ ਗਏ ਸਨ ਤੇ ਇਸ ਨੇ ਤਸ਼ੱਦਦ ਵਿਰੁੱਧ ਕਈ ਹੋਰ ਕੌਮਾਂਤਰੀ ਸੰਧੀਆਂ ਨੂੰ ਸਵੀਕਾਰਿਆ ਵੀ ਹੈ, ਜਿਨ੍ਹਾਂ ’ਚ ਮਾਨਵੀ ਹੱਕਾਂ ’ਤੇ ਵਿਸ਼ਵਵਿਆਪੀ ਐਲਾਨਨਾਮਾ (1948) ਤੇ ਨਾਗਰਿਕ ਅਤੇ ਸਿਆਸੀ ਹੱਕਾਂ ਬਾਰੇ ਕੌਮਾਂਤਰੀ ਇਕਰਾਰਨਾਮਾ (1976) ਸ਼ਾਮਿਲ ਹਨ। ਯੂਐੱਨਸੀਏਟੀ ਨੂੰ ਸਵੀਕਾਰਨ ’ਚ ਸਰਕਾਰ ਦੀ ਦੁਬਿਧਾ ਸਮਝ ਤੋਂ ਪਰ੍ਹੇ ਹੈ। ਸੰਵਿਧਾਨ ਦੀ ਧਾਰਾ 51(ਸੀ) ਤੇ 253 ਉਨ੍ਹਾਂ ਕੌਮਾਂਤਰੀ ਸੰਧੀਆਂ ਲਈ ਸਤਿਕਾਰ ਦੀ ਗੱਲ ਕਰਦੇ ਹਨ ਜਿਨ੍ਹਾਂ ’ਚ ਭਾਰਤ ਇੱਕ ਧਿਰ ਹੈ (ਨਾਲਸਾ 2014, ਵਿਸ਼ਾਖਾ 1997 ਤੇ ਹੋਰ)। ਅਫ਼ਸੋਸ ਕਿ ਮਨੁੱਖੀ ਮਰਿਆਦਾ, ਨਿੱਜਤਾ ਤੇ ਆਜ਼ਾਦੀ ਦੇ ਆਲਮੀ ਮਾਨਤਾ ਪ੍ਰਾਪਤ ਹੱਕਾਂ ਪ੍ਰਤੀ ਸਪੱਸ਼ਟ ਵਚਨਬੱਧਤਾ ਰੱਖਣ ਦੇ ਬਾਵਜੂਦ, ਭਾਰਤ ਅਜੇ ਤੱਕ ਖ਼ੁਦ ਨੂੰ ਸੰਧੀ ਦੀ ਪੁਸ਼ਟੀ ਨਾ ਕਰਨ ਵਾਲੇ ਕਈ ਬਦਨਾਮ ਤੇ ਤਾਨਾਸ਼ਾਹ ਦੇਸ਼ਾਂ ਜਿਵੇਂ ਅੰਗੋਲਾ, ਬਰੂਨੇਈ, ਕੋਮੋਰੋਸ, ਗਾਂਬੀਆ, ਹੈਤੀ ਤੇ ਸੂਡਾਨ ਦੀ ਕਤਾਰ ਵਿੱਚ ਖੜ੍ਹਾ ਦੇਖ ਰਿਹਾ ਹੈ।



ਲੋਕਾਂ ਦੀਆਂ ਸੰਵੇਦਨਾਵਾਂ ਦੇ ਮੱਦੇਨਜ਼ਰ ਤਸ਼ੱਦਦ ਨੂੰ ਗ਼ੈਰ-ਕਾਨੂੰਨੀ ਐਲਾਨਣ ਲਈ ਵਿਆਪਕ ਰਾਜਨੀਤਕ ਸਹਿਮਤੀ ਨੂੰ ਦਰਸਾਉਂਦਿਆਂ ਰਾਜ ਸਭਾ ਦੀ ਚੋਣਵੀਂ ਕਮੇਟੀ ਨੇ 2010 ਵਿੱਚ ਹੀ ਤਸ਼ੱਦਦ ਵਿਰੋਧੀ ਕਾਨੂੰਨ ਬਣਾਉਣ ਦੀ ਸਿਫ਼ਾਰਿਸ਼ ਕੀਤੀ ਸੀ। ਲਾਅ ਕਮਿਸ਼ਨ ਨੇ ਵੀ ਆਪਣੀ 273ਵੀਂ ਰਿਪੋਰਟ (2017) ਵਿੱਚ ਸਰਕਾਰ ਦੇ ਧਿਆਨ ਹਿੱਤ ਤਜਵੀਜ਼ਸ਼ੁਦਾ ਕਾਨੂੰਨ ਦਾ ਖਰੜਾ ਪੇਸ਼ ਕੀਤਾ ਸੀ। ਭਾਰਤ ਦੇ ਮਨੁੱਖੀ ਅਧਿਕਾਰ ਕਮਿਸ਼ਨ ਨੇ ਤਸ਼ੱਦਦ ਵਿਰੁੱਧ ਇਸੇ ਤਰ੍ਹਾਂ ਦੇ ਵੱਖਰੇ ਕਾਨੂੰਨ ਦਾ ਪੱਖ ਪੂਰਿਆ ਹੈ। ਸੰਵਿਧਾਨ ਦੀ ਧਾਰਾ 21 ਦੀ ਵਿਸਤਾਰ ’ਚ ਵਿਆਖਿਆ ਕਰਦਿਆਂ ਸੁਪਰੀਮ ਕੋਰਟ ਨੇ ਤਾਕੀਦ ਕੀਤੀ ਹੈ ਕਿ ਤਸ਼ੱਦਦ ਕਿਸੇ ਵੀ ਰੂਪ ਵਿੱਚ ਮਰਿਆਦਾ ਤੇ ਨਿੱਜਤਾ ਦੇ ਪਾਵਨ ਹੱਕ ਦੀ ਨਾ-ਮਨਜ਼ੂਰ ਉਲੰਘਣਾ ਹੈ (ਡੀਕੇ ਬਾਸੂ 1997, ਪੁੱਟਾਸਵਾਮੀ 2017, ਨਾਂਬੀ ਨਾਰਾਇਣਨ 2018, ਰੋਮਿਲਾ ਥਾਪਰ 2018 ਕੇਸ)। ਇੱਥੋਂ ਤੱਕ ਕਿ ਅਸ਼ਵਨੀ ਕੁਮਾਰ (2019) ਮਾਮਲੇ ’ਚ, ਸਰਬਉੱਚ ਅਦਾਲਤ ਸਰਕਾਰ ਨੂੰ ਇਸ ਚੀਜ਼ ਲਈ ਵੀ ਹੁੱਝ ਮਾਰਨ ਦੇ ਕਾਬਿਲ ਨਹੀਂ ਬਣ ਸਕੀ ਕਿ ਉਹ ਲੋੜੀਂਦਾ ਕਾਨੂੰਨ ਬਣਾਉਣ ’ਤੇ ਵਿਚਾਰ ਕਰੇ, ਬਾਵਜੂਦ ਇਸ ਦੇ ਕਿ ਕਈ ਫ਼ੈਸਲਿਆਂ ਵਿੱਚ ਇਸ ਨੇ ਵੱਖ-ਵੱਖ ਵਿਸ਼ਿਆਂ ਉੱਤੇ ਢੁਕਵੇਂ ਕਾਨੂੰਨ ਬਣਾਉਣ ਦਾ ਸੁਝਾਅ ਦਿੱਤਾ ਹੈ (ਤਹਿਸੀਨ ਪੂਨਾਵਾਲਾ 2018, ਰਣਵੀਰ ਅਲਾਹਾਬਾਦੀਆ 2025 ਕੇਸ ਆਦਿ)। ਅਦਾਲਤ ਇਹ ਸਵੀਕਾਰਨ ’ਚ ਨਾਕਾਮ ਰਹੀ ਹੈ ਕਿ “ਕਾਨੂੰਨ ਦੀ ਘਾਟ ਸ਼ਾਇਦ ਕਾਨੂੰਨੀ ਹਕੀਕਤ ਦੇ ਸਿਧਾਂਤ ਦੇ ਉਲਟ ਹੈ”, ਕਿ “ਅਦਾਲਤ ਦਾ ਇਹ ਕੰਮ ਹੈ ਕਿ ਉਹ ਕਾਰਗਰ ਉਪਾਅ ਉਪਲੱਬਧ ਕਰਵਾਏ” ਤੇ ਇਹ ਵੀ ਕਿ “ਸੰਵਿਧਾਨਕ ਅਦਾਲਤਾਂ ਲਈ ਇਹ ਨਿਆਂਸੰਗਤ ਹੈ ਕਿ ਉਹ ਵਿਧਾਨਪਾਲਿਕਾ ਨੂੰ ਵਾਜਿਬ ਕਾਨੂੰਨ ਲਿਆਉਣ ’ਚ ਉਸ ਦੀ ਨਾਕਾਮੀ ਤੋਂ ਖ਼ਬਰਦਾਰ ਕਰਨ।”

ਸਾਇਰਾ ਬਾਨੋ ਕੇਸ (2017) ਵਿੱਚ ਵੀ ਖ਼ਬਰਦਾਰ ਕੀਤਾ ਗਿਆ ਸੀ ਕਿ ਸਰਕਾਰ ਦੇ ਬਾਕੀ ਅੰਗਾਂ ਦੀ ਉਦਾਸੀਨਤਾ ਜਾਂ ਦੁਚਿੱਤੀ ਕਾਰਨ ਸੰਵਿਧਾਨਕ ਹੱਕ ਖ਼ਤਰੇ ’ਚ ਪੈ ਸਕਦੇ ਹਨ, ਤਸ਼ੱਦਦ ਵਿਰੁੱਧ ਵਿਆਪਕ ਕਾਨੂੰਨ ਬਣਾਉਣ ਦਾ ਰਾਹ ਤਿਆਰ ਕਰਨ ਵਿੱਚ ਸਰਕਾਰ ਦੀ ਨਾਕਾਮੀ ਸਵੀਕਾਰਨ ਯੋਗ ਨਹੀਂ।

ਇਨ੍ਹਾਂ ਆਧਾਰਾਂ ’ਤੇ ਹਵਾਲਗੀ ਦੇ ਕੇਸ, ਲੋਕਰਾਜੀ ਮੁਲਕ ਵੱਲੋਂ ਆਪਣੀ ਗਹਿਰੀ ਸੰਵਿਧਾਨਕ ਤੇ ਆਲਮੀ ਵਚਨਬੱਧਤਾ ਪੂਰਨ ਬਾਰੇ ਬਹੁਤ ਮਹੱਤਵਪੂਰਨ ਤੇ ਵੱਡੇ ਸਵਾਲ ਖੜ੍ਹੇ ਕਰਦੇ ਹਨ। ਕੀ ਕਿਸੇ ਜਮਹੂਰੀ ਮੁਲਕ ਵੱਲੋਂ ਕੋਈ ਕਦਮ ਨਾ ਚੁੱਕਣਾ, ਕੌਮੀ ਸਰਬਸੰਮਤੀ ਰੱਖਦੇ ਬੁਨਿਆਦੀ ਮਾਨਵੀ ਮੁੱਦੇ ਪ੍ਰਤੀ ਨਿਰਲੱਜ ਤ੍ਰਿਸਕਾਰ ਦਾ ਮੁਜ਼ਾਹਰਾ ਨਹੀਂ। ਕਈ ਸਾਲਾਂ ਤੋਂ ਤਸ਼ੱਦਦ ਵਿਰੋਧੀ ਭਰੋਸੇਯੋਗ ਕਾਨੂੰਨ ਬਣਾਉਣ ਵਿੱਚ ਸਰਕਾਰ ਦੀ ਅਸਫਲਤਾ, ਜਮਹੂਰੀ ਕਾਰਕਾਂ ਵਜੋਂ ਸਾਡੀ ਰਾਜਨੀਤੀ ਦੀ ਕਮਜ਼ੋਰੀ ਤੇ ਸਿਆਸੀ ਧਿਰਾਂ ਦੀ ਉਦਾਸੀਨਤਾ ਦੀ ਨਿਸ਼ਾਨੀ ਹੈ ਜੋ ਗਣਰਾਜ ਦੀਆਂ ਬੁਨਿਆਦੀ ਕਦਰਾਂ-ਕੀਮਤਾਂ ਨੂੰ ਅੱਗੇ ਵਧਾਉਣ ਵਾਲੇ ਪ੍ਰਮੁੱਖ ਨੀਤੀਗਤ ਫ਼ੈਸਲੇ ਲੈਣ ’ਚ ਨਾਕਾਮ ਰਹੀਆਂ ਹਨ।

ਇਹ ਤਾਂ ਸਮਾਂ ਹੀ ਦੱਸੇਗਾ ਕਿ ਉੱਪਰ ਬਿਆਨੇ ਕੇਸ ਪ੍ਰੋਫੈਸਰ ਹੈਰਾਲਡ ਲਾਸਕੀ ਦੇ ਡੂੰਘੇ ਨਜ਼ਰੀਏ “ਵਿਚਾਰਾਂ ਨੂੰ ਫੁੱਟਣ ਲਈ ਉਨ੍ਹਾਂ ਘਟਨਾਵਾਂ ਦਾ ਇੰਤਜ਼ਾਰ ਕਰਨਾ ਪੈਂਦਾ ਹੈ ਜਿਹੜੇ ਉਨ੍ਹਾਂ ਨੂੰ ਜਨਮ ਦਿੰਦੇ ਹਨ” ਉੱਤੇ ਢੁੱਕਦੇ ਹਨ ਜਾਂ ਨਹੀਂ। ਗੁਆਂਟਾਨਾਮੋ ਬੇਅ ਦੇ ਮਾਮਲੇ ਤੋਂ ਸਬਕ ਸਿੱਖਦਿਆਂ ਕਿ ਸਰਕਾਰੀ ਹਿਰਾਸਤ ਵਿੱਚ ਤਸੀਹੇ ਲੋਕਤੰਤਰ ਦੀ ‘ਸੌਫਟ ਪਾਵਰ’ ਨੂੰ ਡੂੰਘੀ ਸੱਟ ਮਾਰ ਸਕਦੇ ਹਨ, ਭਾਰਤ ਸਰਕਾਰ ਤੋਂ ਇਹ ਆਸ ਕੀਤੀ ਜਾਂਦੀ ਹੈ ਕਿ ਉਹ ਸੰਧੀ ਉੱਤੇ ਸਹੀ ਪਾ ਕੇ ਗਣਰਾਜ ਦੇ ਬੁਨਿਆਦੀ ਸਿਧਾਂਤਾਂ ਦੀ ਪੁਸ਼ਟੀ ਕਰੇ। ਲੋਕਤੰਤਰ ਨਾਲ ਬੱਝੇ ਅਤੇ ਸੰਸਾਰ ਦੇ ਨੈਤਿਕ ਸਾਲਸ ਦੀ ਭੂਮਿਕਾ ਨਿਭਾ ਰਹੇ ਮੁਲਕ ਲਈ ਹੁਣ ਸਮਾਂ ਆ ਚੁੱਕਾ ਹੈ ਕਿ ਉਹ ਇਹ ਸਮਝੇ ਕਿ ਅਸਥਿਰ ਲੋਕਤੰਤਰ ਉੱਭਰ ਰਹੇ ਭਾਰਤ ਲਈ ਹਾਨੀਕਾਰਕ ਹੈ ਅਤੇ ਤਸ਼ੱਦਦ ਕਿਸੇ ਵੀ ਰੂਪ ਵਿੱਚ “... ਰੂਹ ’ਤੇ ਹੋਏ ਅਜਿਹੇ ਅਦਿੱਖ ਜ਼ਖ਼ਮ ਵਰਗਾ ਹੈ ਜਿਸ ਦਾ ਕੋਈ ਇਲਾਜ ਨਹੀਂ ਹੈ...”।

*ਲੇਖਕ ਸਾਬਕਾ ਕੇਂਦਰੀ ਕਾਨੂੰਨ ਤੇ ਨਿਆਂ ਮੰਤਰੀ ਹਨ।

# ਵ੍ਹਾਈਟ ਹਾਊਸ ’ਚ ਟਰੰਪ ਦੀ ਇਫ਼ਤਾਰ ਪਾਰਟੀ ’ਤੇ ਹੰਗਾਮਾ, ਮਹਿਮਾਨਾਂ ਦੀ ਸੂਚੀ ਦੇਖ ਕੇ ਅਮਰੀਕੀ ਮੁਸਲਮਾਨ ਭੜਕੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਵਾਸ਼ਿੰਗਟਨ: ਰਮਜ਼ਾਨ ਦੇ ਪਵਿੱਤਰ ਮਹੀਨੇ ਦੌਰਾਨ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵ੍ਹਾਈਟ ਹਾਊਸ ਵਿਚ ਪਹਿਲੀ ਇਫ਼ਤਾਰ ਪਾਰਟੀ ਦੀ ਮੇਜ਼ਬਾਨੀ ਕੀਤੀ। ਹਾਲਾਂਕਿ ਟਰੰਪ ਦੀ ਇਫ਼ਤਾਰ ਪਾਰਟੀ ਵਿਵਾਦਾਂ ਵਿਚ ਘਿਰੀ ਰਹੀ ਹੈ। ਅਮਰੀਕੀ ਮੁਸਲਿਮ ਸੰਸਦ ਮੈਂਬਰ ਇਸ ਇਫ਼ਤਾਰ ਪਾਰਟੀ ਤੋਂ ਨਾਰਾਜ਼ ਹਨ।

ਦਰਅਸਲ ਅਮਰੀਕੀ ਮੁਸਲਿਮ ਕਾਨੂੰਨਸਾਜ਼ਾਂ ਤੇ ਭਾਈਚਾਰਕ ਆਗੂਆਂ ਨੂੰ ਇਫ਼ਤਾਰ ਪਾਰਟੀ ਵਿਚ ਸੱਦਾ ਨਹੀਂ ਦਿਤਾ ਗਿਆ ਸੀ; ਇਸ ਦੀ ਬਜਾਏ ਮੁਸਲਿਮ ਦੇਸ਼ਾਂ ਦੇ ਵਿਦੇਸ਼ੀ ਰਾਜਦੂਤਾਂ ਨੂੰ ਇਫ਼ਤਾਰ ਡਿਨਰ ਵਿਚ ਸ਼ਾਮਲ ਹੋਣ ਲਈ ਸੱਦਾ ਦਿਤਾ ਗਿਆ ਸੀ। ਜ਼ਿਕਰਯੋਗ ਹੈ ਕਿ ਵ੍ਹਾਈਟ ਹਾਊਸ ਵਿਚ ਇਫ਼ਤਾਰ ਪਾਰਟੀ ਦਾ ਆਯੋਜਨ ਕਰਨ ਦੀ ਦੋ ਦਹਾਕੇ ਪੁਰਾਣੀ ਪਰੰਪਰਾ ਹੈ।

ਰਾਸ਼ਟਰਪਤੀ ਟਰੰਪ ਨੇ ਵ੍ਹਾਈਟ ਹਾਊਸ ਵਿਖੇ ਇਫਤਾਰ ਡਿਨਰ ਦੀ ਮੇਜ਼ਬਾਨੀ ਕਰਦੇ ਹੋਏ ਕਿਹਾ, ‘ਮੈਂ ਤੁਹਾਡਾ ਸਾਰਿਆਂ ਦਾ ਵ੍ਹਾਈਟ ਹਾਊਸ ਇਫ਼ਤਾਰ ਡਿਨਰ ਵਿਚ ਸਵਾਗਤ ਕਰਦਾ ਹਾਂ। ਇਸ ਮੁੱਦੇ ਵਿਰੁਧ ਕਈ ਮੁਸਲਿਮ ਨਾਗਰਿਕ ਅਧਿਕਾਰ ਸਮੂਹਾਂ ਨੇ ਵ੍ਹਾਈਟ ਹਾਊਸ ਦੇ ਬਾਹਰ ਵਿਰੋਧ ਪ੍ਰਦਰਸ਼ਨ ਕੀਤਾ। ਮੁਸਲਿਮ ਆਗੂਆਂ ਨੇ ਟਰੰਪ ਦੀ ਇਸ ਇਫ਼ਤਾਰ ਪਾਰਟੀ ਦਾ ਵਿਰੋਧ ਕੀਤਾ। ਇਕ



ਪ੍ਰਦਰਸ਼ਨਕਾਰੀ ਨੇ ਕਿਹਾ ਕਿ ਇਹ ਡੋਨਾਲਡ ਟਰੰਪ ਦਾ ਇੱਕ ਤਰ੍ਹਾਂ ਦਾ ਪਖੰਡ ਹੈ। ਇੱਕ ਪਾਸੇ ਉਹ ਦੇਸ਼ ਵਿਚ ਮੁਸਲਮਾਨਾਂ ਦੇ ਦਾਖ਼ਲੇ ’ਤੇ ਪਾਬੰਦੀ ਲਗਾਉਂਦੇ ਹਨ ਅਤੇ ਦੂਜੇ ਪਾਸੇ ਉਹ ਇਫ਼ਤਾਰ ਪਾਰਟੀ ਦਾ ਆਯੋਜਨ ਕਰਦੇ ਹਨ।

# ਬੈਂਕਾਕ ‘ਚ ਭਾਰਤੀ ਦੂਤਾਵਾਸ ਥਾਈਲੈਂਡ ‘ਚ ਭਾਰਤੀ ਨਾਗਰਿਕਾਂ ਲਈ ਐਮਰਜੈਂਸੀ ਨੰਬਰ ਜਾਰੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਨਵੀਂ ਦਿੱਲੀ: ਬੈਂਕਾਕ ਵਿਚ ਭਾਰਤੀ ਦੂਤਾਵਾਸ, ਥਾਈਲੈਂਡ ਵਿਚ ਭਾਰਤੀ ਨਾਗਰਿਕਾਂ ਲਈ ਇਕ ਐਮਰਜੈਂਸੀ ਨੰਬਰ +66 618819218 ਜਾਰੀ ਕੀਤਾ ਹੈ, ਜਿਸ ਦੀ ਵਰਤੋਂ ਉਹ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿਚ ਕਰ ਸਕਦੇ ਹਨ। ਬੈਂਕਾਕ ਅਤੇ ਥਾਈਲੈਂਡ ਦੇ ਹੋਰ ਹਿੱਸਿਆਂ ਵਿਚ ਦਰਜ ਕੀਤੇ ਗਏ ਸ਼ਕਤੀਸ਼ਾਲੀ ਭੂਚਾਲ ਦੇ ਝਟਕਿਆਂ ਤੋਂ ਬਾਅਦ ਦੂਤਾਵਾਸ ਥਾਈ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸਥਿਤੀ ’ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ।

ਹੁਣ ਤੱਕ, ਕਿਸੇ ਵੀ ਭਾਰਤੀ ਨਾਗਰਿਕ ਨਾਲ ਸਬੰਧਤ ਕੋਈ ਅਣਸੁਖਾਵੀਂ ਘਟਨਾ ਦੀ ਰਿਪੋਰਟ ਨਹੀਂ ਕੀਤੀ ਗਈ। ਬੈਂਕਾਕ ਵਿਚ ਭਾਰਤੀ ਦੂਤਾਵਾਸ ਅਤੇ ਚਿਆਂਗ ਮਾਈ ਵਿਚ ਕੌਂਸਲੇਟ ਦੇ ਸਾਰੇ ਮੈਂਬਰ ਸੁਰੱਖਿਅਤ ਹਨ।

ਸਫ਼ਾ 2 ਦੀ ਖਬਰ ਦਾ ਬਾਕੀ ਹਿੱਸਾ

ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ. ਅਲਵਿੰਦਰਪਾਲ ਸਿੰਘ ਪੱਖੋਕੇ, ਬੀਬੀ ਜਗੀਰ ਕੌਰ, ਮੈਂਬਰ ਸ. ਅਮਰੀਕ ਸਿੰਘ ਜਨੈਤਪੁਰ, ਸ. ਹਰਪਾਲ ਸਿੰਘ ਪਾਲੀ, ਬੀਬੀ ਅਮਰਜੀਤ ਕੌਰ, ਸ. ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਸ. ਜਗਸੀਰ ਸਿੰਘ ਮਾਗੇਆਣਾ, ਸ. ਗੁਰਪਾਲ ਸਿੰਘ ਗੋਰਾ, ਬੀਬੀ ਕਿਰਨਵੀਰ ਕੌਰ, ਸ. ਨਤਵੇਜ ਸਿੰਘ ਕਾਉਣੀ, ਸ. ਕੌਰ ਸਿੰਘ ਬਹਾਵਵਾਲਾ, ਬੀਬੀ ਪਰਮਿੰਦਰ ਕੌਰ, ਸ. ਸੂਬਾ ਸਿੰਘ ਡੱਬਵਾਲਾ, ਸ. ਦਰਸ਼ਨ ਸਿੰਘ ਬਰਾੜ, ਸ. ਪ੍ਰੀਤਮ ਸਿੰਘ ਮਲਸੀਹਾਂ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਬਲਵਿੰਦਰ ਸਿੰਘ ਭੰਮਾਂਲੰਡਾ, ਸ. ਸਤਪਾਲ ਸਿੰਘ ਤਲਵੰਡੀ ਭਾਈ, ਬੀਬੀ ਜਸਵਿੰਦਰ ਕੌਰ ਜ਼ੀਰਾ, ਸ. ਗੁਰਮੀਤ ਸਿੰਘ ਬੂਹ, ਬੀਬੀ ਨਰਿੰਦਰ ਕੌਰ, ਸ. ਗੁਰਮੇਲ ਸਿੰਘ ਸੰਗਤਪੁਰਾ, ਸ. ਤਰਸੇਮ ਸਿੰਘ ਰੱਤੀਆਂ, ਬੀਬੀ ਜਸਵਿੰਦਰ ਕੌਰ, ਬੀਬੀ ਗੁਰਿੰਦਰ ਕੌਰ ਭੋਲੂਵਾਲਾ, ਸ. ਮੇਜਰ ਸਿੰਘ ਮਹਿਰਾਜ, ਬੀਬੀ ਜਸਪਾਲ ਕੌਰ, ਬੀਬੀ ਜੋਗਿੰਦਰ ਕੌਰ ਬਠਿੰਡਾ, ਸ. ਮੋਹਨ ਸਿੰਘ ਬੰਗੀ, ਸ. ਸੁਰਜੀਤ ਸਿੰਘ ਰਾਏਪੁਰ, ਸ. ਮਿੱਠੂ ਸਿੰਘ ਕਾਹਨੇਕੇ, ਬਾਬਾ ਬੂਟਾ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਬੀਬੀ ਪਰਮਜੀਤ ਕੌਰ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਬੀਬੀ ਜਸਪਾਲ ਕੌਰ, ਸ. ਮਲਕੀਤ ਸਿੰਘ ਚੰਗਾਲ, ਸ. ਬਲਦੇਵ ਸਿੰਘ ਚੂੰਘਾ, ਸੰਤ ਬਲਬੀਰ ਸਿੰਘ ਘੁੰਨਸ, ਬੀਬੀ ਸ਼ਰਨਜੀਤ ਕੌਰ, ਸ. ਭੁਪਿੰਦਰ ਸਿੰਘ ਭਲਵਾਨ, ਸ. ਹਰਦੇਵ ਸਿੰਘ ਰੋਂਗਲਾ, ਬੀਬੀ ਮਲਕੀਤ ਕੌਰ ਕਮਾਲਪੁਰ, ਬੀਬੀ ਹਰਦੀਪ ਕੌਰ, ਸ. ਸਤਵਿੰਦਰ ਸਿੰਘ ਟੌਹੜਾ, ਸ. ਜਰਨੈਲ ਸਿੰਘ ਕਰਤਾਰਪੁਰ, ਬੀਬੀ ਕੁਲਦੀਪ ਕੌਰ ਟੌਹੜਾ, ਸ. ਨਿਰਮੈਲ ਸਿੰਘ ਜੌਲਾਂ, ਬਾਬਾ ਗੁਰਪ੍ਰੀਤ ਸਿੰਘ, ਸ. ਅਵਤਾਰ ਸਿੰਘ ਰਿਆ, ਸ. ਦਵਿੰਦਰ ਸਿੰਘ ਖੱਟੜਾ, ਸ. ਰਘਬੀਰ ਸਿੰਘ ਸਹਾਰਨ ਮਾਜਰਾ, ਸ. ਚਰਨ ਸਿੰਘ ਆਲਮਗੀਰ, ਸ. ਹਰਪਾਲ ਸਿੰਘ ਜੱਲਾ, ਸ. ਗੁਰਪ੍ਰੀਤ ਸਿੰਘ ਗਰਚਾ, ਸ. ਜਗਜੀਤ ਸਿੰਘ ਤਲਵੰਡੀ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਕੇਵਲ ਸਿੰਘ ਬਾਦਲ, ਸ. ਬਲਵਿੰਦਰ ਸਿੰਘ ਬੈਂਸ, ਬੀਬੀ ਰਜਿੰਦਰ ਕੌਰ, ਸ. ਰਣਜੀਤ ਸਿੰਘ ਮੰਗਲੀ, ਸ. ਸਰਬੰਸ ਸਿੰਘ ਮਾਣਕੀ, ਬੀਬੀ ਹਰਜਿੰਦਰ ਕੌਰ, ਸ. ਗੁਰਬਖ਼ਸ਼ ਸਿੰਘ ਖਾਲਸਾ, ਸ. ਸੁਖਦੇਵ ਸਿੰਘ ਭੌਰ, ਬੀਬੀ ਦਵਿੰਦਰ ਕੌਰ ਕਾਲੜਾ, ਸ. ਰਣਜੀਤ ਸਿੰਘ ਕਾਹਲੋਂ, ਬੀਬੀ ਗੁਰਪ੍ਰੀਤ ਕੌਰ, ਸ. ਬਲਜੀਤ ਸਿੰਘ ਜਲਾਲਉਸਮਾਂ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਬਲਵਿੰਦਰ ਸਿੰਘ ਵੇਂਈਪੂਈਂ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਬੀਬੀ ਹਰਜਿੰਦਰ ਕੌਰ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਗੁਰਿੰਦਰਪਾਲ ਸਿੰਘ ਰਣੀਕੇ, ਸ. ਹਰਜਾਪ ਸਿੰਘ ਸੁਲਤਾਨਵਿੰਡ, ਭਾਈ ਰਾਜਿੰਦਰ ਸਿੰਘ ਮਹਿਤਾ, ਸ. ਬਾਵਾ ਸਿੰਘ ਗੁਮਾਨਪੁਰਾ, ਬੀਬੀ ਕਿਰਨਜੋਤ ਕੌਰ, ਸ. ਸੁਰਜੀਤ ਸਿੰਘ ਭਿੱਟੇਵੱਡ, ਬੀਬੀ ਬਲਵਿੰਦਰ ਕੌਰ ਲੋਪੋਕੇ, ਸ. ਜੋਧ ਸਿੰਘ ਸਮਰਾ, ਬੀਬੀ ਸਵਰਨ ਕੌਰ ਤੇੜਾ, ਸ. ਅਮਰਜੀਤ ਸਿੰਘ ਬੰਡਾਲਾ, ਸ. ਭਗਵੰਤ ਸਿੰਘ ਸਿਆਲਕਾ, ਸ. ਗੁਰਿੰਦਰਪਾਲ ਸਿੰਘ ਗੋਰਾ, ਸ. ਗੁਰਨਾਮ ਸਿੰਘ ਜੱਸਲ, ਸ. ਅਮਰੀਕ ਸਿੰਘ ਸ਼ਾਹਪੁਰ, ਬੀਬੀ ਜੋਗਿੰਦਰ ਕੌਰ, ਬੀਬੀ ਜਸਵੀਰ ਕੌਰ ਜੱਫਰਵਾਲ, ਸ. ਰਵਿੰਦਰ ਸਿੰਘ ਚੱਕ, ਸ. ਸੁਰਿੰਦਰ ਸਿੰਘ ਠੇਕੇਦਾਰ, ਸ. ਜੰਗ ਬਹਾਦਰ ਸਿੰਘ ਰਾਏ, ਭਾਈ ਅਮਰਜੀਤ ਸਿੰਘ ਚਾਵਲਾ, ਸ. ਪਰਮਜੀਤ ਸਿੰਘ ਲੱਖੇਵਾਲ, ਸ. ਅਜਮੇਰ ਸਿੰਘ ਖੇੜਾ, ਸ. ਚਰਨਜੀਤ ਸਿੰਘ ਕਾਲੇਵਾਲ, ਬੀਬੀ ਪਰਮਜੀਤ ਕੌਰ ਲਾਂਡਰਾਂ, ਭਾਈ ਰਾਮ ਸਿੰਘ, ਸ. ਜਗਤਾਰ ਸਿੰਘ ਰੋਡੇ, ਸ. ਸੁਰਜੀਤ ਸਿੰਘ ਕੰਗ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਸ. ਗੁਰਮਿੰਦਰ ਸਿੰਘ ਮਠਾਰੂ, ਬੀਬੀ ਸੁਖਵਿੰਦਰ ਕੌਰ ਸਮੇਤ ਓਐਸਡੀ ਸ. ਸਤਬੀਰ ਸਿੰਘ ਧਾਮੀ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ ਆਦਿ ਹਾਜ਼ਰ ਸਨ।

# ਬੇਰੁਜ਼ਗਾਰੀ – ਇੱਕ ਗੰਭੀਰ ਸਮੱਸਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ,ਕੋਟਗੁਰੂ

ਬੇਰੁਜ਼ਗਾਰੀ ਅੱਜ ਦੇ ਸਮੇਂ ਦੀ ਇੱਕ ਵੱਡੀ ਸਮੱਸਿਆ ਬਣੀ ਹੋਈ ਹੈ।ਇਹ ਸਮੱਸਿਆ ਖਾਸ ਤੌਰ 'ਤੇ ਵਿਕਾਸਸ਼ੀਲ ਦੇਸ਼ਾਂ ਵਿੱਚ ਬਹੁਤ ਗੰਭੀਰ ਰੂਪ ਧਾਰਣ ਕਰ ਰਹੀ ਹੈ। ਭਾਰਤ ਅਤੇ ਖ਼ਾਸ ਕਰਕੇ ਪੰਜਾਬ ਵਿੱਚ ਵੀ ਨੌਜਵਾਨ ਵਧਦੀ ਬੇਰੁਜ਼ਗਾਰੀ ਕਾਰਨ ਬੇਹੱਦ ਪਰੇਸ਼ਾਨ ਹਨ। ਬੇਰੁਜ਼ਗਾਰੀ ਦੇ ਕਈ ਮੁੱਖ ਕਾਰਨ ਹਨ। ਸਭ ਤੋਂ ਪਹਿਲਾ ਕਾਰਨ ਵਧਦੀ ਆਬਾਦੀ ਹੈ। ਹਰ ਸਾਲ ਲੱਖਾਂ ਵਿਦਿਆਰਥੀ ਪੜ੍ਹਾਈ ਪੂਰੀ ਕਰਦੇ ਹਨ, ਪਰ ਉਨ੍ਹਾਂ ਲਈ ਨੌਕਰੀਆਂ ਉਪਲਬਧ ਨਹੀਂ ਹੁੰਦੀਆਂ। ਦੂਜਾ ਮੁੱਖ ਕਾਰਨ ਸਿੱਖਿਆ ਪ੍ਰਣਾਲੀ ਦੀ ਕਮਜ਼ੋਰੀ ਹੈ, ਜਿਸ ਵਿੱਚ ਵਿਦਿਆਰਥੀਆਂ ਨੂੰ ਥਿਊਰੀ ਦੇ ਤੌਰ 'ਤੇ ਗਿਆਨ ਤਾਂ ਮਿਲਦਾ ਹੈ ਪਰ ਪ੍ਰੈਕਟੀਕਲ ਹੁਨਰ ਨਹੀਂ ਸਿਖਾਇਆ ਜਾਂਦਾ। ਉਦਯੋਗ ਅਤੇ ਖੇਤੀਬਾੜੀ ਖੇਤਰ ਵਿੱਚ ਵੀ ਨੌਕਰੀਆਂ ਦੀ ਘਾਟ ਹੈ, ਜਿਸ ਕਾਰਨ ਨੌਜਵਾਨਾਂ ਨੂੰ ਵਿਦੇਸ਼ ਜਾਣਾ ਪੈਂਦਾ ਹੈ।ਬੇਰੁਜ਼ਗਾਰੀ ਨੂੰ ਘਟਾਉਣ ਲਈ ਸਰਕਾਰ ਨੂੰ ਨਵੇਂ ਉਦਯੋਗ ਲਗਾਉਣੇ ਚਾਹੀਦੇ ਹਨ। ਤਕਨੀਕੀ ਸਿੱਖਿਆ ਨੂੰ ਵਧਾਵਣਾ ਚਾਹੀਦਾ ਹੈ ਤਾਂ ਜੋ ਵਿਦਿਆਰਥੀ ਕਿਸੇ ਨਾ ਕਿਸੇ ਵਿਸ਼ੇਸ਼ ਹੁਨਰ ਵਿੱਚ ਨਿਪੁੰਨ ਹੋਣ। ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਖੁਦ ਦਾ ਕਾਰੋਬਾਰ ਸ਼ੁਰੂ ਕਰਨ ਲਈ ਸਰਕਾਰੀ ਸਹਾਇਤਾ ਅਤੇ ਲੋਨ ਉਪਲਬਧ ਹੋਣੇ ਚਾਹੀਦੇ ਹਨ।ਜੇਕਰ ਬੇਰੁਜ਼ਗਾਰੀ ਦੀ ਸਮੱਸਿਆ ਦਾ ਹੱਲ ਨਾ ਕੀਤਾ ਗਿਆ, ਤਾਂ ਇਹ ਸਮਾਜ ਲਈ ਗੰਭੀਰ ਨਤੀਜੇ ਲਿਆ ਸਕਦੀ ਹੈ। ਇਸੇ ਲਈ, ਸਰਕਾਰ ਅਤੇ ਨੌਜਵਾਨਾਂ ਨੂੰ ਮਿਲਕੇ ਇਸ ਸਮੱਸਿਆ ਨੂੰ ਦੂਰ ਕਰਨ ਦੇ ਉਪਰਾਲੇ ਕਰਨੇ ਚਾਹੀਦੇ ਹਨ, ਤਾਂ ਜੋ ਹਰੇਕ ਵਿਅਕਤੀ ਸੁਖੀ ਤੇ ਆਤਮਨਿਰਭਰ ਜੀਵਨ ਬਿਤਾ ਸਕੇ। ਬੇਰੁਜ਼ਗਾਰੀ ਇਕ ਸਰਾਪ ਹੈ ਕਿਉਂਕਿ 'ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ। ਬੇਰੁਜ਼ਗਾਰ ਵਿਅਕਤੀ ਨੇ ਵੀ ਜ਼ਿੰਦਗੀ ਦੀਆਂ ਲੋੜਾਂ ਦੀ ਪੂਰਤੀ ਕਰਨੀ ਹੀ ਹੁੰਦੀ ਹੈ। ਜੇ ਉਸ ਨੂੰ ਕੋਈ ਕੰਮ-ਧੰਦਾ ਨਹੀਂ ਮਿਲਦਾ ਤਾਂ ਉਹ ਬੁਰੀਆਂ ਆਦਤਾਂ ਦਾ ਸ਼ਿਕਾਰ ਹੋ ਜਾਂਦਾ ਹੈ। ਚੋਰੀਆਂ ਕਰਨੀਆਂ, ਡਾਕੇ ਮਾਰਨੇ, ਲੁੱਟਾਂ-ਖੋਹਾਂ ਕਰਨੀਆਂ ਆਦਿ ਨਾਲ ਕੁਰਾਹੇ ਪੈ ਜਾਂਦਾ ਹੈ । ਇਹ ਇਕ ਸਮੱਸਿਆ ਆਪਣੇ ਨਾਲ ਕਈ ਸਮੱਸਿਆਵਾਂ ਤੇ ਬੁਰਾਈਆਂ ਨੂੰ ਲੈ ਕੇ ਆਉਂਦੀ ਹੈ। ਅੱਜ ਸਾਡੇ ਦੇਸ਼ ਦੀ ਹਾਲਤ ਅਜਿਹੀ ਹੈ ਕਿ ਸਰਕਾਰ ਲਈ ਇਸ ਨੂੰ ਖ਼ਤਮ ਕਰਨਾ ਤਾਂ ਇਕ ਪਾਸੇ ਰਿਹਾ, ਠੱਲ੍ਹ ਪਾਉਣਾ ਵੀ ਮੁਸ਼ਕਲ ਹੋ ਗਿਆ ਹੈ। ਇੱਥੇ ਕਰੋੜਾਂ ਹੀ ਨੌਜਵਾਨ ਰੁਜ਼ਗਾਰ ਤੋਂ ਬਿਨਾਂ ਧੱਕੇ ਖਾਂਦੇ ਫਿਰ ਰਹੇ ਹਨ, ਨੌਕਰੀਆਂ ਲਈ ਭਟਕ ਰਹੇ ਹਨ ਤੇ ਮਾਯੂਸੀ ਕਾਰਨ ਨਸ਼ਿਆਂ ਦਾ ਸਹਾਰਾ ਲੈਂਦੇ ਹਨ। ਬੇਰੁਜ਼ਗਾਰ ਤਿੰਨ ਤਰ੍ਹਾਂ ਦੇ ਹੁੰਦੇ ਹਨ। ਇਕ ਪੜ੍ਹੇ-ਲਿਖੇ, ਦੂਜੇ ਅਨਪੜ੍ਹ ਜਾਂ ਹੁਨਰ-ਰਹਿਤ ਅਤੇ ਤੀਜੇ ਮੌਸਮੀ ਜਾਂ ਅਸਥਾਈ ਬੇਰੁਜ਼ਗਾਰ । ਪੜ੍ਹੇ-ਲਿਖੇ ਯੂਨੀਵਰਸਿਟੀਆਂ ਦੀਆਂ ਡਿਗਰੀਆਂ ਪ੍ਰਾਪਤ ਕਰਕੇ ਵੀ ਨੌਕਰੀ ਲਈ ਥਾਂ-ਥਾਂ ਰੁਲਦੇ ਫਿਰਦੇ ਹਨ। ਇਸ ਵਰਗ ਵਿਚ ਹੁਨਰਮੰਦ ਵਿਹਲੜ ਵੀ ਆ ਜਾਂਦੇ ਹਨ ਜਿਨ੍ਹਾਂ ਕੋਲ ਸਨਅਤੀ ਸੰਸਥਾਵਾਂ ਦੇ ਸਰਟੀਫਿਕੇਟ ਵੀ ਹੁੰਦੇ ਹਨ ਜਿਵੇਂ ਖ਼ਰਾਦੀਏ, ਮਕੈਨਿਕ ਤੇ ਇਲੈਕਟ੍ਰੀਸ਼ਨ ਆਦਿ। ਦੂਜੇ ਅਨਪੜ੍ਹ ਬੇਰੁਜ਼ਗਾਰ ਤਾਂ ਹੱਥੀਂ ਮਿਹਨਤ ਕਰਨ ਵਾਲੇ ਹੁੰਦੇ ਹਨ। ਤੀਜੇ, ਮੌਸਮੀ ਜਾਂ -ਅਸਥਾਈ ਬੇਰੁਜ਼ਗਾਰ ਜਿਵੇਂ ਕੁਲਫੀਆਂ ਵੇਚਣ ਵਾਲੇ ਜਾਂ ਵਾਹੀ ਕਰਨ ਵਾਲੇ। ਸਾਡੇ ਦੇਸ਼ ਵਿਚ ਬੇਰੁਜ਼ਗਾਰ ਸ਼ਾਇਦ ਸਭ ਦੇਸ਼ਾਂ ਨਾਲੋਂ ਵੱਧ ਹਨ। ਅਸਲ ਵਿਚ ਬੇਰੁਜ਼ਗਾਰੀ ਦਾ ਕਾਰਨ ਆਧੁਨਿਕ ਮਸ਼ੀਨੀਕਰਨ ਹੈ। ਮਸ਼ੀਨਾਂ ਨੇ ਆਦਮੀਆਂ ਦੀ ਲੋੜ ਨੂੰ ਘਟਾ ਦਿੱਤਾ ਹੈ। ਇਕ ਮਸ਼ੀਨ ਹੀ ਕਈ-ਕਈ ਵਿਅਕਤੀਆਂ ਦੇ ਹਿੱਸੇ ਦਾ ਕੰਮ ਕਰ ਰਹੀ ਹੈ। ਇੰਜ ਹੱਥੀਂ ਕੰਮ ਕਰਨ ਵਾਲੇ ਵਿਹਲੇ ਹੋ ਗਏ ਹਨ। ਇਨ੍ਹਾਂ ਦਾ ਕੋਈ ਬਦਲ ਨਾ ਹੋਣ ਕਾਰਨ ਇਹ ਵਿਹਲੇ ਹੀ ਰਹਿੰਦੇ ਹਨ ਜਿਵੇਂ ਖੇਤੀਬਾੜੀ ਵਿਚ ਵੀ ਟ੍ਰੈਕਟਰ, ਮਸ਼ੀਨਾਂ ਆਉਣ ਨਾਲ ਕਾਮੇ ਵਿਹਲੇ ਹੋ ਗਏ ਹਨ। ਹਰ ਕਿੱਤੇ ਦਾ ਮਸ਼ੀਨੀਕਰਨ ਹੋ ਗਿਆ ਹੈ। ਬੇਰੁਜ਼ਗਾਰੀ ਵਧਣ ਦਾ ਕਾਰਨ ਮਿੱਲਾਂ ਅਤੇ ਕਾਰਖ਼ਾਨਿਆਂ ਦੀ ਤਾਲਾਬੰਦੀ ਵੀ ਹੈ । ਮਹਿੰਗਾਈ ਦੇ ਵਧਣ ਨਾਲ ਮਜ਼ਦੂਰ ਤਨਖ਼ਾਹਾਂ ਵਧਾਉਣ ਦੀ ਮੰਗ ਕਰਦੇ ਹਨ ਪਰ ਮਾਲਕਾਂ ਨੂੰ ਆਪਣੇ ਮੁਨਾਫ਼ੇ ਨਾਲ ਵਾਸਤਾ ਹੁੰਦਾ ਹੈ। ਉਹ ਮਗਾਂ ਨਹੀਂ ਮੰਨਦੇ। ਨਤੀਜੇ ਵਜੋਂ ਕਈ ਮਿੱਲਾਂ ਬੰਦ ਹੋ ਗਈਆਂ ਹਨ ਜਿਸ ਨਾਲ ਮਜ਼ਦੂਰ ਵਿਹਲੇ ਤੇ ਬੇਕਾਰ ਹੋ ਗਏ ਹਨ। ਵਿਆਪਕ ਅਨਪੜ੍ਹਤਾ ਕਰਕੇ ਅਬਾਦੀ ਵਧ ਰਹੀ ਹੈ ਤੇ ਹੁਣ ਇਹ ਸਵਾ ਅਰਬ ਤੱਕ ਪਹੁੰਚ ਚੁੱਕੀ



ਰਮਨਦੀਪ ਕੌਰ
ਬਾਬਾ ਫ਼ਰੀਦ ਕਾਲਜ਼ ਆਫ਼ ਐਜਕੇਸ਼ਨ ਦਿਉਣ (ਬਠਿੰਡਾ),

ਹੈ। ਅਬਾਦੀ । ਦੇ ਇਸ ਵਾਧੇ ਲਈ ਰੁਜ਼ਗਾਰ ਦੇਣ ਲਈ ਕਾਰਖ਼ਾਨੇ ਜਾਂ ਕੰਮ ਦੇ ਹੋਰ ਸਾਧਨ ਨਹੀਂ ਵਧ ਰਹੇ। ਸਾਡੀ 10+2 ਦੀ ਨਵੀਨ ਵਿੱਦਿਆ-ਪ੍ਰਣਾਲੀ ਵਿਚ ਕਿਤਾਬੀ ਪੜ੍ਹਾਈ ਦੇ ਨਾਲ-ਨਾਲ, ਨਿਰਸੰਦੇਹ, ਰੋਜ਼ੀ-ਕਮਾਉ ਕਿੱਤੇ ਸ਼ੁਰੂ ਕੀਤੇ ਗਏ ਹਨ ਪਰ ਨਾ ਸਰਕਾਰ ਨੇ ਇਨ੍ਹਾਂ ਨੂੰ ਵਿਆਪਕ ਪੱਧਰ ਤੇ ਚਾਲੂ ਕੀਤਾ ਹੈ ਅਤੇ ਨਾ ਸਿਖਿਆਰਥੀਆਂ ਨੇ ਹੱਥੀਂ ਕੰਮ ਕਰਨ ਨੂੰ ਚੰਗਾ ਸਮਝਿਆ ਹੈ। ਦੇਸ਼ ਦੀ ਵਰਤਮਾਨ ਹਾਲਤ ਨੂੰ ਦੇਖਦੇ ਹੋਏ ਇਹ ਜ਼ਰੂਰੀ ਹੋ ਗਿਆ ਹੈ ਕਿ ਇਸ ਸਮੱਸਿਆ ਨੂੰ ਰੋਕਣ ਲਈ ਨਿੱਜੀ ਅਤੇ ਸਮੂਹਿਕ, ਦੋਹਾਂ ਤਰ੍ਹਾਂ ਨਾਲ ਜਤਨ ਕੀਤਾ ਜਾਵੇ।ਛੇਵੀਂ ਪੰਜ-ਸਾਲਾ ਯੋਜਨਾ ਵਿਚ ਸਰਕਾਰ ਨੇ ਇਸ ਪਾਸੇ ਵਿਸ਼ੇਸ਼ ਅਤੇ ਉਚੇਚਾ ਧਿਆਨ ਦਿੱਤਾ ਹੈ।ਇਸ ਦੇ ਅਧੀਨ ਨਵੇਂ-ਨਵੇਂ ਉਦਯੋਗ ਖੋਲ੍ਹੇ ਜਾ ਰਹੇ ਹਨ।ਖੇਤੀ ਅਤੇ ਛੋਟੇ ਉਦਯੋਗਾਂ ਨੂੰ ਉਤਸਾਹਿਤ ਕੀਤਾ ਜਾ ਰਿਹਾ ਹੈ। ਇਸ ਲਈ ਦੇਸ਼ ਦੇ ਨਾਗਰਿਕ ਨੂੰ ਵੀ ਕਮਰ ਕਰੇ ਕਰ ਲੈਣੀ ਚਾਹੀ ਹਨ ਤਾਂ ਕਿ ਹਰੇਕ ਲਈ ਯੋਗ ਕੰਮ ਹੋਵੇ ਅਤੇ ਯੋਗ ਕੰਮ ਲਈ ਯੋਗ ਹੱਥ ਹੋਣ।

# ਪੰਜਾਬ ਵਿੱਚ ਹਰਿਆਲੀ: ਇੱਕ ਸੁਹਾਵਣਾ ਅਨੁਭਵ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ,ਕੋਟਗੁਰੂ

ਪੰਜਾਬ,ਜਿਸਨੂੰ "ਪੰਜਾਬ ਦੇ ਮੈਦਾਨ" ਦੇ ਨਾਮ ਨਾਲ ਵੀ ਜਾਣਿਆ ਜਾਂਦਾ ਹੈ, ਆਪਣੀ ਖੇਤੀਬਾੜੀ, ਸੰਸਕ੍ਰਿਤੀ ਅਤੇ ਹਰਿਆਲੀ ਲਈ ਪ੍ਰਸਿੱਧ ਹੈ। ਇਸ ਪ੍ਰਾਂਤ ਦੀ ਧਰਤੀ ਹਰੇ ਭਰੇ ਖੇਤਾਂ, ਬਾਗਾਂ ਅਤੇ ਬਾਗੀਚਿਆਂ ਨਾਲ ਭਰੀ ਹੋਈ ਹੈ, ਜੋ ਕਿ ਇਸਦੀ ਖੂਬਸੂਰਤੀ ਨੂੰ ਵਧਾਉਂਦੇ ਹਨ।

ਹਰਿਆਲੀ ਵਾਤਾਵਰਣ ਨੂੰ ਸੁਧਾਰਨ ਵਿੱਚ ਮਦਦ ਕਰਦੀ ਹੈ। ਪੌਦੇ ਕਾਰਬਨ ਡਾਈਆਕਸਾਈਡ ਨੂੰ ਸੋਖਦੇ ਹਨ ਅਤੇ ਆਕਸੀਜਨ ਛੱਡਦੇ ਹਨ, ਜਿਸ ਨਾਲ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਹੁੰਦਾ ਹੈ।

ਸਿਹਤ 'ਤੇ ਪ੍ਰਭਾਵ: ਹਰਿਆਲੀ ਸਿਹਤ ਲਈ ਲਾਭਦਾਇਕ ਹੈ। ਬਾਗਾਂ ਅਤੇ ਪਾਰਕਾਂ ਵਿੱਚ ਸਮਾਂ ਬਿਤਾਉਣਾ ਮਨੋਵਿਗਿਆਨਕ ਤੌਰ 'ਤੇ ਲਾਭਦਾਇਕ ਹੁੰਦਾ ਹੈ, ਜੋ ਕਿ ਤਣਾਅ ਨੂੰ ਘਟਾਉਂਦਾ ਹੈ ਅਤੇ ਮਨੋਬਲ ਨੂੰ ਵਧਾਉਂਦਾ ਹੈ।

ਹਰਿਆਲੀ ਜੀਵ ਵਿਵਿਧਤਾ ਨੂੰ ਬਚਾਉਂਦੀ ਹੈ। ਪੌਦੇ ਅਤੇ ਦਰੱਖਤ ਵੱਖ-ਵੱਖ ਪ੍ਰਾਣੀਆਂ ਲਈ ਆਸਰਾ ਪ੍ਰਦਾਨ ਕਰਦੇ ਹਨ, ਜਿਸ ਨਾਲ ਪਾਰਿਸਥਿਤਿਕੀ ਸੰਤੁਲਨ ਬਣਿਆ ਰਹਿੰਦਾ ਹੈ।

ਪੰਜਾਬ ਵਿੱਚ ਹਰਿਆਲੀ ਦੇ ਪ੍ਰੋਜੈਕਟ ਪੰਜਾਬ ਸਰਕਾਰ ਅਤੇ ਵੱਖ-ਵੱਖ ਗੈਰ-ਸਰਕਾਰੀ ਸੰਸਥਾਵਾਂ ਨੇ ਹਰਿਆਲੀ ਨੂੰ ਵਧਾਉਣ ਲਈ ਕਈ ਪ੍ਰੋਜੈਕਟ ਸ਼ੁਰੂ ਕੀਤੇ ਹਨ। "ਸਾਫ਼ ਸੁਚਤਾ, ਹਰਿਆਲੀ" ਮੁਹਿੰਮ ਦੇ ਤਹਿਤ, ਲੋਕਾਂ ਨੂੰ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਪੰਜਾਬ ਵਿੱਚ ਕਈ ਸੁੰਦਰ ਬਾਗ ਅਤੇ ਪਾਰਕ ਹਨ, ਜਿੱਥੇ ਲੋਕ ਹਰਿਆਲੀ ਦਾ ਆਨੰਦ ਲੈ ਸਕਦੇ ਹਨ। ਚੰਡੀਗੜ੍ਹ ਦਾ ਰੋਜ਼ ਗਾਰਡਨ, ਲੁਧਿਆਣਾ ਦਾ ਨੈਸ਼ਨਲ ਬਾਗ ਅਤੇ ਅੰਮ੍ਰਿਤਸਰ ਦੇ ਗਰਦਵਾਰਾ ਸਾਹਿਬ ਦੇ ਆਸ-ਪਾਸ ਦੇ ਬਾਗ, ਇਨ੍ਹਾਂ ਵਿੱਚੋਂ ਕੁਝ ਪ੍ਰਸਿੱਧ ਸਥਾਨ ਹਨ।ਪੰਜਾਬ ਦੀ ਹਰਿਆਲੀ ਸਿਰਫ਼ ਇਸਦੀ ਖੂਬਸੂਰਤੀ ਨੂੰ ਹੀ ਨਹੀਂ ਵਧਾਉਂਦੀ, ਸਗੋਂ ਇਹ ਸਿਹਤ, ਵਾਤਾਵਰਣ ਅਤੇ ਜੀਵ ਵਿਵਿਧਤਾ ਲਈ ਵੀ ਬਹੁਤ ਮਹੱਤਵਪੂਰਨ ਹੈ।



ਖੁਸ਼ਦੀਪ ਕੌਰ
ਬਾਬਾ ਫ਼ਰੀਦ ਕਾਲਜ਼ ਆਫ਼ ਐਜਕੇਸ਼ਨ ਦਿਉਣ (ਬਠਿੰਡਾ),

ਸਾਨੂੰ ਚਾਹੀਦਾ ਹੈ ਕਿ ਅਸੀਂ ਇਸਦੀ ਸੰਭਾਲ ਕਰੀਏ ਅਤੇ ਹਰਿਆਲੀ ਨੂੰ ਵਧਾਉਣ ਵਿੱਚ ਆਪਣਾ ਯੋਗਦਾਨ ਪਾਈਏ।

ਇਸ ਤਰ੍ਹਾਂ, ਪੰਜਾਬ ਦੀ ਹਰਿਆਲੀ ਸਾਡੇ ਲਈ ਇੱਕ ਅਹੰਕਾਰ ਅਤੇ ਪ੍ਰੇਰਣਾ ਦਾ ਸਰੋਤ ਹੈ, ਜਿਸਨੂੰ ਸਾਨੂੰ ਸਦਾ ਸੁਰੱਖਿਅਤ ਅਤੇ ਸੰਭਾਲਣਾ ਚਾਹੀਦਾ ਹੈ।

# ਪੰਜਾਬ 'ਚ ਨਸ਼ਿਆਂ ਦੀ ਸਮੱਸਿਆ: ਇੱਕ ਗੰਭੀਰ ਚਿੰਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ,ਕੋਟਗੁਰੂ

ਪੰਜਾਬ, ਜਿਸਨੂੰ ਇੱਕ ਸਮੇਂ ਦੁੱਧ ਤੇ ਮੱਖਣ ਦੀ ਧਰਤੀ" ਕਿਹਾ ਜਾਂਦਾ ਸੀ, ਅੱਜ ਨਸ਼ਿਆਂ ਦੀ ਸਮੱਸਿਆ ਨਾਲ ਜੂਝ ਰਿਹਾ ਹੈ। ਨੌਜਵਾਨ ਪੀੜ੍ਹੀ, ਜੋ ਰਾਜ ਦਾ ਭਵਿੱਖ ਹੈ, ਨਸ਼ਿਆਂ ਦੀ ਮਾੜੀ ਆਦਤ ਵਿੱਚ ਫਸ ਰਹੀ ਹੈ। ਜਿਸ ਨਾਲ ਸਿਰਫ ਉਨ੍ਹਾਂ ਦੀ ਜ਼ਿੰਦਗੀ ਹੀ ਨਹੀਂ, ਪਰ ਪੂਰੇ ਸਮਾਜ ਦੀ ਸੰਸਕ੍ਰਿਤੀ,ਆਰਥਿਕਤਾ ਅਤੇ ਭਵਿੱਖ ਵੀ ਪ੍ਰਭਾਵਿਤ ਹੋ ਰਿਹਾ ਹੈ। ਇੱਕ ਅੰਦਾਜ਼ੇ ਮੁਤਾਬਕ, ਪੰਜਾਬ ਵਿੱਚ ਨਸ਼ਿਆਂ ਦੀ ਆਦਤ ਕਾਰਨ ਹਜ਼ਾਰਾਂ ਨੌਜਵਾਨ ਆਪਣੀ ਜ਼ਿੰਦਗੀ ਦੇ ਕੀਮਤੀ ਸਾਲ ਗਵਾ ਰਹੇ ਹਨ। ਨਸ਼ਿਆਂ ਦੀ ਇਹ ਸਮੱਸਿਆ ਕਈ ਕਾਰਨਾਂ ਕਰਕੇ ਵਧ ਰਹੀ ਹੈ।ਪਹਿਲਾਂ,ਵਿਰਾਸਤੀ ਖੇਤੀ ਪ੍ਰਣਾਲੀ ਦਾ ਠੱਪ ਹੋਣਾ ਅਤੇ ਬੇਰੁਜ਼ਗਾਰੀ ਨੇ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕ ਦਿੱਤਾ ਹੈ। ਦੂਜਾ, ਨਸ਼ੇੜੀ ਗਿਰੋਹ ਅਤੇ ਡਰੱਗ ਮਾਫੀਆ ਰਾਜਨੀਤਿਕ ਆਸਰੇ ਹੇਠ ਇਸ ਕਾਰੋਬਾਰ ਨੂੰ ਚਲਾਉਂਦੇ ਹਨ। ਤੀਜਾ,ਪਰਿਵਾਰਕ ਤਣਾਅ, ਆਧੁਨਿਕ ਜੀਵਨਸ਼ੈਲੀ, ਅਤੇ ਮਨੋਰੰਜਨ ਉਪਰੰਤ ਨਵੀਂ ਪੀੜ੍ਹੀ ਵਿੱਚ ਨਸ਼ਿਆਂ ਦੀ ਆਸਾਨ ਪ੍ਰਾਪਤੀ ਵੀ ਇਸ ਵਧਦੀ ਸਮੱਸਿਆ ਦਾ ਇੱਕ ਮੁੱਖ ਕਾਰਨ ਹੈ। ਇਸ ਦੀ ਰੋਕਥਾਮ ਲਈ ਕਈ ਉਪਰਾਲੇ ਕੀਤੇ ਜਾ ਸਕਦੇ ਹਨ। ਸਰਕਾਰ ਵੱਲੋਂ ਨਸ਼ਾ ਵਿਰੋਧੀ ਕਾਨੂੰਨਾਂ ਨੂੰ ਸਖ਼ਤੀ ਨਾਲ ਲਾਗੂ ਕਰਨਾ, ਡਰੱਗ ਮਾਫੀਆ ਨੂੰ ਜੜ੍ਹ ਤੋਂ ਖਤਮ ਕਰਨਾ, ਅਤੇ ਪੁਲਿਸ ਅਤੇ ਇੰਟੈਲੀਜੈਂਸ ਵਿਭਾਗ ਨੂੰ ਹੋਰ ਮਜ਼ਬੂਤ ਬਣਾਉਣਾ ਜ਼ਰੂਰੀ ਹੈ। ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣ ਲਈ ਵਿਸ਼ੇਸ਼ ਪ੍ਰੋਗਰਾਮ ਚਲਾਉਣੇ ਚਾਹੀਦੇ ਹਨ। ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ, ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਵਧਾਉਣ, ਅਤੇ ਪਰਿਵਾਰਾਂ ਵਿੱਚ ਸੰਵਾਦ ਵਧਾਉਣ ਦੀ ਲੋੜ ਹੈ, ਤਾਂ ਜੋ ਬੱਚਿਆਂ ਨੂੰ ਸ਼ੁਰੂ ਤੋਂ ਹੀ ਇੱਕ ਵਧੀਆ ਸੰਸਕਾਰ ਮਿਲ ਸਕਣ।ਅਸੀਂ ਸਭ ਨੂੰ ਮਿਲਕੇ ਪੰਜਾਬ ਨੂੰ ਨਸ਼ਾਮੁਕਤ ਬਣਾਉਣ ਲਈ ਯਤਨ ਕਰਨਾ ਹੋਵੇਗਾ। ਜੇਕਰ ਅਸੀਂ ਹੁਣ ਵੀ ਨਾ ਜਾਗੇ, ਤਾਂ ਆਉਣ ਵਾਲੀ ਪੀੜ੍ਹੀ ਲਈ ਹਾਲਾਤ ਹੋਰ ਵੀ ਗੰਭੀਰ ਹੋ ਸਕਦੇ ਹਨ। ਸਾਨੂੰ ਸਮਝਣ ਦੀ ਲੋੜ ਹੈ ਕਿ ਨਸ਼ਿਆਂ ਦੀ



ਜਤਿੰਦਰ ਸਿੰਘ
ਬਾਬਾ ਫ਼ਰੀਦ ਕਾਲਜ ਆਫ਼ ਐਜੂਕੇਸ਼ਨ, ਦਿਉਣ (ਬਠਿੰਡਾ),

ਸਮੱਸਿਆ ਸਿਰਫ਼ ਇੱਕ ਵਿਅਕਤੀਕਤ ਮਾਮਲਾ ਨਹੀਂ,ਇਹ ਸਮੂਹ ਸਮਾਜ ਲਈ ਇੱਕ ਚੁਣੌਤੀ ਹੈ। ਇਸ ਲਈ,ਇਹ ਜ਼ਰੂਰੀ ਹੈ ਕਿ ਅਸੀਂ ਸਰਕਾਰ,ਪਰਿਵਾਰ ਅਤੇ ਸਮਾਜਕ ਜ਼ਿੰਮੇਵਾਰੀਆਂ ਨੂੰ ਨਿਭਾਵ ਅਤੇ ਆਪਣੇ ਪੰਜਾਬ ਨੂੰ ਦੁਬਾਰਾ ਇੱਕ ਤੰਦਰੁਸਤ, ਖੁਸ਼ਹਾਲ ਅਤੇ ਨਸ਼ਾ-ਮੁਕਤ ਰਾਜ ਬਣਾਈਏ।

# ਪੇਂਡੂ ਜੀਵਨ ਅਤੇ ਸ਼ਹਿਰੀ ਜੀਵਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ,ਕੋਟਗੁਰੂ

ਪਿੰਡ ਅਤੇ ਸ਼ਹਿਰ ਇਹ ਦੋਵੇਂ ਜੀਵਨ ਸ਼ੈਲੀਆਂ ਇੱਕੋ ਦੇਸ਼ ਵਿੱਚ ਹੋਣ ਬਾਵਜੂਦ ਬਹੁਤ ਵੱਖਰੀਆਂ ਹਨ। ਪਿੰਡ ਦਾ ਜੀਵਨ ਕੁਦਰਤ ਦੇ ਨੇੜੇ ਹੁੰਦਾ ਹੈ, ਜਿੱਥੇ ਹਰੇ-ਭਰੇ ਖੇਤ, ਖੁੱਲ੍ਹੀ ਹਵਾਵਾਂ ਅਤੇ ਸ਼ਾਂਤ ਵਾਤਾਵਰਣ ਲੋਕਾਂ ਨੂੰ ਆਤਮਿਕ ਸ਼ਾਂਤੀ ਪ੍ਰਦਾਨ ਕਰਦਾ ਹੈ। ਲੋਕ ਆਪਸ ਵਿੱਚ ਗੂੜ੍ਹੇ ਰਿਸ਼ਤੇ ਨਿਭਾਉਂਦੇ ਹਨ, ਸਾਦਗੀ ਭਰਿਆ ਜੀਵਨ ਬਿਤਾਉਂਦੇ ਹਨ ਅਤੇ ਆਪਸੀ ਭਾਈਚਾਰੇ ਵਿੱਚ ਰਹਿੰਦੇ ਹਨ। ਉਨ੍ਹਾਂ ਦੀ ਇਕਾਂਤ ਕੁਦਰਤ ਨਾਲ ਗਹਿਰੀ ਹੋਣ ਕਰਕੇ ਉਹ ਤੰਦਰੁਸਤ ਰਹਿੰਦੇ ਹਨ। ਦੂਜੇ ਪਾਸੇ, ਸ਼ਹਿਰੀ ਜੀਵਨ ਤੇਜ਼ ਰਫ਼ਤਾਰ, ਆਧੁਨਿਕ ਸਹੂਲਤਾਂ ਅਤੇ ਉੱਚੀ ਤਕਨੀਕ ਨਾਲ ਭਰਪੂਰ ਹੁੰਦਾ ਹੈ। ਇੱਥੇ ਵਿਅਕਤੀ ਨੂੰ ਪੱਧਰੀ ਸਿੱਖਿਆ, ਵਧੀਆ ਸਿਹਤ ਸੇਵਾਵਾਂ, ਅਤੇ ਰੋਜ਼ਗਾਰ ਦੇ ਵਾਧੂ ਮੌਕੇ ਮਿਲਦੇ ਹਨ। ਸ਼ਹਿਰਾਂ ਵਿੱਚ ਉੱਚੀ-ਉੱਚੀ ਇਮਾਰਤਾਂ, ਵਿਅਸਤ ਸੜਕਾਂ, ਤੇਜ਼ ਰਫ਼ਤਾਰ ਵਾਲੀ ਜ਼ਿੰਦਗੀ, ਅਤੇ ਵਿਕਾਸ ਦੀਆਂ ਨਵੀਆਂ ਰਾਹਾਂ ਖੁੱਲ੍ਹੀਆਂ ਹੁੰਦੀਆਂ ਹਨ। ਪਰ ਇਹਨਾਂ ਦੇ ਨਾਲ-ਨਾਲ ਦਿਲੀ ਸਾਂਝ ਦੀ ਕਮੀ, ਪ੍ਰਦੂਸ਼ਣ, ਟ੍ਰੈਫ਼ਿਕ ਦੀ ਭੀੜ, ਅਤੇ ਤਣਾਅ ਵੀ ਰਹਿੰਦਾ ਹੈ। ਜਦਕਿ ਪਿੰਡ ਵਿੱਚ ਜੀਵਨ ਆਮ ਤੌਰ 'ਤੇ ਸੁਸਤ ਅਤੇ ਹੌਲੀ-ਹੌਲੀ ਵਗਦਾ ਹੈ, ਪਰ ਇੱਥੇ ਰੋਜ਼ਗਾਰ ਦੇ ਮੌਕੇ ਘੱਟ ਹੁੰਦੇ ਹਨ, ਸਿੱਖਿਆ ਅਤੇ ਸਿਹਤ ਸੇਵਾਵਾਂ ਵੀ ਕੁਝ ਪਿੱਛੇ ਹਨ। ਕਈ ਵਾਰ ਲੋਕ ਉੱਚੀ ਜ਼ਿੰਦਗੀ ਦੀ ਤਲਾਸ਼ ਵਿੱਚ ਸ਼ਹਿਰ ਵੱਲ ਪਰਵਾਸ ਕਰ ਜਾਂਦੇ ਹਨ। ਪਰ ਸ਼ਹਿਰਾਂ ਦੀ ਰੌਣਕ ਵਿੱਚ ਅਕਸਰ ਵਿਅਕਤੀ ਨੂੰ ਆਤਮਿਕ ਸ਼ਾਂਤੀ ਘੱਟ ਹੀ ਮਿਲਦੀ ਹੈ। ਇਸ ਕਰਕੇ, ਦੋਵੇਂ ਜੀਵਨ ਸ਼ੈਲੀਆਂ ਦੀਆਂ ਆਪਣੀਆਂ ਖੂਬੀਆਂ ਅਤੇ ਨੁਕਸਾਨ ਹਨ। ਗਾਂਵ ਦਾ ਜੀਵਨ ਕੁਦਰਤੀ ਅਤੇ ਸ਼ਾਂਤ ਹੈ, ਜਦਕਿ ਸ਼ਹਿਰੀ ਜੀਵਨ



ਜੈਸਿਕਾ ਗਰਗ
ਬਾਬਾ ਫਰੀਦ ਕਾਲਜ ਆਫ਼ ਐਜੂਕੇਸ਼ਨ, ਦਿਉਣ (ਬਠਿੰਡਾ),

ਆਧੁਨਿਕ ਅਤੇ ਵਿਅਸਤ। ਜ਼ਰੂਰਤ ਇਸ ਗੱਲ ਦੀ ਹੈ ਕਿ ਅਸੀਂ ਦੋਵਾਂ ਜੀਵਨ ਸ਼ੈਲੀਆਂ ਵਿੱਚ ਸੰਤੁਲਨ ਬਣਾਈਏ, ਤਾਂ ਜੋ ਵਿਕਾਸ ਅਤੇ ਕੁਦਰਤ ਦੋਹਾਂ ਨੂੰ ਸਮਰਪਿਤ ਜੀਵਨ ਜੀ ਸਕੀਏ।

# ਪੰਜਾਬ ਸੂਬੇ ਦੀ ਹਾਲਤ ਬਹੁਤ ਹੀ ਤਰਸਯੋਗ : ਬਰਿੰਦਰ ਬਿੱਟੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਨਾਭਾ,27 ਮਾਰਚ 2025(ਬੇਅੰਤ ਸਿੰਘ ਰੋਹਟੀ ਖਾਸ) ਸੋਨੇ ਦੀ ਚਿੜੀ ਵਜੋਂ ਜਾਣਿਆ ਜਾਂਦਾ ਰੰਗਲਾ ਪੰਜਾਬ ਅੱਜ ਬਹੁਤ ਹੀ ਨਾਜ਼ੁਕ ਦੌਰ 'ਚੋਂ ਲੰਘ ਰਿਹਾ ਹੈ ਅਤੇ ਇਸ ਦੀ ਹਾਲਤ ਬਹੁਤ ਹੀ ਤਰਸਯੋਗ ਬਣੀ ਹੋਈ ਹੈ, ਅਰਥ ਵਿਵਸਥਾ ਦੇ ਨਾਲ ਨਾਲ ਕਾਨੂੰਨ ਵਿਵਸਥਾ ਦਾ ਵੀ ਬੁਰਾ ਹਾਲ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕੇ ਦੇ ਭਾਜਪਾ ਆਗੂ ਬਰਿੰਦਰ ਬਿੱਟੂ ਭਾਦਸੋਂ ਨੇ ਗੱਲਬਾਤ ਦੌਰਾਨ ਕੀਤਾ । ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਪੰਜਾਬ ਅੰਦਰ ਭਾਜਪਾ ਦੀ ਹਨੇਰੀ ਚੱਲੇਗੀ ਅਤੇ ਭਾਜਪਾ ਭਾਰੀ ਜਿੱਤ ਹਾਸਲ ਕਰਕੇ ਪੰਜਾਬ ਅੰਦਰ ਸਰਕਾਰ ਬਣਾਏਗੀ। ਭਾਜਪਾ ਆਗੂ ਬਿੱਟੂ ਨੇ ਕਿਹਾ ਵਿਧਾਨ ਸਭਾ ਹਲਕਾ ਨਾਭਾ ਅੰਦਰ ਭਾਜਪਾ ਦੇ ਵਰਕਰ ਤੇ ਆਗੂ ਇਕਜੁੱਟਤਾ ਨਾਲ ਪਾਰਟੀ ਲਈ ਦਿਨ ਰਾਤ ਕੰਮ ਕਰ ਰਹੇ ਹਨ ਕਿਉਂ ਜੋ ਪੰਜਾਬ ਨੂੰ ਸਹੀ ਰਾਹ ਤੇ ਸਿਰਫ ਤੇ ਸਿਰਫ ਭਾਜਪਾ ਦੀ ਸਰਕਾਰ ਹੀ ਲਿਆ ਸਕਦੀ ਹੈ ਜਿਵੇਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਭਾਰਤ ਦਾ ਝੰਡਾ ਪੂਰੀ ਦੁਨੀਆਂ ਵਿੱਚ ਬੁਲੰਦ ਕੀਤਾ ਹੈ। ਉਨਾਂ ਕਿਹਾ ਕਿ ਦਿੱਲੀ ਵਿਧਾਨ ਸਭਾ ਚੋਣਾਂ



ਦੌਰਾਨ 'ਆਪ' ਦੀ ਹੋਈ ਕਰਾਰੀ ਹਾਰ ਨੇ ਇਹ ਗੱਲ ਸਾਬਤ ਕਰ ਦਿੱਤੀ ਹੈ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਦਿੱਲੀ ਅਤੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਹੀ ਕੀਤਾ ਹੈ ।

# ਵਾਤਾਵਰਣ ਨੂੰ ਸੰਭਾਲਣ ਵਾਲੇ ਫਰਿਸ਼ਤਾ ਰੂਪੀ ਸਮਾਜ ਸੇਵੀ ਸੱਜਣ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com





ਦਲਬੀਰ ਸਿੰਘ ਧਾਲੀਵਾਲ ਮੋਬਾ: 86993—22704

ਸਾਨੂੰ ਪ੍ਰਮਾਤਮਾ ਵੱਲੋਂ ਦਿੱਤੇ ਜੀਵਨ ਦੇ ਜੀਉਣ ਲਈ ਧਰਤੀ ਮਾਂ ਆਪਣੀ ਕੁੱਖ ਵਿੱਚੋਂ ਅਨਾਜ ਪੈਦਾ ਕਰਕੇ ਸਾਨੂੰ ਖਾਣ ਲਈ ਦੇਂਦੀ ਹੈ, ਧਰਤੀ ਦੀ ਕੁੱਖ ਵਿਚੋਂ ਹੀ ਪੈਦਾ ਹੋਏ ਪੇੜ ਪੌਦੇ ਜੋ ਅਪਣੇ ਵਿੱਚ ਘਾਤਕ ਕਾਰਬਨ ਡਾਇਔਕਸਾਈਡ ਗੈਸ ਅਤੇ ਵਾਤਾਵਰਣ ਦਾ ਪ੍ਰਦੂਸ਼ਣ ਜ਼ਜਬ ਕਰਕੇ ਸਾਨੂੰ ਸ਼ੁੱਧ ਔਕਸੀਜਨ ਸਾਹ ਲੈਣ ਲਈ ਦੇਂਦੇ ਹਨ, ਕੁਦਰਤ ਵੀ ਧਰਤੀ ਦੀ ਕੁੱਖੋ ਚੋਂ ਅਤੇ ਹੋਰ ਵੱਖ ਵੱਖ ਸਰੋਤਾਂ ਤੋਂ ਨਿਕਲਿਆ ਪਾਣੀ ਮਨੁੱਖ ਨੂੰ ਪੀਣ ਲਈ ਦੇਂਦੀ ਹੈ । ਸਤਿਗੁਰੂ ਨਾਨਕ ਦੇਵ ਜੀ ਦਾ ਵੀ ਫਰਮਾਨ ਹੈ ਕਿ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ । ਸੋ ਇਸ ਪਵਿੱਤਰ ਬਾਣੀ ਉਪਰ ਫੁੱਲ ਚੜ੍ਹਾਉਂਦੇ ਹੋਏ ਕੁਦਰਤ ਦੇ ਇਸ ਵਾਤਾਵਰਣ ਨੂੰ ਗੰਧਲਾ ਹੋਣ ਤੋਂ ਬਚਾਉਣ ਲਈ ਵੱਖ ਵੱਖ ਲੋੜੀਂਦੇ ਉਪਰਾਲੇ ਕਰਨੇ ਬਹੁਤ ਜ਼ਰੂਰੀ ਹਨ । ਅੱਜ ਧੰਨ ਹਨ ਉਹ ਫਰਿਸ਼ਤਾ ਰੂਪੀ ਸਮਾਜ ਸੇਵੀ ਸੱਜਣ ਜੋ ਇਸ ਸ਼ੁੱਭ ਕਾਰਜ ਲਈ ਨਿਸ਼ਕਾਮ ਸੇਵਾ ਕਰ ਰਹੇ ਹਨ ਜਿਹਨਾਂ ਦਾ ਵਰਨਣ ਕਰਨਾ ਬਹੁਤ ਜ਼ਰੂਰੀ ਹੈ ਅਤੇ ਜੋ ਵਿਸ਼ੇਸ਼ ਸਤਿਕਾਰ ਦੇ ਹੱਕਦਾਰ ਵੀ ਹਨ । ਜਿਹਨਾਂ ਐਸੀਆਂ ਸਮਾਜ ਸੇਵੀ ਜੱਥੇਬੰਦੀਆਂ ਨੂੰ ਮੈਂ ਨਿੱਜੀ ਤੌਰ ਤੇ ਅਪਣੀ ਅੱਖੀਂ ਕੰਮ ਕਰਦੇ ਵੇਖਿਆ ਹੈ ਅਤੇ ਵੇਖ ਕੇ ਮੈਂ ਬਹੁਤ ਪ੍ਰਭਾਵਤ ਵੀ ਹੋਇਆ ਹਾਂ ਉਹਨਾਂ ਵਿੱਚ ਪਹਿਲੇ ਨੰਬਰ ਤੇ ਹੈ ਐਚ ਹਾਉਸਿਸ ਪਾਰਕ ਵੈਲਫੇਅਰ ਸੋਸਾਇਟੀ ਫੇਜ— 1 ਮੋਹਾਲੀ ਹੈ ਜਿਥੇ ਮੈਂ ਰੋਜ਼ਾਨਾ ਦੇ ਵਕਤ ਸੈਰ ਕਰਦਾ ਹਾਂ । ਇਸ ਸੁਸਾਇਟੀ ਦੇ ਪ੍ਰਧਾਨ ਸ਼੍ਰੀ ਸੁਭਾਸ ਚੰਦਰ ਗੌਡ, ਜਨਰਲ ਸਕੱਤਰ, ਬਰਜਿੰਦਰ ਪਾਲ ਸਿੰਘ, ਖਜਾਨਚੀ ਇੰਦਰਜੀਤ ਸਿੰਘ ਅਤੇ ਹੋਰ ਮੈਂਬਰਜ ਵੀ ਹਨ ਜੋ ਆਪਸੀ ਏਕਤਾ ਨਾਲ ਇੱਥੇ ਬਣ ਇਸ ਪਾਰਕ ਵਿੱਚ ਨਵੇਂ ਪੇੜ ਪੌਦੇ ਲਾ ਰਹੇ ਹਨ ਅਤੇ ਪਹਿਲਾਂ ਲੱਗੇ ਹੋਇਆਂ ਦੀ ਸੰਭਾਲ ਤੇ ਸੇਵਾ ਕਰਦੇ ਹਨ । ਇਥੇ ਸੈਰ ਲਈ ਆਉਂਦੇ ਲੋਕ ਵੀ ਬਹੁਤ ਖੁਸ਼ ਹਨ ਇਹਨਾਂ ਦੇ ਉਪਰਾਲਿਆਂ ਤੋਂ । ਇਹ ਸਮਾਜ ਸੇਵੀ ਸੱਜਣ ਕੁੱਝ ਅਗਿਆਨੀ ਲੋਕਾਂ ਵੱਲੋਂ ਸੁੱਟੀ ਗਈ ਵੇਸਟੇਜ਼ ਨੂੰ ਸਵੇਰੇ ਸ਼ਾਮ ਇੱਕਠੀ ਕਰਕੇ ਡਸਬਿਨਾਂ ਵਿੱਚ ਪਾਉਂਦੇ ਹਨ, ਕੁੱਤੇ ਲੈ ਕੇ ਆਉਣ ਵਾਲੇ ਲੋਕਾਂ ਨੂੰ ਰੋਕਦੇ ਤੇ ਸਮਝਾਉਂਦੇ ਹਨ । ਕ੍ਰਿਕਟ ਖੇਡਣ ਵਾਲੇ ਬੱਚਿਆਂ ਨੂੰ ਪਾਰਕ ਵਿੱਚ ਕ੍ਰਿਕਟ ਖੇਡਣ ਰੋਕਦੇ ਹਨ ਅਤੇ ਇਹਨਾਂ ਲਈ ਇਥੇ ਬੈਡਮਿੰਟਨ ਦੇ ਦੋ ਨੈਟ ਲਵਾਏ ਹਨ ਅਤੇ ਨਾਲ ਹੀ ਖੇਡਣ ਦਾ ਸਮਾਨ ਵੀ ਉਪਲੱਬਧ ਕਰਦੇ ਹਨ, ਜਿਥੇ ਇਹ ਖੇਡ ਵੱਡੀ ਉਮਰ ਦੇ ਲੋਕਾਂ ਵੱਲੋਂ ਵੀ ਖੇਡੀ ਜਾਂਦੀ ਹੈ । ਸੈਰ ਕਰਨ ਵਾਲੇ ਟਰੈਕਾਂ ਦੀ ਵਾਈਟਵਾਸ਼ ਵੀ ਇਹ ਸੱਜਣ ਕਰਦੇ ਹਨ । ਕੁਲ ਮਿਲਾਕੇ ਇੰਨ੍ਹਾਂ ਦੇ ਉਪਰਾਲਿਆਂ ਤੋਂ ਲੋਕ ਖੁਸ਼ ਹਨ ਅਤੇ ਪਾਰਕ ਪ੍ਰਤੀ ਗਲਤੀ ਕਰਨ ਵਾਲੇ ਲੋਕੀਂ ਵੀ ਹੁਣ ਸਹਿਯੋਗ ਦਿੰਦੇ ਹਨ । ਸੈਰ ਕਰਨ ਵਾਲੇ ਲੋਕਾਂ ਦੀ ਸਿਹਤ ਦਾ ਧਿਆਨ ਕਰਦੇ ਹੋਏ ਪਾਰਕਾਂ ਦੀ ਸਾਫ ਸਫਾਈ ਵਾਤਾਵਰਣ ਦੀ ਸ਼ੁੱਧਤਾ ਵੱਲ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ ਅਤੇ ਨਾਲ ਹੀ ਪਾਰਕ ਵਿੱਚ ਲਗੀਆਂ ਜਿੰਮ ਮਸ਼ੀਨਾਂ, ਲੋਕਾਂ ਦੇ ਬੈਠਣ ਲਈ ਲੱਗੇ ਬੈਂਚਾਂ ਦਾ ਵੀ ਰਖ—ਰਖਾਵ ਵੀ ਕਰਦੇ ਹਨ ਜੋ ਸਭ ਅਤੀ ਪ੍ਰੰਸ਼ਸਾਯੋਗ ਹੈ । ਦੂਜੀ ਹੈ ਪਟਿਆਲਾ ਦੇ ਮਜੀਠੀਆ ਇਨਕਲੇਵ ਦੇ ਵੱਡੇ ਪਾਰਕ ਵਿਖੇ ਬਣੀ ਨਿਸ਼ਕਾਮ ਸੇਵਾ ਮੰਚ ਸੁਸਾਇਟੀ ਜਿਸ ਦੇ ਪ੍ਰਧਾਨ ਨਰੇਸ਼ ਕੁਮਾਰ ਗੁਪਤਾ ਅਤੇ ਨਾਲ ਹੋਰ ਸਹਿਯੋਗੀ ਸੱਜਣ ਹਨ , ਜੋ ਸੈਰ ਕਰਨ ਗਏ ਲੋਕਾਂ ਲਈ ਅਜਿਹੇ ਹੀ ਲੋੜੀਂਦੇ ਉਪਰਾਲੇ ਕਰ ਰਹੇ ਹਨ । ਇਸ ਦੇ ਨਾਲ ਹੀ ਇਹ ਸੋਸਾਇਟੀ ਬਿਰਧ ਆਸ਼ਰਮਾਂ ਵਿੱਚ ਸਰਦੀਆਂ ਮੌਕੇ ਕੰਬਲ ਆਦਿ ਅਤੇ ਹੋਰ ਲੋੜੀਂਦਾ ਸਮਾਨ ਵੀ ਦੇਂਦੇ ਹਨ । ਇਹਨਾਂ ਦੋਹਾਂ ਸਮਾਜ ਸੇਵੀ ਸੁਸਾਇਟੀਆਂ ਨਾਲ ਮੈਂ ਜੁੜਿਆ ਹਾਂ ।

ਇੱਕ ਹੋਰ ਜੋ ਅਖਬਾਰ ਵਿੱਚ ਵੇਖਿਆ ਕਿ ਜੀਰਕਪੁਰ ਵਿਖੇ ਸਮਾਜ ਸੇਵੀ ਬਜ਼ੁਰਗਾਂ/ ਸੀਨੀਅਰ ਸਿਟੀਜਨਾਂ ਵੱਲੋਂ ਇਵੇਂ ਹੀ ਲੋਕਾਂ ਦੀ ਸਿਹਤ ਨੂੰ ਮੁੱਖ ਰਖਦੇ ਹੋਏ ਇੱਕ ਪਾਰਕ ਬਣਾਕੇ ਉਸ ਦੀ ਸਾਂਭ ਸੰਭਾਲ ਅਤੇ ਵਾਤਾਵਰਣ ਦੀ ਸ਼ੁੱਧਤਾ ਦੇ ਉਪਰਾਲੇ ਕੀਤੇ ਜਾ ਰਹੇ ਹਨ । ਸੋ ਅਜਿਹੇ ਹੋਰ ਵੀ ਕਈ ਸਮਾਜ ਸੇਵੀ ਸੱਜਣ ਵੱਖ ਵੱਖ ਉਪਰਾਲੇ ਸਮਾਜ ਵਿਚ ਜੋ ਕਰ ਰਹੇ ਹਨ ਅਤੇ ਉਪਰੋਕਤ ਜਿਕਰ ਕੀਤੇ ਸਮਾਜ ਸੇਵੀ ਸੋਸਾਇਟੀਆਂ ਦਾ ਵੱਧ ਤੋਂ ਵੱਧ ਸਹਿਯੋਗ ਸਾਨੂੰ ਸਭ ਨੂੰ ਦੇਣਾ ਚਾਹੀਦਾ ਹੈ ਅਤੇ ਇਹਨਾਂ ਪਾਰਕਾਂ ਨੂੰ ਵਿਗਾੜਣ ਵਾਲੇ ਬੱਚਿਆਂ ਨੂੰ ਰੋਕਣਾ ਚਾਹੀਦਾ ਹੈ ਅਤੇ ਖੁਦ ਵੀ ਸਾਫ ਰੱਖਣਾ ਚਾਹੀਦਾ ਹੈ ਤਾਂ ਜੋ ਕੁਦਰਤ ਵੱਲੋਂ ਮਨੁੱਖ ਲਈ ਇਹ ਬਖਸ਼ੇ ਹੋਏ ਵਾਤਾਵਰਣ ਦੀ ਸੰਭਾਲ ਕਰਕੇ ਸਰਬਤ ਦੇ ਭਲੇ ਵਾਲਾ ਨੇਕ ਕਾਰਜ ਅਸੀਂ ਰੋਜਾਨਾ ਕਰਦੇ ਰਹੀਏ ।

# ਸਲਾਇਟ ਸੰਸਥਾ ਵਿੱਚ ਪ੍ਰਵੇਸ਼ ਲਈ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਹਨ ਮੁਫ਼ਤ ਕੋਚਿੰਗ ਕਲਾਸਾਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਲੌਂਗੋਵਾਲ,28 ਮਾਰਚ (ਜਗਸੀਰ ਸਿੰਘ) - ਭਾਰਤ ਸਰਕਾਰ ਦੀ ਪ੍ਰਮੁੱਖ ਤਕਨੀਕੀ ਸੰਸਥਾ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ (ਡੀਮਡ ਯੂਨੀਵਰਸਿਟੀ) ਸਲਾਇਟ ਵੱਲੋਂ ਕਮਿਊਨਿਟੀ ਡਿਵੈਲਪਮੈਂਟ ਪ੍ਰੋਗਰਾਮ ਅਧੀਨ ਆਈਸੀਡੀ (ਡਿਪਲੋਮਾ) ਪ੍ਰਵੇਸ਼ ਪ੍ਰੀਖਿਆ ਲਈ ਮੁਫ਼ਤ ਕੋਚਿੰਗ ਕਲਾਸਾਂ ਸਫਲਤਾਪੂਰਵਕ ਆਯੋਜਿਤ ਕੀਤੀਆਂ ਜਾ ਰਹੀਆਂ ਹਨ ਤੇ ਨੇੜਲੇ ਖੇਤਰ ਦੇ ਲਗਭਗ 150 ਵਿਦਿਆਰਥੀ ਇਸ ਸਮੇਂ ਕਲਾਸਾਂ ਵਿੱਚ ਹਿੱਸਾ ਲੈ ਰਹੇ ਹਨ। ਸਲਾਈਟ ਦੇ ਡਾਇਰੈਕਟਰ ਡਾ.ਪ੍ਰੋ. ਮਣੀਕਾਂਤ ਪਾਸਵਾਨ ਨੇ ਪ੍ਰਬੰਧਕਾਂ ਪ੍ਰੋਫੈਸਰ ਸੀ.ਐਸ. ਰਿਆੜ, ਪ੍ਰੋਫੈਸਰ ਏ.ਐਸ. ਸ਼ਾਹੀ, ਪ੍ਰੋਫੈਸਰ ਕਮਲੇਸ਼ ਪ੍ਰਸਾਦ, ਪ੍ਰੋਫੈਸਰ ਏ.ਐਸ. ਧਾਲੀਵਾਲ, ਪ੍ਰੋਫੈਸਰ ਜੇ.ਆਰ.ਸ਼ਰਮਾ, ਸ਼੍ਰੀ. ਲਕਸ਼ਮੀ ਨਾਰਾਇਣ ਸਿੰਘ ਅਤੇ ਸ਼੍ਰੀ. ਬੂਟਾ ਸਿੰਘ ਦੇ ਨਾਲ ਕੋਚਿੰਗ ਕਲਾਸ ਸਥਾਨ ਦਾ ਦੌਰਾ ਕੀਤਾ। ਡਾਇਰੈਕਟਰ ਸ਼੍ਰੀ ਪਾਸਵਾਨ ਨੇ ਇਸ ਸਮੇਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ ਅਤੇ ਸਥਾਨਕ ਖੇਤਰ ਦੇ ਵਿਕਾਸ ਅਤੇ ਸਿੱਖਿਆ ਲਈ ਸਲਾਈਟ ਦੁਆਰਾ ਕੀਤੇ ਗਏ ਵਿਕਾਸ ਪਹਿਲਕਦਮੀਆਂ ਅਤੇ ਵਿਦਿਆਰਥਣਾਂ ਲਈ ਫੀਸ ਵਿੱਚ ਛੋਟ ਬਾਰੇ ਜਾਣੂ ਕਰਵਾਉਂਦੇ ਹੋਏ ਵਿਦਿਆਰਥੀਆਂ ਖਾਸ ਕਰਕੇ ਵਿਦਿਆਰਥਣਾਂ ਨੂੰ ਮਿਆਰੀ ਤਕਨੀਕੀ ਸਿੱਖਿਆ ਪ੍ਰਦਾਨ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ।

# ਸਿੱਖ ਸੰਗਤਾਂ ਦੀ ਆਸਥਾ ਨਾਲ ਖਿਲਵਾੜ ਕਰ ਸਿਆਸੀ ਬਿਸਾਤ ਵਿਛਾ ਰਹੀ ਭਰਤੀ ਕਮੇਟੀ ਅਸੂਲੋਂ ਖਿਸਕੀ - ਕਲਕੱਤਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਸੰਗਰੂਰ,28 ਮਾਰਚ (ਜਗਸੀਰ ਲੌਂਗੋਵਾਲ)- ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ 2 ਦਸੰਬਰ ਨੂੰ ਪੰਜ ਸਿੰਘ ਸਾਹਿਬਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਮੁਹਿੰਮ ਲਈ ਬਣਾਏ ਗਏ ਵਫਦ ਵੱਲੋਂ 29 ਮਾਰਚ ਨੂੰ ਸੰਗਰੂਰ ਨਜ਼ਦੀਕ ਇੱਕ ਮੈਰਿਜ ਪੈਲੇਸ ਵਿੱਚ ਭਰਤੀ ਮੁਹਿੰਮ ਦਾ ਆਗਾਜ਼ ਕੀਤਾ ਜਾ ਰਿਹਾ ਹੈ। ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕਰਦਿਆਂ ਹੋਇਆਂ ਪੰਥ ਚਿੰਤਕ ਸਰਦਾਰ ਕੁਲਵੰਤ ਸਿੰਘ ਕਲਕੱਤਾ ਵੱਲੋਂ ਇਸ ਨੂੰ ਸਿੱਖ ਸੰਗਤਾਂ ਦੀ ਆਸਥਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਨੂੰ ਅੱਖੋਂ ਪਰੋਖੇ ਕਰਕੇ ਅਸੂਲਾਂ ਤੋਂ ਖਿਸਕਦਿਆਂ ਇਹ ਪ੍ਰੋਗਰਾਮ ਉਲੀਕਿਆ ਹੈ। ਕੀ ਹੁਣ ਅਕਾਲ ਤਖ਼ਤ ਮਹਾਨ ਸਿੱਖ ਪੰਥ ਦੀ ਸ਼ਾਨ ਦੇ ਨਾਰੇ ਹੁਣ ਮੈਰਿਜ ਪੈਲਸਾਂ ਵਿੱਚ ਗੂੰਜਣਗੇ ਇਹ ਸਵਾਲ ਨਹੀਂ ਚਿੰਤਾ ਦਾ ਵਿਸ਼ਾ ਹੈ ਅਤੇ ਸੰਗਤਾਂ ਬਾਗ਼ੀ ਤੇ ਦਾਗੀ ਦੋਹਾ ਦੀ ਕਾਰਗੁਜਾਰੀ ਪਹਿਲਾਂ ਵੀ ਵੇਖ ਚੁੱਕੀ ਹੈ ਅਤੇ ਹੁਣ ਇਹਨਾਂ ਨੂੰ ਕਦੇ ਵੀ ਮੂੰਹ ਨਹੀਂ ਲਗਾਏਗੀ। ਸ੍ਰੀ ਅਕਾਲ ਤਖ਼ਤ ਸਾਹਿਬ ਸਮੁੱਚੇ ਪੰਥ ਦਾ ਸਿੱਖ ਸੰਗਤਾਂ ਦਾ ਹੈ ਅਤੇ ਜਿਸ ਕਤਾਰ ਤੇ ਅੱਜ ਤਖ਼ਤ ਸਾਹਿਬ ਦੇ ਜਥੇਦਾਰਾਂ ਦਾ ਕਿਰਦਾਰ ਨੂੰ ਰੋਲਿਆ ਜਾ ਰਿਹਾ ਹੈ ਉਸ ਵਿੱਚ ਇਹ ਦੋਵੇਂ ਧੜੇ ਹੀ ਮੁੱਖ ਰੂਪ ਵਿੱਚ ਜਿੰਮੇਵਾਰ ਹਨ। ਸ੍ਰ ਕੁਲਵੰਤ ਸਿੰਘ ਕਲਕੱਤਾ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਇਸ ਸਮੇਂ ਜਿੱਥੇ ਕੌਮ ਰਾਸ਼ਟਰਵਾਦੀ ਦੁਸ਼ਮਣਾਂ ਨਾਲ ਜੂਝ ਰਹੀ ਹੈ ਉੱਥੇ ਹੀ ਅੰਦਰੂਨੀ ਮਸੰਦਾਂ ਤੋਂ ਵੀ ਲਗਾਤਾਰ ਹਮਲੇ ਝਲ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਸਭ ਤੋਂ ਪਹਿਲਾਂ ਜਿਨਾਂ ਪ੍ਰਾਣੀਆਂ ਨੇ ਹਾਲੇ ਤੱਕ ਖੰਡੇ ਬਾਟੇ ਦੀ ਪਹੁਲ ਅੰਮ੍ਰਿਤ ਨਹੀਂ ਛਕਿਆ ਉਹ ਵਿਸਾਖੀ ਤੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬੰਨਣ ਅਤੇ ਗੁਰੂ ਸਿਧਾਂਤਾਂ ਤੇ ਡੱਟ ਕੇ ਪਹਿਰਾ ਦੇਣ। ਗੁਰੂ ਸਿਧਾਂਤਾਂ ਤੇ ਪਹਿਰਾ ਦੇਣ ਵਾਲੇ ਸਿੱਖ ਚਿੰਤਕਾਂ ਨੂੰ ਸ਼੍ਰੋਮਣੀ ਕਮੇਟੀ ਅਤੇ ਲੋਕਲ ਗੁਰਦੁਆਰਾ ਕਮੇਟੀਆਂ ਵਿੱਚ ਲਾਮਵੰਦ ਹੋ ਕੇ ਸਿੱਖੀ ਦਾ ਪ੍ਰਚਾਰ ਲਹਿਰ ਨੂੰ ਵੱਧ ਤੋਂ ਵੱਧ ਪ੍ਰਫੁੱਲਿਤ ਕਰਨ।

# ਬੱਚਿਆਂ ਵਿੱਚ ਹੋਣ ਵਾਲੀ ਟੀਬੀ ਦੀ ਬਿਮਾਰੀ ਸਬੰਧੀ ਕਰਵਾਈ ਟ੍ਰੇਨਿੰਗ

## ਬੱਚੇ ਦੇ ਸਰੀਰ ਵਿੱਚ ਕਿਸੇ ਵੀ ਤਰ੍ਹਾਂ ਦੀ ਗੰਢ ਟੀ ਬੀ ਹੋ ਸਕਦੀ ਹੈ ਤੁਰੰਤ ਜਾਂਚ ਕਰਵਾਓ-ਡਾ. ਨੈਨਸੀ ਗਰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਸੰਗਰੂਰ,28 ਮਾਰਚ (ਜਗਸੀਰ ਲੌਂਗੋਵਾਲ) - ਸਿਵਲ ਸਰਜਨ ਸੰਗਰੂਰ ਡਾ. ਸੰਜੇ ਕਾਮਰਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਟੀ ਬੀ ਅਫ਼ਸਰ ਡਾ. ਨੈਨਸੀ ਗਰਗ ਦੀ ਅਗਵਾਈ ਵਿੱਚ ਵਿਸ਼ਵ ਹੈਲਥ ਪਾਰਟਨਰਸ ਅਤੇ ਸਾਥੀ ਸੰਸਥਾ ਦੇ ਸਹਿਯੋਗ ਨਾਲ ਬੱਚਿਆਂ ਦੇ ਵਿੱਚ ਹੋਣ ਵਾਲੀ ਟੀ ਬੀ ਦੀ ਬਿਮਾਰੀ ਸਬੰਧੀ ਟੀ.ਬੀ. ਮੁਕਤ ਭਾਰਤ ਮਿਸ਼ਨ ਤਹਿਤ ਜ਼ਿਲ੍ਹਾ ਪੱਧਰੀ ਟ੍ਰੇਨਿੰਗ ਕਰਵਾਈ ਗਈ। ਟ੍ਰੇਨਿੰਗ ਦੌਰਾਨ ਡਾ. ਨੈਨਸੀ ਗਰਗ ਨੇ ਦੱਸਿਆ ਕਿ ਇਸ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਟੀ ਬੀ ਦੇ ਲੱਛਣ, ਇਲਾਜ ਅਤੇ ਪ੍ਰਬੰਧਨ ਵਿੱਚ ਸਿਹਤ ਪੇਸ਼ੇਵਰਾਂ ਦੇ ਹੁਨਰ ਅਤੇ ਗਿਆਨ ਨੂੰ ਵਧਾਉਣਾ ਹੈ। ਉਹਨਾਂ ਕਿਹਾ ਕਿ ਇਸ ਟ੍ਰੇਨਿੰਗ ਵਿੱਚ ਰਾਸ਼ਟਰੀ ਬਾਲ ਸਿਹਤ ਕਾਰਯਕ੍ਰਮ ਦੇ ਆਯੁਰਵੈਦਿਕ ਮੈਡੀਕਲ ਅਫ਼ਸਰ, ਆਂਗਣਵਾੜੀ ਸੁਪਰਵਾਈਜ਼ਰ, ਬਲਾਕ ਐਕਸਟੈਂਸ਼ਨ ਐਜੂਕੇਟਰ ਅਤੇ ਟੀ ਬੀ ਵਿਭਾਗ ਦੇ ਸਾਰੇ ਸਟਾਫ ਨੂੰ ਬੱਚਿਆਂ ਵਿੱਚ ਹੋਣ ਵਾਲੀ ਟੀ ਬੀ ਦੀ ਬਿਮਾਰੀ ਦੇ ਲੱਛਣਾਂ ਦੀ ਪਹਿਚਾਣ ਤੇ ਇਲਾਜ ਸਬੰਧੀ ਮਾਹਿਰਾਂ ਵੱਲੋਂ ਵਿਸਤਾਰ ਸਹਿਤ ਜਾਣਕਾਰੀ ਦਿੱਤੀ ਗਈ ਅਤੇ ਫੈਰਲ ਕੇਡ ਸਾਂਝਾ ਕੀਤਾ ਗਿਆ। ਉਹਨਾਂ ਨੇ ਕਿਹਾ ਕਿ ਜ਼ੀਰੋ ਤੋਂ 14 ਸਾਲ ਤੱਕ ਦੇ ਬੱਚਿਆਂ ਵਿੱਚ ਦੋ ਹਫ਼ਤਿਆਂ ਤੋਂ ਵੱਧ ਖੰਘ ਅਤੇ ਬੁਖ਼ਾਰ, ਭਾਰ ਦਾ ਘਟਣਾ, ਥੁੱਕ ਵਿੱਚ ਖੂਨ, ਭੁੱਖ ਦਾ ਨਾ ਲੱਗਣਾ ਅਤੇ ਰਾਤ ਸਮੇਂ ਪਸੀਨਾ ਆਉਣਾ ਆਦਿ ਟੀ ਬੀ ਦੇ ਲੱਛਣ ਹੋ ਸਕਦੇ ਹਨ। ਅਜਿਹੇ ਲੱਛਣ ਹੋਣ ਤੇ ਤੁਰੰਤ ਬੱਚਿਆਂ ਦੇ ਮਾਹਿਰ ਡਾਕਟਰ ਜਾਂ ਸਰਕਾਰੀ ਟੀ ਬੀ ਹਸਪਤਾਲ ਵਿਖੇ ਜਾਂਚ ਕਰਵਾਉਣੀ ਚਾਹੀਦੀ ਹੈ। ਉਹਨਾਂ ਨੇ ਕਿਹਾ ਕਿ ਬੱਚੇ ਦੇ ਸਰੀਰ ਵਿੱਚ ਕਿਸੇ ਵੀ ਤਰ੍ਹਾਂ ਦੀ ਗੰਢ ਦੇਖਣ ਤੇ ਤੁਰੰਤ ਹਸਪਤਾਲ ਵਿੱਚ ਉਸ ਦੀ ਜਾਂਚ ਕਰਵਾਓ ਟੀ ਬੀ ਤੇ ਲੱਛਣਾਂ ਸਬੰਧੀ ਆਸ਼ਾ ,ਆਂਗਣਵਾੜੀ ਵਰਕਰਾਂ ਛੋਟੇ ਬੱਚਿਆਂ ਦੇ ਮਾਪਿਆਂ ਨੂੰ ਟੀ ਬੀ ਦੇ ਲੱਛਣ ਦੀ ਜਾਣਕਾਰੀ ਦੇਣਾ ਬਹੁਤ ਜਰੂਰੀ ਟੀ ਬੀ ਦੀ ਜਲਦੀ ਪਹਿਚਾਣ ਜਾਂਚ ਤੇ ਇਲਾਜ ਨਾਲ ਬੱਚਿਆਂ ਵਿੱਚ ਟੀ ਬੀ ਦੀ ਬਿਮਾਰੀ ਦੀ ਰੋਕਥਾਮ ਕਰ ਸਕਦੇ ਹਾਂ ਇਸ ਮੌਕੇ ਹਰਦੀਪ ਕੌਰ ਸਟੇਟ ਟਰੇਨਰ (ਟੀ ਬੀ) ਨੇ ਦੱਸਿਆ ਕਿ ਛੋਟੇ ਬੱਚਿਆਂ ਵਿੱਚ ਟੀ ਬੀ ਦੀ ਬਿਮਾਰੀ ਦੀ ਪਹਿਚਾਣ ਕਰਨਾ ਮੁਸ਼ਕਿਲ ਹੁੰਦਾ ਕਿਉਂਕਿ ਛੋਟਾ ਬੱਚਾ ਲੱਛਣਾ ਸਬੰਧੀ ਦੱਸ ਨਹੀਂ ਸਕਦਾ ਤੇ ਉਸਦੇ ਸੈਂਪਲ ਲੈਣ ਵਿੱਚ ਵੀ ਮੁਸ਼ਕਿਲ ਪੇਸ਼ ਆਉਂਦੀ ਹੈ ਜਿਸ ਕਾਰਨ ਬੱਚਿਆਂ ਰਾਹੀਂ ਟੀ ਬੀ ਦੀ ਬਿਮਾਰੀ ਦੇ ਦੂਜਿਆਂ ਤੱਕ ਫੈਲਣ ਦਾ ਖਤਰਾ ਵਧ ਜਾਂਦਾ ਹੈ। ਇਸ ਟ੍ਰੇਨਿੰਗ ਦੌਰਾਨ ਜ਼ਿਲ੍ਹਾ ਸਮੂਹ ਸਿੱਖਿਆ ਅਤੇ ਸੂਚਨਾ ਅਫ਼ਸਰ ਕਰਨੈਲ ਸਿੰਘ, ਹਰਦੀਪ ਕੌਰ (ਸਟੇਟ ਨਰਸ ਮੇਂਟਰ), ਮਨਪ੍ਰੀਤ ਕੌਰ (ਜ਼ਿਲ੍ਹਾ ਪ੍ਰੋਜੈਕਟ ਕੋਆਰਡੀਨੇਟਰ) ਬਲਾਕ ਐਕਸਟੈਂਸ਼ਨ ਐਜੂਕੇਟਰ ਹਰਦੀਪ ਜਿੰਦਲ, ਸਮੂਹ ਬਲਾਕ ਐਕਸਟੈਂਸ਼ਨ ਐਜੂਕੇਟਰਜ, ਟੀ ਬੀ ਕਲੀਨਿਕ ਦਾ ਸਮੂਹ ਸਟਾਫ, ਆਯੁਰਵੈਦਿਕ ਮੈਡੀਕਲ ਅਫ਼ਸਰ, ਐਸ.ਟੀ.ਐਸ ਆਂਗਣਵਾੜੀ ਸੁਪਰਵਾਈਜ਼ਰ ਆਦਿ ਹਾਜ਼ਰ ਸਨ।

# ਔਰਤਾਂ ਨੂੰ ਇੱਕ ਹਜਾਰ ਰੁਪਏ ਮਹੀਨਾ ਦੇਣ ਦੀ ਗਰੰਟੀ ਸਰਕਾਰ ਨੇ ਚੌਥੇ ਬੱਜਟ ਵਿੱਚ ਵੀ ਪੂਰੀ ਨਹੀਂ ਕੀਤੀ : ਐਡਵੋਕੇਟ ਭਾਰਦਵਾਜ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 28 ਮਾਰਚ ( ਤਰਸੇਮ ਦੀਵਾਨਾ ) ਪੰਜਾਬ ਸਰਕਾਰ ਵਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਸਾਲ 2025-26 ਦੇ ਬੱਜਟ ਦੀ ਨੁਕਤਾਚੀਨੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਐਸਸੀ ਵਿੰਗ ਦੇ ਜਿਲ੍ਹਾ ਸ਼ਹਿਰੀ ਪ੍ਰਧਾਨ ਐਡਵੋਕੇਟ ਸ਼ਮਸ਼ੇਰ ਸਿੰਘ ਭਾਰਦਵਾਜ ਨੇ ਕਿਹਾ ਕਿ ਸਰਕਾਰ ਵਲੋਂ ਪੇਸ਼ ਕੀਤਾ ਬੱਜਟ 'ਆਪ ਦੇ ਫਲਾਪ' ਹੋਣ ਦੀ ਗਵਾਹੀ ਭਰਦਾ ਹੈ। ਕਿਉਂਕਿ ਕੇਜਰੀਵਾਲ ਅਤੇ ਭਗਵੰਤ ਮਾਨ ਕਹਿੰਦੇ ਸਨ ਕਿ ਦੂਜੀਆਂ ਪਾਰਟੀਆਂ ਝੂਠੇ ਵਾਅਦੇ ਕਰਦੇ ਹਨ ਪਰ ਉਹ ਪੱਕੀ ਗਰੰਟੀ ਦਿੰਦੇ ਹਨ ਜੋ ਪੂਰੀ ਹੁੰਦੀ ਹੈ। ਇਸ ਲਿਹਾਜ ਦੇ ਨਾਲ ਪੰਜਾਬ ਵਿਧਾਨਸਭਾ ਦੀਆਂ ਚੋਣਾਂ ਤੋਂ ਪਹਿਲਾਂ ਔਰਤਾਂ ਨੂੰ ਇੱਕ ਹਜਾਰ ਰੁਪਏ ਮਹੀਨਾ ਦੇਣ ਦੀ ਗਰੰਟੀ ਸਰਕਾਰ ਦੇ ਚੌਥੇ ਬੱਜਟ ਵਿੱਚ ਵੀ ਪੂਰੀ ਨਹੀਂ ਹੋਈ ਹੈ। ਬੱਜਟ ਵਿੱਚ ਇਸ ਗਰੰਟੀ ਦਾ ਕੋਈ ਜਿਕਰ ਤੱਕ ਨਹੀਂ ਕੀਤਾ ਗਿਆ। ਉਹਨਾਂ ਕਿਹਾ ਕਿ ਪੰਜਾਬੀਆਂ ਨੂੰ ਸਿਰਫ ਝੂਠੇ ਸਬਜਬਾਗ ਹੀ ਦਿਖਾਏ ਗਏ ਹਨ। ਉਹਨਾਂ ਕਿਹਾ ਕਿ ਬੱਜਟ 'ਚ ਪੇਸ਼ ਅੰਕੜਿਆਂ ਦਾ ਕੋਈ ਆਧਾਰ ਨਹੀਂ ਹੈ। ਸਰਕਾਰ ਵਲੋਂ ਚੁੱਕੇ ਗਏ ਕਰਜਿਆਂ ਦੀ ਜਾਣਕਾਰੀ ਨਹੀਂ ਦਿੱਤੀ ਗਈ । ਜਦਕਿ ਪੰਜਾਬ ਨੂੰ ਕਰਜਾ ਮੁਕਤ ਸਟੇਟ ਬਣਾਉਣ ਦਾ ਦਾਅਵਾ ਕਰਨ ਵਾਲੀ ਭਗਵੰਤ ਮਾਨ ਸਰਕਾਰ ਦੇ ਰਾਜ ਵਿੱਚ ਸੂਬੇ ਦਾ ਕਰਜਾ ਪਹਿਲਾਂ ਨਾਲੋਂ ਵੀ ਬਹੁਤ ਜਿਆਦਾ ਵੱਧਦਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਰਕਾਰ ਨੇ ਅਗਲੇ ਵਰ੍ਹੇ ਵਿੱਚ ਜੋ ਖਰਚੇ ਕਰਨ ਦੀ ਗੱਲ ਕਹੀ ਹੈ, ਉਹ ਪੈਸੇ ਕਿੱਥੋਂ ਆਉਣਗੇ? ਇਸ ਵਾਰ ਬੱਜਟ ਵਿੱਚ ਕੋਈ ਵੀ ਜਾਣਕਾਰੀ ਨਹੀਂ ਦਿੱਤੀ ਗਈ । ਉਹਨਾ ਕਿਹਾ ਕਿ ਪੰਜਾਬ ਦੇ ਲੋਕ ਆਪ ਪਾਰਟੀ ਦੇ ਵਰਗਲਾਵੇ ਵਿੱਚ ਦੁਬਾਰਾ ਨਹੀਂ ਆਉਣਗੇ। ਜਿਸ ਤਰ੍ਹਾਂ ਦਿੱਲੀ ਦੀ ਜਨਤਾ ਨੇ ਆਮ ਆਦਮੀ ਪਾਰਟੀ ਨੂੰ ਸਬਕ ਸਿਖਾਇਆ ਹੈ, ਉਸੇ ਤਰ੍ਹਾਂ ਪੰਜਾਬ ਦੇ ਵੋਟਰ ਵੀ 2027 ਦੀਆਂ ਪੰਜਾਬ ਵਿਧਾਨਸਭਾ ਚੋਣਾਂ 'ਚ ਆਪ ਪਾਰਟੀ ਨੂੰ ਚੱਲਦਾ ਕਰਨਗੇ।

# ਰੋ ਰਹੇ ਹਵਾ,ਪਾਣੀ, ਮਿੱਟੀ ਦੀ ਪੁਕਾਰ ਸੁਣੋ ਸਬੰਧੀ ਸੈਮੀਨਾਰ ਅੱਜ ਤੋਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਸੰਗਰੂਰ,28 ਮਾਰਚ (ਜਗਸੀਰ ਲੌਂਗੋਵਾਲ)- ਸਥਾਨਕ ਪਿੰਗਲਵਾੜਾ ਸ਼ਾਖਾ ਦੇ 25ਵੇਂ ਸਥਾਪਨਾ ਦਿਵਸ ਸਬੰਧੀ ਤਿੰਨ ਰੋਜ਼ਾ ਸਮਾਗਮਾਂ ਦੀ ਸ਼ੁਰੂਆਤ ਅੱਜ, ਵਾਤਾਵਰਣ ਦੀ ਸੰਭਾਲ ਦੀ ਰੌਸ਼ਨੀ ਵਿੱਚ ਰੋ ਰਹੇ ਹਵਾ, ਪਾਣੀ, ਮਿੱਟੀ ਦੀ ਪੁਕਾਰ ਸੁਣੋ ਦੇ ਵਿਸ਼ੇ ਤੇ ਸੈਮੀਨਾਰ ਨਾਲ ਹੋ ਰਹੀ ਹੈ। ਡਾ ਇੰਦਰਜੀਤ ਕੌਰ ਪ੍ਰਧਾਨ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅਤੇ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ ਸੰਗਰੂਰ ਸ਼ਾਖਾ ਨੇ ਦੱਸਿਆ ਕਿ ਇਸ ਮੌਕੇ ਪ੍ਰਸਿੱਧ ਵਿਦਵਾਨ ਡਾ: ਗੁਰਿੰਦਰ ਕੌਰ, ਗੁਰਚਰਨ ਸਿੰਘ ਨੂਰਪੁਰ, ਅਮਿਤੋਜ ਮਾਨ ਅਤੇ ਜਸਕੀਰਤ ਸਿੰਘ ,ਰਾਜਬੀਰ ਸਿੰਘ ਆਦਿ ,ਪਲੀਤ ਹੋ ਰਹੇ ਪਾਣੀ, ਹਵਾ ਸਬੰਧੀ ਵਿਚਾਰ ਵਟਾਂਦਰਾ ਕਰਨਗੇ। ਇਸ ਮੌਕੇ ਤੇ ਵਾਤਾਵਰਣ ਚਿੰਤਕ ਡਾ ਵਿਨੋਦ ਚੌਧਰੀ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਡਾ.ਏ. ਐਸ. ਮਾਨ, ਡਾ ਅਮਨਦੀਪ ਕੌਰ ਪ੍ਰਿੰਸੀਪਲ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਆਦਿ ਸਮੇਤ ਇਲਾਕੇ ਦੇ ਪੰਚ ਸਰਪੰਚ ਵਿਚਾਰ ਚਰਚਾ ਵਿੱਚ ਭਾਗ ਲੈਣਗੇ। ਸਮਾਗਮ ਕਨਵੀਨਰ ਹਰਜੀਤ ਸਿੰਘ ਅਰੋੜਾ, ਮਾਸਟਰ ਸਤਪਾਲ ਸ਼ਰਮਾ ਦੀ ਅਗਵਾਈ ਵਿੱਚ 30 ਮਾਰਚ ਨੂੰ ਸਵੇਰੇ ਧਾਰਮਿਕ ਸਮਾਗਮ ਦੌਰਾਨ ਪ੍ਰਸਿੱਧ ਵਿਦਵਾਨ ਡਾ ਪਿਆਰੇ ਲਾਲ ਗਰਗ, ਡਾ ਇੰਦਰਜੀਤ ਸਿੰਘ ਗੋਗੋਆਣੀ ਸ੍ਰੀ ਅੰਮ੍ਰਿਤਸਰ, ਪ੍ਰੋ ਗੁਰਨਾਇਬ ਸਿੰਘ ਪਟਿਆਲਾ ਅਤੇ ਹੋਰ ਸ਼ਖ਼ਸੀਅਤਾਂ ਸੰਗਤਾਂ ਨਾਲ ਵਿਚਾਰ ਵਟਾਂਦਰਾ ਕਰਨਗੇ। ਇਸ ਮੌਕੇ ਤੇ ਸਿਵਲ ਹਸਪਤਾਲ ਦੇ ਸਹਿਯੋਗ ਨਾਲ ਖੂਨ ਦਾਨ ਕੈਂਪ ਲੱਗੇਗਾ ਜਦੋਂ ਕਿ ਰਣਜੀਤ ਹਸਪਤਾਲ ਸੰਗਰੂਰ ਵੱਲੋਂ ਡਾ: ਇੰਦਰਜੀਤ ਕੌਰ ਦੀ ਅਗਵਾਈ ਵਿੱਚ ਅੱਖਾਂ ਦਾ ਫਰੀ ਚੈੱਕ ਅੱਪ ਕੈਂਪ ਲਗਾਇਆ ਜਾਵੇਗਾ। ਸੁਰਿੰਦਰ ਪਾਲ ਸਿੰਘ ਸਿਦਕੀ ਪ੍ਰਬੰਧਕੀ ਸਕੱਤਰ ਨੇ ਦੱਸਿਆ ਕਿ 31 ਮਾਰਚ ਨੂੰ ਸਵੇਰੇ 9 ਵਜੇ ਵਾਤਾਵਰਨ ਦੇ ਵਿਸ਼ੇ ਤੇ ਪੇਂਟਿੰਗ ਮੁਕਾਬਲੇ ਹੋਣਗੇ ਜਿਸ ਵਿੱਚ ਸੰਗਰੂਰ ਅਤੇ ਇਲਾਕੇ ਦੇ ਸਕੂਲ, ਕਾਲਜ ਦੇ ਵਿਦਿਆਰਥੀਆਂ ਤੋਂ ਇਲਾਵਾ ਸਹਿਯੋਗ ਸਕੂਲ, ਵਿਸ਼ਵਾਸ ਆਟੀਜਮ ਸਕੂਲ ਅਤੇ ਪਿੰਗਲਵਾੜਾ ਮਾਨਾਂਵਾਲਾ ਵਿਖੇ ਚੱਲ ਰਹੇ ਸਪੈਸ਼ਲ ਸਕੂਲ ਅਤੇ ਡੈੱਫ ਸਕੂਲ ਦੇ ਬੱਚੇ ਵੀ ਵਿਸ਼ੇਸ਼ ਤੌਰ ਤੇ ਭਾਗ ਲੈ ਰਹੇ। ਸਮਾਗਮਾਂ ਦੀ ਸਮਾਪਤੀ ਤੇ ਸਭਿਆਚਾਰਕ ਪਿੜ ਸਜਾਈ ਜਾਵੇਗੀ ਜਿਸ ਵਿੱਚ ਪਿੰਗਲਵਾੜਾ ਪਰਿਵਾਰ ਵੱਲੋਂ ਪੇਸ਼ਕਾਰੀਆਂ ਕੀਤੀਆਂ ਜਾਣਗੀਆਂ। ਸਮਾਗਮ ਸਬੰਧੀ ਸ਼ਾਖਾ ਦੀ ਸਜਾਵਟ ਕਰਕੇ ਸੁੰਦਰ ਦਿੱਖ ਬਣਾਈ ਗਈ ਹੈ ਜਿਸ ਨਾਲ ਖੁਸ਼ੀਆਂ ਭਰਿਆ ਮਾਹੌਲ ਦਿਖਾਈ ਦੇ ਰਿਹਾ ਹੈ। ਸਰਪੰਚ ਮੇਜਰ ਸਿੰਘ ਮਸਾਣੀ ਅਤੇ ਉਨ੍ਹਾਂ ਦੇ ਸਾਥੀ, ਡਾ ਉਪਾਸਨਾ, ਰਾਣੀ ਬਾਲਾ, ਰਵਨੀਤ ਕੌਰ ਪਿੰਕੀ, ਬੀਰਪਾਲ ਕੌਰ, ਪ੍ਰਿੰਸੀਪਲ ਬਲਵੰਤ ਸਿੰਘ, ਪ੍ਰਿੰਸੀਪਲ ਸੁਖਦਰਸ਼ਨ ਸਿੰਘ ਢਿੱਲੋਂ, ਗੁਰਮੇਲ ਸਿੰਘ , ਕੁਲਵੰਤ ਸਿੰਘ ਅਕੋਈ, ਪ੍ਰੀਤਮ ਸਿੰਘ ਬੜਬਰ,ਵਰਿੰਦਰ ਸਿੰਘ ਸਮੇਤ ਅੰਮ੍ਰਿਤਸਰ ਤੋਂ ਪਹੁੰਚੇ ਦਲਵਿੰਦਰ ਸਿੰਘ, ਰਾਜਵਿੰਦਰ ਸਿੰਘ, ਨਿਸ਼ਾਨ ਸਿੰਘ, ਗੁਰਪ੍ਰੀਤ ਕੌਰ ਆਦਿ ਵੱਖ ਵੱਖ ਪ੍ਰਬੰਧਾਂ ਦੀ ਨਿਗਰਾਨੀ ਕਰ ਰਹੇ ਹਨ।

# ਭੰਮੇ ਕਲਾਂ ਸਕੂਲ ਵਿਖੇ ਮਾਤ ਭਾਸ਼ਾ ਦੇ ਮਹੱਤਵ ਵਿਸ਼ੇ ਉਪਰ ਕਰਵਾਇਆ ਸੰਵਾਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਮਾਨਸਾ, 28 ਮਾਰਚ : (ਆਤਮਾ ਸਿੰਘ ਪਮਾਰ) ਸਰਕਾਰੀ ਸੈਕੰਡਰੀ ਸਕੂਲ ਭੰਮੇ ਕਲਾਂ ਵਿਖੇ ਰਾਸ਼ਟਰੀ ਸੇਵਾ ਯੋਜਨਾ ਦੇ ਸੱਤ ਰੋਜ਼ਾ ਕੈਂਪ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਤੇਜਿੰਦਰ ਕੌਰ ਨੇ ਵਿਦਿਆਰਥੀਆਂ ਦੇ ਲੈਕਚਰ ਸ਼ੈਸ਼ਨ ਵਿੱਚ ਮਾਤ ਭਾਸ਼ਾ ਦੇ ਮਹੱਤਵ ਵਿਸ਼ੇ ਉਪਰ ਸੰਵਾਦ ਰਚਾਇਆ। ਉਨ੍ਹਾਂ ਕਿਹਾ ਕਿ ਮਾਤ ਭਾਸ਼ਾ ਸਾਡੇ ਸੁਪਨਿਆਂ, ਸਾਡੇ ਅਵਚੇਤਨ ਅਤੇ ਚੇਤਿਆਂ ਦਾ ਪ੍ਰਗਟਾਵਾ ਹੁੰਦੀ ਹੈ। ਬਾਕੀ ਭਾਸ਼ਾਵਾਂ ਸਿੱਖਣਾ ਚੰਗੀ ਗੱਲ ਹੈ, ਪਰ ਸਾਨੂੰ ਹੋਰ ਭਾਸ਼ਾਵਾਂ ਵਿੱਚ ਮੁਹਾਰਤ ਨੂੰ ਹੀ ਬੁੱਧੀਮਾਨਤਾ ਦਾ ਸੂਚਕ ਨਹੀਂ ਮੰਨ ਲੈਣਾ ਚਾਹੀਦਾ। ਇਸ ਭਾਸ਼ਣ ਦੌਰਾਨ ਤੇਜਿੰਦਰ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਰਾਜ ਭਾਸ਼ਾ ਐਕਟ 2008 ਅਤੇ ਰਾਜ ਭਾਸ਼ਾ ਤਰਮੀਮ ਐਕਟ 2021 ਬਾਰੇ ਜਾਣਕਾਰੀ ਦਿੱਤੀ । ਉਹਨਾਂ ਵਿਦਿਆਰਥੀਆਂ ਨੂੰ ਦੁਕਾਨਾਂ ਅਤੇ ਅਦਾਰਿਆਂ ਦੇ ਬਾਹਰਲੇ ਬੋਰਡ ਪੰਜਾਬੀ ਵਿੱਚ ਕਰਨ ਬਾਰੇ ਪੰਜਾਬ ਸਰਕਾਰ ਦੇ ਹੁਕਮਾਂ ਤੋਂ ਦਰਸ਼ਕਾਂ ਨੂੰ ਜਾਣੂ ਕਰਵਾਇਆ। ਇੰਚਾਰਜ ਪ੍ਰਿੰਸੀਪਲ ਇੰਦਰਜੀਤ ਸਿੰਘ ਨੇ ਸਕੂਲ ਵਿੱਚ ਵਿਭਾਗ ਦੀ ਟੀਮ ਦਾ ਨਿੱਘਾ ਸੁਆਗਤ ਕੀਤਾ। ਇਸ ਮੌਕੇ ਜ਼ਿਲ੍ਹੇ ਦੇ ਵਿਕਾਸ ਫੈਲੋ ਦੇਬਾਸਮਿਤਾ ਬੇਜ ਨੇ ਵੀ ਆਪਣੀ ਜ਼ਿੰਦਗੀ ਦੇ ਅਨੁਭਵ ਸਾਂਝੇ ਕਰਕੇ ਵਿਦਿਆਰਥੀਆਂ ਨੂੰ ਚੰਗੀ ਸਖ਼ਸ਼ੀਅਤ ਦੇ ਵਿਕਾਸ ਦੇ ਨੁਕਤੇ ਦੱਸੇ। ਇਸ ਰਾਸ਼ਟਰੀ ਸੇਵਾ ਯੋਜਨਾ ਕੈਂਪ ਦੇ ਪ੍ਰੋਗਰਾਮ ਅਫ਼ਸਰ ਰਾਜਨੀਤੀ ਸ਼ਾਸ਼ਤਰ ਦੇ ਲੈਕਚਰਾਰ ਗੁਰਪਾਲ ਸਿੰਘ ਚਹਿਲ ਵੱਲੋਂ ਭਾਸ਼ਾ ਵਿਭਾਗ ਦੇ ਕਾਰਜਾਂ ਦੀ ਸਲਾਘਾ ਕੀਤੀ ਗਈ। ਇਸ ਸਮਾਗਮ ਵਿੱਚਰਜਨੀਸ਼ ਸ਼ਰਮਾ, ਅੰਗਰੇਜ਼ੀ ਮਾਸਟਰ, ਸਕੂਲ ਦੇ ਅਧਿਆਪਕ, ਮਿਡ-ਡੇ-ਮੀਲ ਸਟਾਫ਼ ਵੀ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਦੇ ਪ੍ਰਸਤਾਵਿਤ ਸੱਦੇ 'ਤੇ ਹਜ਼ਾਰਾਂ ਕਿਸਾਨਾਂ ਵੱਲੋਂ ਡਿਪਟੀ ਕਮਿਸ਼ਨਰ ਮਾਨਸਾ ਦੇ ਦਫਤਰ ਦਾ ਕੀਤਾ ਘਿਰਾਓ

## ਦੇਸ਼ ਦੇ ਰਾਸ਼ਟਰਪਤੀ ਤੇ ਪੰਜਾਬ ਦੇ ਗਵਰਨਰ ਦੇ ਨਾਂ ਡੀ ਸੀ ਮਾਨਸਾ ਰਾਹੀਂ ਨੂੰ ਭੇਜਿਆ ਮੰਗ ਪੱਤਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਮਾਨਸਾ 28 ਮਾਰਚ ( ਆਤਮਾ ਸਿੰਘ ਪਮਾਰ ) ਮੀਟਿੰਗ ਵਿੱਚ ਸੱਦ ਕੇ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕਰਨ ਤੇ ਸ਼ੰਭੂ ਤੇ ਖਨੌਰੀ ਬਾਰਡਰਾਂ ਤੇ ਸਾਂਤਮਈ ਬੈਠੇ ਕਿਸਾਨਾ ' ਤੇ ਤਸਦੱਦ ਕਰਨ , ਸਮਾਨ ਖੁਰਦ ਬੁਰਦ ਕਰਨ ਤੇ ਉਨ੍ਹਾ ਨੂੰ ਚੁੱਕ ਕੇ ਜੇਲ੍ਹਾਂ ਵਿੱਚ ਡੱਕਣ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਅਗਵਾਈ ਹਜਾਰਾਂ ਕਿਸਾਨਾਂ ਨੇ ਇਕੱਠੇ ਹੋ ਕੇ ਡਿਪਟੀ ਕਮਿਸ਼ਨਰ ਮਾਨਸਾ ਦੇ ਦਫ਼ਤਰ ਦਾ ਘਿਰਾਓ ਕੀਤਾ ਤੇ ਦੇਸ਼ ਦੇ ਰਾਸ਼ਟਰਪਤੀ ਤੇ ਪੰਜਾਬ ਦੇ ਗਵਰਨਰ ਦੇ ਨਾਮ ਤੇ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਮੰਗ ਪੱਤਰ ਵੀ ਭੇਜਿਆ ਗਿਆ । ਇਸ ਮੌਕੇ ਤੇ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਰੁਲਦੂ ਸਿੰਘ ਮਾਨਸਾ , ਰਾਮ ਸਿੰਘ ਭੈਣੀਬਾਘਾ , ਬਲਦੇਵ ਸਿੰਘ ਨਿਹਾਲਗੜ੍ਹ , ਮਲੂਕ ਸਿੰਘ ਹੀਰਕੇ , ਮਹਿੰਦਰ ਸਿੰਘ ਭੈਣੀਬਾਘਾ, ਭਜਨ ਸਿੰਘ ਘੁੰਮਣ, ਲਾਲ ਚੰਦ ਸਰਦੂਲਗੜ੍ਹ, ਜਸਵੀਰ ਸਿੰਘ ਅਕਲੀਆ , ਕੁਲਦੀਪ ਸਿੰਘ ਚੱਕ ਭਾਈਕੇ , ਦਰਸ਼ਨ ਸਿੰਘ ਜਟਾਣਾ , ਗੁਰਚਰਨ ਸਿੰਘ ਭੀਖੀ , ਹਰਚਰਨ ਸਿੰਘ, ਦਿਲਬਾਗ ਸਿੰਘ ਗੱਗੀ , ਜਗਦੇਵ ਸਿੰਘ ਭੈਣੀਬਾਘਾ, ਸੱਤਪਾਲ ਰਿਸ਼ੀ , ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਕ੍ਰਿਸ਼ਨ ਚੋਹਾਨ , ਕੁਲਵੰਤ ਸਿੰਘ ਕਿਸ਼ਨਗੜ੍ਹ , ਪਰਸ਼ੋਤਮ ਸਿੰਘ ਗਿੱਲ ਤੇ ਅਮਰੀਕ ਸਿੰਘ ਫਫੜੇ ਨੇ ਕਿਹਾ ਕਿ ਸਮੇ ਦੇ ਹਾਕਮ ਕਿਸੇ ਤਰ੍ਹਾ ਦੇ ਭੁਲੇਖੇ ਵਿੱਚ ਨਾ ਰਹਿਣ ਕਿ ਲਹਿਰਾਂ ਕਦੇ ਜ਼ਬਰ ਤੇ ਜੁਲਮ ਨਾਲ ਖਤਮ ਨਹੀ ਹੋਇਆ ਕਰਦੀਆਂ , ਸਗੋ ਹੋਰ ਪ੍ਰਚੰਡ ਰੂਪ ਧਾਰਨ ਕਰਦੀਆ ਹਨ

ਆਗੂਆਂ ਨੇ ਕਿਹਾ ਕਿ ਕਾਰਪੋਰੇਟ ਘਰਾਣਿਆਂ ਦੀ ਅਗਵਾਈ ਵਾਲੀ ਦੇਸ਼ ਦੀ ਮੋਦੀ ਹਕੂਮਤ ਤੇ ਪੰਜਾਬ ਦੀ ਮਾਨ ਸਰਕਾਰ ਦੇ ਹਰ ਜਬਰ ਦਾ ਮੁਕਾਬਲਾ ਏਕੇ ਤੇ ਸੰਘਰਸ ਦੇ ਰਾਹੀ ਦਿੱਤਾ ਜਾਵੇਗਾ ਤੇ ਦੇਸ਼ ਦੇ ਸੰਵਿਧਾਨ , ਭਾਈਚਾਰਕ ਸਦਭਾਵਨਾ, ਜ਼ਮੀਨਾਂ , ਖੇਤੀਬਾੜੀ ਤੇ ਰੁਜ਼ਗਾਰ ਨੂੰ ਬਚਾਇਆ ਜਾਵੇਗਾ ।

ਆਗੂਆਂ ਨੇ ਕਿਹਾ ਕਿ ਦੇਸ਼ ਦੀ ਮੋਦੀ ਹਕੂਮਤ ਦੇ ਇਸ਼ਾਰੇ ਤੇ ਕਿਸਾਨ ਲਹਿਰ ਨੂੰ ਕੁਚਲਣ ਦੇ ਯਤਨ ਕਰਨੇ ਬਹੁਤ ਮਹਿੰਗੇ ਪੈਣਗੇ ।

ਇਸ ਮੌਕੇ ਤੇ ਹੋਰਨਾਂ ਤੋ ਇਲਾਵਾ ਜਸਵੀਰ ਕੌਰ ਨੱਤ , ਰੂਪ ਸਿੰਘ ਢਿੱਲੋ , ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਰਣਜੀਤ ਕੌਰ ਬਰੇਟਾ , ਜੋਗਿੰਦਰ ਸਿੰਘ ਦਿਆਲਪੁਰਾ, ਜਗਸੀਰ ਸਿੰਘ ਜਵਾਹਰਕੇ , ਬਲਵਿੰਦਰ ਸਿੰਘ ਖਿਆਲਾ ਅਤੇ ਇਕਬਾਲ ਮਾਨਸਾ ਆਦਿ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

# ਸਕ੍ਰਿਪਟ ਲਿਖਣਾ ਮੇਰਾ ਸ਼ੌਕ - ਰਜਨੀ ਭਗਾਣੀਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਹਰ ਇਨਸਾਨ ਵਿੱਚ ਕੋਈ ਨਾ ਕੋਈ ਗੁਣ ਜ਼ਰੂਰ ਮੌਜੂਦ ਹੁੰਦਾ ਹੈ। ਕਿਸੇ ਨੂੰ ਪਤਾ ਚਲ ਜਾਂਦਾ ਹੈ ਤੇ ਕਿਸੇ ਨੂੰ ਨਹੀਂ, ਜੇਕਰ ਆਪਣੇ ਗੁਣ ਦਾ ਸਹੀ ਇਸਤੇਮਾਲ ਕੀਤਾ ਜਾਵੇ ਤਾਂ ਇਨਸਾਨ ਨੂੰ ਪਛਾਣ ਮਿਲਣਾ ਔਖਾ ਨਹੀਂ ਹੁੰਦਾ। ਇਸੇ ਤਰ੍ਹਾਂ ਹੀ ਗੱਲ ਆਉਂਦੀ ਹੈ ਪੰਜਾਬੀ ਫ਼ਿਲਮ ਇੰਡਸਟਰੀ ਤੇ ਆਰਟੀਕਲ ਲਿਖਣ ਵਾਲੀ ਪਟਿਆਲਾ ਸ਼ਹਿਰ ਦੀ ਜੰਮਪਲ ਰਜਨੀ ਭਗਾਣੀਆ ਦੀ ਜੋ ਕੁਝ ਸਮੇਂ ਤੋਂ ਚਰਚਿੱਤ ਸਿਨੇਮੇ ਤੇ ਫ਼ਿਲਮ ਕਲਾਕਾਰਾਂ ਦੇ ਆਰਟੀਕਲ ਲਿਖਣ ਦੇ ਨਾਲ ਪਟਕਥਾ ਲਿਖਣ ਦਾ ਵੀ ਕੰਮ ਕਰਦੀ ਆ ਰਹੀ ਹੈ।

ਰਜਨੀ ਦਾ ਕਹਿਣਾ ਹੈ ਕਿ ਮੈਨੂੰ ਬਚਪਨ ਤੋਂ ਹੀ ਲਿਟਰੇਚਰ ਪੜ੍ਹਨ ਦਾ ਸ਼ੌਂਕ ਰਿਹਾ, ਮੈਂ ਆਪਣੀ ਪੜ੍ਹਾਈ ਸਮੇਂ ਕਵਿਤਾ ਲਿਖਦੀ ਤੇ ਆਪਣੇ ਵਿਚਾਰਾਂ ਨੂੰ ਕਾਗਜ਼ ਤੇ ਉਤਾਰਦੀ ਰਹਿੰਦੀ। ਪੜ੍ਹਾਈ ਤੋਂ ਬਾਅਦ ਮੇਰੀ ਇਹ ਆਦਤ ਮੇਰਾ ਸ਼ੌਂਕ ਬਣ ਗਈ। ਪਹਿਲਾਂ ਪਹਿਲ ਮੈਂ ਸਮਾਜਿਕ ਵਿਸ਼ਿਆਂ ਤੇ ਆਰਟੀਕਲ ਲਿਖੇ ਜੋ ਵੱਖ-ਵੱਖ ਅਖ਼ਬਾਰਾਂ ਜਿਵੇਂ, ਪੰਜਾਬੀ ਟ੍ਰਿਬਿਊਨ, ਅਜੀਤ ਅਖ਼ਬਾਰ ਤੇ ਸੱਤ ਸਮੁੰਦਰੋਂ ਪਾਰ, ਮੈਗਜ਼ੀਨ ਅਤੇ ਹੋਰ ਰਸਾਲਿਆਂ ਦਾ ਹਿੱਸਾ ਬਣੇ। ਇਸ ਦੇ ਨਾਲ ਮੈਂ ਫ਼ਿਲਮੀ ਹਸਤੀਆਂ ਤੇ ਲਿਖਣਾ ਸ਼ੁਰੂ ਕੀਤਾ, ਜਿਸ ਨਾਲ ਮੈਨੂੰ ਬਹੁਤ ਹੌਸਲਾ ਅਫ਼ਜ਼ਾਈ ਮਿਲੀ, ਕੀ ਮੇਰੇ ਇਹ ਆਰਟੀਕਲ ਪੰਜਾਬ ਦੇ ਮਸ਼ਹੂਰ ਅਖ਼ਬਾਰ ਪੰਜਾਬੀ ਟ੍ਰਿਬਿਊਨ ਦਾ ਹਿੱਸਾ ਬਣਨ ਲੱਗੇ। ਜਿਸ ਵਿੱਚ ਪੰਜਾਬੀ ਸਿਨੇਮਾ ਦੇ ਪ੍ਰਸਿੱਧ ਅਦਾਕਾਰਾ ਦੇ ਨਾਮ ਸ਼ਾਮਲ ਹਨ, ਜਿਵੇਂ 'ਮਲਕੀਤ ਰੌਣੀ', 'ਗੁਰਪ੍ਰੀਤ ਘੁੱਗੀ', 'ਗੁਰਪ੍ਰੀਤ ਕੌਰ ਭੰਗੂ', 'ਰਾਣਾ ਰਣਬੀਰ', 'ਬੀ ਐੱਨ ਸ਼ਰਮਾ', 'ਅਨੀਤਾ ਦੇਵਗਨ', ਦੇਵ ਖਰੋੜ', ' ਹਾਰਬੀ ਸੰਘਾ', 'ਸ਼ਵਿੰਦਰ ਮਾਹਲ ', 'ਰਵਿੰਦਰ ਮੰਡ' ਆਦਿ ਕਲਾਕਾਰਾਂ ਬਾਰੇ ਲੇਖ ਲਿਖੇ। ਇਨ੍ਹਾਂ ਅਦਾਕਾਰਾ ਨੇ ਮੇਰੇ ਲਿਖੇ ਲੇਖ ਪਸੰਦ ਕੀਤੇ ਤੇ ਮੈਨੂੰ ਆਸ਼ੀਰਵਾਦ ਤੇ ਪਿਆਰ ਵੀ ਦਿੱਤਾ। ਇਨ੍ਹਾਂ ਦੇ ਇਲਾਵਾ 'ਕਾਰਜ ਗਿੱਲ', 'ਗੁਰਮੀਤ ਸਾਜਨ', 'ਅਨੀਤਾ ਮੀਤ', 'ਪਿੰਕੀ ਸੱਗੂ', 'ਰਾਜ ਧਾਲੀਵਾਲ', 'ਹਰਜੀਤ ਵਾਲੀਆਂ', 'ਮਹਾਂਬੀਰ ਭੁੱਲਰ', 'ਅਮਨ ਧਾਲੀਵਾਲ' ਵਰਗੇ ਅਦਾਕਾਰਾ ਬਾਰੇ ਵੀ ਲਿਖਿਆ ਅਤੇ ਕੁਝ ਗੀਤਾਂ, ਲਘੂ ਫ਼ਿਲਮਾਂ ਅਤੇ ਫੀਚਰ ਫਿਲਮਾਂ ਦੀ ਪ੍ਰਮੋਸ਼ਨ ਵੀ ਕੀਤੀਆ ਹਨ।

ਹੁਣ ਗੱਲ ਆਉਂਦੀ ਹੈ ਰਜਨੀ ਦੇ ਪਟਕਥਾ ਲੇਖਨ ਦੀ ਜਿਸ ਵਿਚ ਉਸ ਨੇ ਦੱਸਿਆ ਕੀ ਹੁਣ ਤੱਕ ਮੈਂ 100 ਦੇ ਕਰੀਬ ਲਘੂ ਫ਼ਿਲਮਾਂ ਤੇ ਵੈੱਬ ਸੀਰੀਜ਼ ਲਿਖ ਚੁੱਕੀ ਹਾਂ ਜਿਨ੍ਹਾਂ ਵਿੱਚ 'ਮਾਸੂਮ ਮੁਹੱਬਤ', 'ਸਰਪੰਚ ਦੀ ਧੀ', 'ਮਰਜ਼ੀ ਦਾ ਵਿਆਹ', 'ਜ਼ਮੀਨ ਦਾ ਰੌਲਾ', 'ਕੁੜੀਆਂ ਦੀ ਮਿਹਨਤ', 'ਜੂਨ ਦੀਆਂ ਛੁੱਟੀਆਂ', 'ਧੋਖੇ ਦਾ ਵਿਆਹ', 'ਹਥੌਲਾ', 'ਚਲਾਕ ਜਠਾਣੀ ਭੋਲੀ ਦਰਾਣੀ', ਮਜ਼ਬੂਰੀਆਂ' 'ਫੌਜੀ ਦੀ ਘਰਵਾਲੀ', 'ਸਰਘੀ ਦਾ ਮੁੱਲ', 'ਅਨੋਖਾ ਰਿਸ਼ਤਾ', 'ਮਾਂ ਵਰਗੀ ਭੈਣ', 'ਛੋਟੀ ਨੂੰਹ ਦਾ ਸੱਸ ਨੂੰ ਜਵਾਬ', ਅਤੇ 'ਭਾਬੀ ਨਾਲ ਆਸ਼ਿਕੀ (ਭਾਗ 2), 'ਰਿਸ਼ਤੇ ਦੀ ਸੌਗਾਤ', 'ਮੇਰੀ ਵੀ ਮਾਂ ਹੁੰਦੀ' 'ਗੱਲ ਸੰਜੋਗਾਂ ਦੀ', 'ਦਿਲਾਂ ਦੇ ਰਿਸ਼ਤੇ', 'ਤੇਰਾ ਮੇਰਾ ਕੀ ਰਿਸ਼ਤਾ' ਦਿਲਾਂ ਦੇ ਸੌਦੇ', ਆਦਿ ਵਰਗੀਆਂ ਵੈੱਬ ਸੀਰੀਜ਼ ਸ਼ਾਮਲ ਹਨ।

ਰਜਨੀ ਨੇ ਦੱਸਿਆ ਕੀ ਹਰ ਚੰਗੇ ਰਾਹ ਵਿਚ ਔਕੜਾਂ ਜ਼ਰੂਰ ਆਉਂਦੀਆਂ ਹਨ, ਮੈਂ ਕੁਝ ਅਜਿਹੇ ਲੋਕਾਂ ਨੂੰ ਦੇਖਿਆ ਜੋ ਸਿਰਫ਼ ਮਿਹਨਤ ਲੈ ਲੈਂਦੇ ਹਨ ਤੇ ਜਦੋਂ ਮਿਹਨਤਾਨਾਂ ਦੇਣ ਦੀ ਵਾਰੀ ਆਉਂਦੀ ਹੈ ਓਹ ਫੋਨ ਚੁੱਕਣਾ ਬੰਦ ਕਰ ਦਿੰਦੇ ਹਨ ਪਿਛਲੇ ਦਿਨੀਂ ਸੁਨੰਦਾ ਸ਼ਰਮਾ ਦੀ ਪੋਸਟ ਦੇਖੀ ਤੇ ਕਈ ਫ਼ਿਲਮ ਇੰਡਸਟਰੀ ਦੇ ਲੋਕਾਂ ਨੇ ਉਸ ਨੂੰ ਸਪੋਟ ਵੀ ਕੀਤੀ, ਪਰ ਕੁਛ ਲੋਕਾਂ ਨਾਲ ਇਸ ਤਰ੍ਹਾਂ ਹੁੰਦਾ ਹੈ ਤਾਂ ਉਨ੍ਹਾਂ ਨੂੰ ਚੁੱਪ ਰਹਿਣਾ ਪੈਂਦਾ ਹੈ। ਅਜਿਹੇ ਲੋਕ ਦੂਜਿਆਂ ਦੀ ਮਿਹਨਤ ਨੂੰ ਸਿਰਫ਼ ਆਪਣੇ ਮਤਲਬ ਲਈ ਵਰਤਦੇ ਹਨ । ਕਈ ਅਜਿਹੇ ਲੋਕਾਂ ਨੇ ਵੀ ਫੋਨ ਕੀਤੇ ਜੋ ਇਹ ਪੱਕਾ ਕਰਨਾ ਚਾਹੁੰਦੇ ਸੀ ਕੀ ਸੱਚ ਹੀ ਇਸ ਨੇ ਇਸ ਸ਼ਖ਼ਸੀਅਤ ਨਾਲ ਗੱਲ ਕੀਤੀ ਹੈ ਤੇ ਮੈਨੂੰ ਕਿਹਾ ਮੇਰਾ ਵੀ ਆਰਟੀਕਲ ਲਿਖ, ਜਦੋਂ ਮੈਂ ਕਿਹਾ ਕੀ ਜੀ ਲਿਖ ਦਵਾਂਗੀ ਮੇਰਾ ਮਿਹਨਤ ਇੰਨੀ ਹੈ ਜੀ, ਤਾਂ ਅੱਗੇ ਤੋਂ ਕਹਿੰਦੇ ਹਨ ਇਸ ਤੋਂ ਵੀ ਇੰਨੇ ਪੈਸੇ ਲਈ ਸੀ। ਖ਼ੈਰ ਇਹੋ ਜਿਹੇ ਲੋਕਾਂ ਨੂੰ ਕੁਛ ਨਹੀਂ ਕਹਿ ਸਕਦੇ। ਪਰ ਮੈਂ ਆਪਣੀ



ਮਿਹਨਤ ਜ਼ਾਰੀ ਰੱਖਦੀ ਹੈ।

ਰਜਨੀ ਦਾ ਕਹਿਣਾ ਹੈ ਅਕਸਰ ਮੇਰੀ ਸਕਰੀਪਟ ਦੀ ਡਿਮਾਂਡ ਹੁੰਦੀ ਹੈ ਮੇਰੇ ਲਿਖੇ ਇਮੋਸ਼ਨਲ ਸੰਵਾਦ ਪਸੰਦ ਕੀਤੇ ਜਾਂਦੇ ਹਨ ਜੋ ਮੈਨੂੰ ਵੀ ਚੰਗਾ ਲੱਗਦਾ ਹੈ। ਮੈਂ ਅਦਾਕਾਰੀ ਦਾ ਵੀ ਸ਼ੌਕ ਰੱਖਦੀ ਹਾਂ ਤੇ ਮੈਂ ਸ਼ੁਰੂਆਤ ਵੀ ਕੀਤੀ ਕੁਛ ਅਦਾਕਾਰੀ ਦੇ ਆਫਰ ਵੀ ਆਏ ਪਰ ਮੈਂ ਆਪਣੇ ਪਸੰਦੀਦਾ ਕਿਰਦਾਰ ਕਰਨਾ ਪਸੰਦ ਕਰਦੀ ਹਾਂ, ਹੁਣ ਇਸ ਰਾਹ ਵੱਲ ਛੇਤੀ ਵੀ ਹੋਰ ਪੇਸ਼ਕਦਮੀ ਹੋਵੇਗੀ।

ਆਉਣ ਵਾਲੇ ਸਮੇਂ ਚ ਕੁਝ ਹੋਰ ਲਘੂ ਫ਼ਿਲਮਾਂ ਦੇਖਣ ਨੂੰ ਮਿਲਣਗੀਆਂ ਜਿਵੇਂ, 'ਕਰਮਾਂ ਦੀ ਖੇਡ', ਵਿਦੇਸ਼ ਚ ਕੰਮ' ਮੇਰੀ ਕੋਸ਼ਿਸ਼ ਹੈ ਕੀ ਮੈਂ ਬਿਹਤਰੀਨ ਸਕਰੀਪਟ ਰਾਇਟਰ ਦੇ ਤੌਰ ਤੇ ਜਾਣੀ ਜਾਵਾਂ। ਦੁਆ ਕਰਦੇ ਹਾਂ ਕੀ ਰਜਨੀ ਭਗਾਣੀਆ ਦਿਨ ਦੁਗਣੀ ਰਾਤ ਚੋਗਣੀ ਤਰੱਕੀ ਕਰੇ ਆਮੀਨ!!!

**ਬੇਅੰਤ ਸਿੰਘ ਰੋਹਟੀ ਖਾਸ(ਰੋਜ਼ਾਨਾ ਹਲਚਲ ਮੁੱਖ ਸੰਪਾਦਕ ਰੋਜ਼ਾਨਾ ਹਲਚਲ ਮੋਬਾਈਲ ਨੰਬਰ 78142-94945**

# ਸਰਕਾਰੀ ਪ੍ਰਾਇਮਰੀ ਸਕੂਲਾਂ ਮਾਨਸਾ ਖੁਰਦ, ਮਾਨਸਾ ਪਿੰਡ ਅਤੇ ਚਕੇਰੀਆਂ ਦੇ ਵਿਦਿਆਰਥੀਆਂ ਨੇ ਨਵੋਦਿਆ ਵਿਦਿਆਲਿਆ ਪ੍ਰੀਖਿਆ 'ਚ ਮਾਰੀ ਬਾਜ਼ੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਜਸਮੀਤ ਕੌਰ ਮਾਨਸਾ ਖੁਰਦ | ਮਨਜੋਤ ਸਿੰਘ ਮਾਨਸਾ ਖੁਰਦ | ਐਸ਼ਵੀਰ ਕੌਰ ਮਾਨਸਾ ਪਿੰਡ | ਹੀਨਾ ਦੇਵੀ ਚਕੇਰੀਆਂ ਮਾਨਸਾ

ਮਾਨਸਾ 28 ਮਾਰਚ ( ਆਤਮਾ ਸਿੰਘ ਪਮਾਰ) ਸਰਕਾਰੀ ਪ੍ਰਾਇਮਰੀ ਸਕੂਲ ਮਾਨਸਾ ਖੁਰਦ ਦੇ ਵਿਦਿਆਰਥੀਆਂ ਮਨਜੋਤ ਸਿੰਘ ਪੁੱਤਰ ਅਸ਼ੋਕ ਕੁਮਾਰ, ਜਸਮੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਨੇ ਜਵਾਹਰ ਨਵੋਦਿਆ ਵਿਦਿਆਲਿਆ ਪ੍ਰੀਖਿਆ ਚ ਬਾਜ਼ੀ ਮਾਰ ਕੇ ਮਾਪਿਆਂ ਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੀ ਮੁੱਖ ਅਧਿਆਪਿਕਾ ਕਮਲਪ੍ਰੀਤ ਕੌਰ ਨੇ ਦੱਸਿਆ ਕਿ ਇਹ ਵਿਦਿਆਰਥੀ ਬਹੁਤ ਹੀ ਮਿਹਨਤੀ ਤੇ ਹੋਣਹਾਰ ਹਨ। ਪਿਛਲੇ ਕਈ ਮਹੀਨਿਆਂ ਤੋਂ ਭਾਈ ਜੈਤਾ ਜੀ ਫਾਉਂਡੇਸ਼ਨ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਮਾਨਸਾ ਖੁਰਦ ਵਿਖੇ ਨਵੋਦਿਆ ਵਿਦਿਆਲਿਆ ਦੀ ਪ੍ਰੀਖਿਆ ਦੀ ਤਿਆਰੀ ਲਈ ਸਕੂਲ ਦੇ ਸਟਾਫ਼ ਦੇ ਸਹਿਯੋਗ ਨਾਲ ਸੈਂਟਰ ਚਲਾਇਆ ਜਾ ਰਿਹਾ ਸੀ। ਜਿਸ ਤਹਿਤ ਇਹਨਾਂ ਬੱਚਿਆਂ ਨੇ ਇਸ ਪ੍ਰੀਖਿਆ 'ਚ ਮੱਲਾਂ ਮਾਰੀਆਂ। ਇਸੇ ਤਰ੍ਹਾਂ ਹੀ ਸਰਕਾਰੀ ਪ੍ਰਾਇਮਰੀ ਸਕੂਲ, ਮਾਨਸਾ ਪਿੰਡ ਦੇ ਇੱਕ ਵਿਦਿਆਰਥੀ ਅਤੇ ਸਰਕਾਰੀ ਪ੍ਰਾਇਮਰੀ ਸਕੂਲ, ਚਕੇਰੀਆਂ ਦੇ ਇੱਕ ਵਿਦਿਆਰਥੀ ਨੇ ਵੀ ਇਸੇ ਸੈਂਟਰ ਤੋਂ ਤਿਆਰੀ ਕਰਕੇ ਇਹ ਪ੍ਰੀਖਿਆ ਪਾਸ ਕਰਨ 'ਚ ਸਫਲਤਾ ਹਾਸਲ ਕੀਤੀ । ਸਕੂਲ ਸਟਾਫ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਹੌਸਲਾ ਅਫ਼ਜ਼ਾਈ ਵੀ ਕੀਤੀ।

# ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝਾ ਫਰੰਟ ਨੇ ਸਰਕਾਰ ਵੱਲੋਂ ਪੇਸ਼ ਬੱਜਟ ਦੀਆਂ ਸਾੜੀਆਂ ਕਾਪੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਮਾਨਸਾ 28 ਮਾਰਚ (ਆਤਮਾ ਸਿੰਘ ਪਮਾਰ) ਪੰਜਾਬ ਪੈਨਸ਼ਨਰਜ਼ ਅਤੇ ਮੁਲਾਜ਼ਮ ਸੰਘਰਸ਼ ਕਮੇਟੀ ਪੰਜਾਬ ਦੇ ਸੱਦੇ ਤੇ ਜ਼ਿਲ੍ਹਾ ਮਾਨਸਾ ਵੱਲੋਂ ਜ਼ਿਲ੍ਹਾ ਕਨਵੀਨਰ ਅਜੈਬ ਸਿੰਘ ਅਲੀਸ਼ੇਰ, ਰਾਜ ਕੁਮਾਰ ਰੰਗਾ, ਬਿੱਕਰ ਸਿੰਘ ਮਾਖਾ,ਲਖਨ ਲਾਲ,ਜਨਕ ਸਿੰਘ ਫਤਿਹਪੁਰ ਅਤੇ ਗੁਰਜੰਟ ਸਿੰਘ ਖਾਲਸਾ ਦੀ ਅਗਵਾਈ ਚ ਜ਼ਿਲ੍ਹਾ ਕਚਿਹਰੀ ਮਾਨਸਾ ਵਿਖੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ 2025/26 ਦੀਆਂ ਕਾਪੀਆਂ ਸਾੜੀਆਂ ਗਈਆਂ। ਅੱਜ ਦੇ ਪ੍ਰੋਗਰਾਮ ਦੌਰਾਨ ਮੇਜਰ ਸਿੰਘ ਦੂਲੋਵਾਲ, ਸੱਤਪਾਲ ਭੈਣੀ,ਦਲਵਾਰਾ ਸਿੰਘ ਉਡਤ, ਹਿੰਮਤ ਸਿੰਘ ਦੂਲੋਵਾਲ, ਦਰਸ਼ਨ ਸਿੰਘ ਨੰਗਲ, ਗੁਰਤੇਜ ਸਿੰਘ ਤਾਮਕੋਟ ਨੇ ਦੱਸਿਆ ਕਿ ਜੋ ਪੰਜਾਬ ਸਰਕਾਰ ਵੱਲੋਂ ਬਜਟ ਪੇਸ਼ ਕੀਤਾ ਗਿਆ ਹੈ ਉਸ ਵਿੱਚ ਮੁਲਾਜ਼ਮਾਂ ਨੂੰ ਕੁਝ ਵੀ ਨਹੀਂ ਦਿੱਤਾ ਗਿਆ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮੁਲਾਜ਼ਮਾਂ ਦਾ ਬਕਾਇਆ ਮਹਿੰਗਾਈ ਭੱਤਾ ਦਿੱਤਾ ਜਾਵੇ। ਵਿਭਾਗਾਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ ਨਵੀਂ ਭਰਤੀ ਰੈਗੂਲਰ ਹੀ ਚਾਲੂ ਕੀਤੀ ਜਾਵੇ, ਠੇਕੇ ਤੇ ਕੰਮ ਕਰਦੇ ਕਾਮੇਂ ਪੱਕੇ ਕੀਤੇ ਜਾਣ ਬੰਦ ਕੀਤਾ 37 ਪ੍ਰਕਾਰ ਦੇ ਭੱਤੇ ਬਹਾਲ ਕੀਤੇ ਜਾਣ। ਪੈਨਸ਼ਨਰਜ਼ ਸਾਥੀਆਂ ਦੀ ਪੈਨਸ਼ਨ ,2.59 ਦੇ ਗੁਣਾਕ ਨਾਲ ਕੀਤੀ ਜਾਵੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ 200 ਰੁਪਏ ਜਜ਼ੀਆ ਟੈਕਸ ਕੱਟਣਾ ਬੰਦ ਕੀਤਾ ਜਾਵੇ। ਉਪਰੋਕਤ ਆਗੂਆਂ ਤੇ ਇਲਾਵਾ ਜੀਤ ਸਿੰਘ ਭੁਲਰ ਅਮਰਜੀਤ ਸਿੰਘ ਸਿੱਧੂ, ਬਿੱਕਰ ਸਿੰਘ ਮਘਾਣੀਆ,ਰਾਮ ਸਿੰਘ ਆਈ ਬੀ,ਜੱਗਾ ਸਿੰਘ ਅਲੀਸ਼ੇਰ,ਗੋਰਾ ਲਾਲ ਅਤਲਾ, ਗੁਰਸੇਵਕ ਸਿੰਘ ਭੀਖੀ, ਮਨਿੰਦਰ ਸਿੰਘ ਜਵਾਹਰਕੇ,ਪਿਰਥੀ ਸਿੰਘ ਮਾਨ,ਸੇਠੀ ਸਿੰਘ ਸਰਾਂ,ਰਾਜ ਕੁਮਾਰ ਬੱਪੀਆਣਾ ਅਤੇ ਗੁਰਨੈਬ ਸਿੰਘ ਅਤਲਾ ਆਗੂ ਸਾਥੀਆਂ ਨੇ ਵੀ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਫਰੰਟ ਦੇ ਮੰਗ ਪੱਤਰ ਵਿੱਚ ਜ਼ੋ ਵੀ ਮੰਗਾਂ ਦਰਜ਼ ਹਨ ਨੂੰ ਲਾਗੂ ਕੀਤਾ ਜਾਵੇ। ਜੇਕਰ ਅਜਿਹਾ ਨਹੀਂ ਹੁੰਦਾ ਤਾਂ ਸਾਂਝੇ ਫਰੰਟ ਦੇ ਆਗੂ ਜੋ ਵੀ ਸੰਘਰਸ਼ ਉਲੀਕਣਗੇ ਉਸ ਵਿੱਚ ਜ਼ਿਲ੍ਹਾ ਮਾਨਸਾ ਜ਼ੋਰ ਚੜ੍ਹ ਕੇ ਭਾਗ ਲਵੇਗਾ ।

# ਵਿਕਸਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ 'ਚ ਅਹਿਮ ਭੂਮਿਕਾ ਨਿਭਾਏਗੀ ਵਨ ਨੇਸ਼ਨ, ਵਨ ਇਲੈਕਸ਼ਨ ਯੋਜਨਾ : ਸੋਮ ਪ੍ਰਕਾਸ਼

## * ਲਘੂ ਉਦਯੋਗ ਭਾਰਤੀ ਨਾਲ ਮੀਟਿੰਗ 'ਚ ਦਿੱਤੀ ਜਾਣਕਾਰੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com






ਫਗਵਾੜਾ 28 ਮਾਰਚ (ਸ਼ਿਵ ਕੌੜਾ) ਲਘੂ ਉਦਯੋਗ ਭਾਰਤੀ ਦੀ ਇੱਕ ਮੀਟਿੰਗ ਸੰਗਠਨ ਦੇ ਸੂਬਾਈ ਉਪ-ਪ੍ਰਧਾਨ ਅਸ਼ੋਕ ਸੇਠੀ ਦੇ ਦਫ਼ਤਰ ਵਿੱਚ ਹੋਈ। ਜਿਸਦੀ ਪ੍ਰਧਾਨਗੀ ਫਗਵਾੜਾ ਸ਼ਾਖਾ ਦੇ ਪ੍ਰਧਾਨ ਆਈ.ਪੀ. ਖੁਰਾਨਾ ਨੇ ਕੀਤਾ। ਮੀਟਿੰਗ ਦੌਰਾਨ ਭਾਰਤ ਸਰਕਾਰ ਦੇ ਸਾਬਕਾ ਵਣਜ ਅਤੇ ਉਦਯੋਗ ਰਾਜ ਮੰਤਰੀ ਸੋਮ ਪ੍ਰਕਾਸ਼ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਜਦਕਿ ਪੰਜਾਬ ਪ੍ਰਧਾਨ ਅਸ਼ੋਕ ਗੁਪਤਾ ਅਤੇ ਪੰਜਾਬ ਉਪ ਪ੍ਰਧਾਨ ਅਸ਼ੋਕ ਸੇਠੀ, ਭਾਜਪਾ ਆਗੂ ਅਵਤਾਰ ਸਿੰਘ ਮੰਡ ਅਤੇ ਸਾਬਕਾ ਮੇਅਰ ਅਰੁਣ ਖੋਸਲਾ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਵਾਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੋਮ ਪ੍ਰਕਾਸ਼ ਨੇ ਲਘੂ ਉਦਯੋਗ ਭਾਰਤੀ ਦੇ ਮੈਂਬਰਾਂ ਨੂੰ ਭਾਰਤ ਸਰਕਾਰ ਦੀ ਯੋਜਨਾ ਇੱਕ ਰਾਸ਼ਟਰ ਇੱਕ ਚੋਣ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸੋਮ ਪ੍ਰਕਾਸ਼ ਨੇ ਕਿਹਾ ਕਿ ਭਾਰਤ ਵਿੱਚ ਹਰ ਸਾਲ ਕੋਈ ਨਾ ਕੋਈ ਚੋਣ ਹੁੰਦੀ ਹੈ ਅਤੇ ਦੇਸ਼ ਨੂੰ ਭਾਰੀ ਵਿੱਤੀ ਨੁਕਸਾਨ ਹੁੰਦਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਐਨ.ਡੀ.ਏ. ਸਰਕਾਰ ਦਾ ਵਿਚਾਰ ਹੈ ਕਿ ਕੇਂਦਰ ਅਤੇ ਰਾਜ ਵਿਧਾਨ ਸਭਾਵਾਂ ਦੀਆਂ ਚੋਣਾਂ ਹਰ ਪੰਜ ਸਾਲਾਂ ਬਾਅਦ ਇਕੱਠੀਆਂ ਹੋਣੀਆਂ ਚਾਹੀਦੀਆਂ ਹਨ। ਤਾਂ ਜੋ ਸਮੇਂ ਅਤੇ ਪੈਸੇ ਦੀ ਬਰਬਾਦੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਲਾਗੂ ਹੋਣ ਨਾਲ ਭਾਰਤ ਵਰਗੇ ਵੱਡੇ ਦੇਸ਼ ਵਿੱਚ ਚੋਣਾਂ 'ਤੇ ਹੋਣ ਵਾਲਾ ਭਾਰੀ ਖਰਚਾ ਕਾਫ਼ੀ ਹੱਦ ਤੱਕ ਘਟ ਜਾਵੇਗਾ ਅਤੇ ਦੇਸ਼ ਦੇ ਖਜ਼ਾਨੇ 'ਤੇ ਪੈ ਰਿਹਾ ਭਾਰੀ ਬੋਝ ਹਲਕਾ ਹੋਵੇਗਾ। ਇਸ ਤੋਂ ਇਲਾਵਾ ਹਰ ਸਾਲ ਕਿਸੇ ਨਾ ਕਿਸੇ ਰਾਜ ਵਿੱਚ ਹੋਣ ਵਾਲੀਆਂ ਚੋਣਾਂ ਕਾਰਨ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਆਉਣ ਵਾਲੀਆਂ ਰੁਕਾਵਟਾਂ ਨੂੰ ਵੀ ਦੂਰ ਕੀਤਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 2047 ਤੱਕ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਮੀਲ ਪੱਥਰ ਬਣੇਗੀ ਮੀਟਿੰਗ ਵਿੱਚ ਮੌਜੂਦ ਲਘੂ ਉਦਯੋਗ ਭਾਰਤੀ ਦੇ ਸਮੂਹ ਮੈਂਬਰਾਂ ਨੇ ਮੋਦੀ ਸਰਕਾਰ ਦੀ ਇਸ ਯੋਜਨਾ ਨਾਲ ਪੂਰੀ ਸਹਿਮਤੀ ਪ੍ਰਗਟਾਈ। ਇਸ ਤੋਂ ਪਹਿਲਾਂ ਮੈਂਬਰਾਂ ਵੱਲੋਂ ਯੋਜਨਾ ਸਬੰਧੀ ਪੁੱਛੇ ਗਏ ਸਵਾਲਾਂ ਦੇ ਤਸੱਲੀਬਖਸ਼ ਜਵਾਬ ਵੀ ਸਾਬਕਾ ਮੰਤਰੀ ਸੋਮ ਪ੍ਰਕਾਸ਼ ਵੱਲੋਂ ਦਿੱਤੇ ਗਏ। ਇਸ ਮੌਕੇ ਪੁਨੀਤ ਗੁਪਤਾ ਸੀਨੀਅਰ ਉਪ ਪ੍ਰਧਾਨ, ਅਨੁਜ ਜੈਨ ਖਜ਼ਾਨਚੀ, ਅਰਵਿੰਦ ਬੱਗਾ ਸਕੱਤਰ, ਪੰਕਜ ਗੌਤਮ ਆਈਪੀਪੀ, ਪੁਨੀਤ ਗੁਪਤਾ ਪੀਪੀ, ਅਨਿਲ ਸਿੰਗਲਾ ਪੀਪੀ, ਓਮ ਉੱਪਲ, ਪੀਪੀ, ਸੁਬੋਧ ਸੋਬਤੀ ਪੀਪੀ, ਦੀਪਕ ਕੋਹਲੀ ਆਦਿ ਹਾਜ਼ਰ ਸਨ।

# ਦਰਵੇਸ਼ ਪਿੰਡ 'ਚ 8 ਲੱਖ ਰੁਪਏ ਦੀ ਲਾਗਤ ਨਾਲ ਛੱਪੜਾਂ ਦੀ ਸਫਾਈ ਅਤੇ ਸੁੰਦਰੀਕਰਨ ਦਾ ਕੰਮ ਸ਼ੁਰੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਫਗਵਾੜਾ 28 ਮਾਰਚ (ਸ਼ਿਵ ਕੌੜਾ) ਫਗਵਾੜਾ ਵਿਧਾਨਸਭਾ ਹਲਕੇ ਦੇ ਪਿੰਡ ਦਰਵੇਸ਼ ਵਿਖੇ 8 ਲੱਖ ਰੁਪਏ ਦੀ ਲਾਗਤ ਨਾਲ ਛੱਪੜਾਂ ਦੀ ਸਫਾਈ ਅਤੇ ਸੁੰਦਰੀਕਰਨ ਦੇ ਕੰਮ ਦੀ ਆਰੰਭਤਾ ਆਪ ਪਾਰਟੀ ਦੇ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਰਿਬਨ ਕੱਟ ਕੇ ਕਰਵਾਈ ਗਈ। ਇਸ ਮੌਕੇ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਰਾਮ ਪਾਲ ਰਾਣਾ ਸਮੇਤ ਬੀ.ਡੀ.ਪੀ.ਓ. ਵਿਭਾਗ ਦੇ ਅਧਿਕਾਰੀ ਉਚੇਚੇ ਤੌਰ ਤੇ ਮੌਜੂਦ ਸਨ। ਜੋਗਿੰਦਰ ਸਿੰਘ ਮਾਨ ਨੇ ਕਿਹਾ ਕਿ ਦਰਵੇਸ਼ ਪਿੰਡ ਫਗਵਾੜਾ ਹਲਕੇ ਦਾ ਅਗਾਂਹ ਵਧੂ ਪਿੰਡ ਹੈ। ਜਿੱਥੇ ਗ੍ਰਾਮ ਪੰਚਾਇਤ ਵਲੋਂ ਹਮੇਸ਼ਾ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾਂਦੀ ਹੈ। ਉਹਨਾਂ ਪੰਚਾਇਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਿੰਡ ਨੂੰ ਮਾਡਲ ਪਿੰਡ ਵਜੋਂ ਸਥਾਪਤ ਕਰਨ ਲਈ ਜੋ ਯਤਨ ਕੀਤੇ ਜਾ ਰਹੇ ਹਨ, ਉਹਨਾਂ ਨੂੰ ਪੰਜਾਬ ਸਰਕਾਰ ਦੀ ਮੱਦਦ ਨਾਲ ਹਰ ਹਾਲ ਵਿਚ ਸਫਲ ਕੀਤਾ ਜਾਵੇਗਾ। ਉਹਨਾਂ ਪਿੰਡ ਵਾਸੀਆਂ ਨੂੰ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਪਿੰਡਾਂ ਦੇ ਸਰਬ ਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਬੀਤੇ ਦਿਨ ਵਿਧਾਨਸਭਾ 'ਚ ਪੇਸ਼ ਕੀਤੇ ਬਜਟ ਵਿਚ ਪੇਂਡੂ ਵਿਕਾਸ ਲਈ 3500 ਕਰੋੜ ਰੁਪਏ ਰੱਖੇ ਗਏ ਹਨ। ਇਸ ਮੌਕੇ ਮਲਕੀਤ ਸਿੰਘ ਪੰਚਾਇਤ ਸਕੱਤਰ, ਅਮਰਜੀਤ ਸਿੰਘ ਸਰਪੰਚ, ਅਮਰੀਕ ਸਿੰਘ ਮੀਕਾ ਪੰਚ, ਭੁਪਿੰਦਰ ਸਿੰਘ ਸਾਬਕਾ ਸਰਪੰਚ, ਸਿਮਰ ਕੁਮਾਰ ਪੰਚ, ਸੁਰਿੰਦਰ ਸਿੰਘ ਨੰਬਰਦਾਰ, ਸੁਖਵਿੰਦਰ ਪੰਚ, ਬੱਲੀ ਪੰਚ, ਅਮਰਜੀਤ ਸਿੰਘ ਟੋਨੀ, ਜਗਦੀਸ਼ ਰਾਮ, ਮਨੋਹਰ ਲਾਲ ਸਮੇਤ ਹੋਰ ਪਤਵੰਤੇ ਹਾਜਰ ਸਨ।

# ਸੀਨੀਅਰ ਸਿਟੀਜ਼ਨਜ਼ ਕੌਂਸਲ ਮੋਰਿੰਡਾ ਦੀ ਮੀਟਿੰਗ

## ਡ੍ਰੀਮ ਐਂਡ ਬਿਊਟੀ ਚੈਰੀਟੇਬਲ ਟਰੱਸਟ" ਵਲੋਂ ਲੋੜਵੰਦ ਲੋਕਾਂ ਦੀ ਕੀਤੀ ਜਾ ਰਹੀ ਸੇਵਾ ਦੀ ਜ਼ੋਰਦਾਰ ਪ੍ਰਸ਼ੰਸਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਮੋਰਿੰਡਾ 28 ਮਾਰਚ ,(ਪਤਰ ਪ੍ਰੇਰਕ,)- ਸੀਨੀਅਰ ਸਿਟੀਜ਼ਨਸ ਕੌਂਸਲ ਮੋਰਿੰਡਾ ਦੀ ਮੀਟਿੰਗ ਪ੍ਰਧਾਨ ਸ. ਅਮਰਜੀਤ ਸਿੰਘ ਕੰਗ ਦੀ ਅਗੁਵਾਈ ਹੇਠ ਖਾਲਸਾ ਗਰਲਜ਼ ਕਾਲਜ ਵਿਖੇ ਹੋਈ | ਜਿਸ ਵਿੱਚ ਸੀਨੀਅਰ ਨਾਗਰਿਕਾਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਵਰਿੰਦਰ ਕੁਮਾਰ ਸਹਾਇਕ ਮੈਨੇਜਰ "ਡ੍ਰੀਮ ਐਂਡ ਬਿਊਟੀ ਚੈਰੀਟੇਬਲ ਟਰੱਸਟ" ਦੋਰਾਹਾ ( ਲੁਧਿਆਣਾ) ਨੇ ਇਕੱਠ ਨੂੰ ਸੰਬੋਧਨ ਕਰਦਿਆਂ ਸੀਨੀਅਰ ਸਿਟੀਜਨ ਕੌਂਸਲ ਮੋਰਿੰਡਾ ਵਲੋਂ ਸਮਾਜ ਸੇਵਾ ਵਿਚ ਪਾਏ ਜਾ ਰਹੇ ਨਿਗਰ ਯੋਗਦਾਨ ਦੀ ਜ਼ੋਰਦਾਰ ਸ਼ਲਾਘਾ ਕੀਤੀ। ਉਹਨਾਂ ਦੱਸਿਆ ਕਿ ਕਿ ਅਮਰੀਕਾ ਦੇ ਸਫਲ ਭਾਰਤੀ ਕਾਰੋਬਾਰੀ ਸ੍ਰੀ ਅਨਿਲ ਮੋਂਗਾ ਵੱਲੋਂ ਸਮਾਜ ਸੇਵਾ ਨੂੰ ਮੁੱਖ ਰੱਖ ਕੇ ਡ੍ਰੀਮ ਐਂਡ ਬਿਊਟੀ ਚੈਰੀਟੇਬਲ ਟਰੱਸਟ ਬਣਾਇਆ । ਜਿਸਦੇ ਅਧੀਨ ਦੋਰਾਹਾ ਨਹਿਰ ਦੇ ਕੰਢੇ 14 ਏਕੜ ਵਿੱਚ ਆਲੀਸ਼ਾਨ ਸੀਨੀਅਰ ਸਿਟੀਜ਼ਨ ਹੋਮ "ਹੈਵਨਲੀ ਪੈਲੇਸ" ਬਣਾਇਆ ਗਿਆ ਹੈ ਜਿਸ ਵਿੱਚ ਬਜ਼ੁਰਗਾਂ ਲਈ ਚੰਗੇ ਪੱਧਰ ਦੀਆਂ ਸਹੂਲਤਾਂ ਮੌਜੂਦ ਹਨ। ਜਿੱਥੇ ਲਗਭਗ ਹਰ ਖੇਤਰ ਨਾਲ ਸਬੰਧਿਤ ਸੀਨੀਅਰ ਸਿਟੀਜ਼ਨਸ, ਸੇਵਾ ਮੁਕਤ ਅਧਿਕਾਰੀ ਅਤੇ ਬਜ਼ੁਰਗ ਪ੍ਰਵਾਸੀ ਭਾਰਤੀ ਰਹਿੰਦੇ ਹਨ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਰਿੰਦਰ ਨੇ ਦੱਸਿਆ ਕਿ ਇਥੇ ਨਾ ਸਿਰਫ ਬਜ਼ੁਰਗਾਂ ਦੀ ਸੇਵਾ ਸਗੋਂ ਟਰੱਸਟ ਅਧੀਨ ਚੱਲ ਰਹੇ "ਹੈਵਨਲੀ ਏਂਜਲਸ" 'ਚ ਅਨਾਥ ਬੱਚਿਆਂ ਨੂੰ ਪੜ੍ਹਾਈ ਅਤੇ ਖੇਡਾਂ ਦੇ ਨਾਲ-ਨਾਲ ਪਹਿਲੇ ਦਰਜੇ ਦੀਆਂ ਸੁੱਖ ਸਹੂਲਤਾਂ ਮੁਹਈਆ ਕਰਵਾਈਆਂ ਜਾਂਦੀਆਂ ਹਨ | ਏਨਾ ਹੀ ਨਹੀਂ "ਬ੍ਰਹਮਭੋਗ" ਨਾਂ ਹੇਠ ਰੋਜ਼ਾਨਾ ਹਜ਼ਾਰਾਂ ਲੋੜਵੰਦਾਂ ਨੂੰ ਮੁਫ਼ਤ ਪੌਸ਼ਟਿਕ ਖਾਣਾ ਪ੍ਰਸ਼ਾਦ ਦੇ ਰੂਪ 'ਚ ਵੰਡਿਆ ਜਾਂਦਾ ਹੈ। ਉਹਨਾਂ ਅੱਗੇ ਦੱਸਿਆ ਕਿ ਜਲਦ ਹੀ ਲੋੜਵੰਦ ਬੇਘਰੇ ਬਜ਼ੁਰਗਾਂ ਲਈ ਵੀ ਸੇਵਾਵਾਂ ਸ਼ੁਰੂ ਕੀਤੀਆਂ ਜਾ ਰਹੀਆਂ ਹਨ । ਜਿਸਦੀ ਇਮਾਰਤ ਬਣ ਕੇ ਤਿਆਰ ਹੋ ਚੁੱਕੀ ਹੈ।

ਇਸ ਮੌਕੇ 'ਤੇ ਕੌਂਸਲ ਦੇ ਜਿਹਨਾਂ ਮੈਂਬਰ ਸਾਹਿਬਾਨਾਂ ਦਾ ਮਾਰਚ ਮਹੀਨੇ 'ਚ ਜਨਮ ਦਿਹਾੜਾ ਸੀ, ਉਹਨਾਂ ਨੂੰ ਪ੍ਰਧਾਨ ਸ. ਅਮਰਜੀਤ ਸਿੰਘ ਕੰਗ ਵੱਲੋਂ ਤੋਹਫੇ ਦੇ ਕੇ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਗਈਆਂ |

ਇਸ ਬੈਠਕ ਦੇ ਦੌਰਾਨ ਕੌਂਸਲ ਦੇ ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਜਿਹਨਾਂ 'ਚ ਦਵਿੰਦਰ ਸਿੰਘ ਧਾਲੀਵਾਲ, ਡਾ. ਗੁਰਮੀਤ ਸਿੰਘ, ਗਿਆਨੀ ਚਰਨਜੀਤ ਸਿੰਘ, ਪ੍ਰੋ ਆਰਸੀ ਢੰਡ, ਹੈੱਡਮਾਸਟਰ ਗੁਰਦੇਵ ਸਿੰਘ, ਹਰਮੀਤ ਸਿੰਘ, ਹਰਵਿੰਦਰ ਸਿੰਘ, ਜਗਦੀਸ਼ ਵਰਮਾ, ਜਗਤਾਰ ਸਿੰਘ, ਕਰਨਲ ਮਲਕੀਤ ਸਿੰਘ, ਮਨਜੀਤ ਸਿੰਘ ਭਾਟੀਆ, ਸੁਰਜੀਤ ਸਿੰਘ, ਅਮਰੀਕ ਸਿੰਘ ਰੀਹਲ, ਏ.ਐੱਸ. ਛਿੱਬਰ, ਅਸ਼ੋਕ ਕੁਮਾਰ, ਬਹਾਦਰ ਸਿੰਘ ਕੰਗ, ਬਲਬੀਰ ਸਿੰਘ, ਬਲਵੀਰ ਸਿੰਘ ਕਕਰਾਲੀ, ਭਾਗ ਸਿੰਘ, ਕੈਪਟਨ ਮੇਹਰ ਸਿੰਘ, ਦਵਿੰਦਰ ਸਿੰਘ ਸੋਹੀ, ਧਰਮਵੀਰ, ਡਾ. ਗਿੱਲ, ਗੁਰਚਰਨ ਸਿੰਘ, ਗੁਰਮੇਲ ਸਿੰਘ ਤੂਰ, ਗੁਰਮੀਤ ਸਿੰਘ ਦਾਤਾਰਪੁਰ, ਹਕੀਮ ਸਿੰਘ ਕੰਜਲਾ, ਹਰਬੰਸ ਸਿੰਘ, ਹਰਦੇਵ ਸਿੰਘ ਰੁਪਰਾਏ, ਹਰਦੀਪ ਸਿੰਘ, ਹਰਿੰਦਰ ਧਨੋਆ, ਹਰਿੰਦਰ ਸਿੰਘ ਸੋਮਲ, ਹਰਮਿੰਦਰ ਸਿੰਘ ਧੀਮਾਨ, ਹਰਨੇਕ ਸਿੰਘ ਸਹੇੜੀ, ਹਰਪ੍ਰੀਤ ਸਿੰਘ ਬਿੱਟੂ, ਇੰਦਰ ਮੋਹਨ ਗੁਲਾਟੀ, ਜਗਦੀਸ਼ ਵਰਮਾ, ਜਸਪਾਲ ਸਿੰਘ ਮਾਨ, ਕਾਕਾ ਸਿੰਘ ਕੰਵਲਜੀਤ ਸਿੰਘ, ਕਰਮ ਸਿੰਘ, ਕਰਨੈਲ ਸਿੰਘ, ਕਸ਼ਮੀਰ ਸਿੰਘ, ਕਿਰਪਾਲ ਸਿੰਘ, ਕੁਲਦੀਪ ਸਿੰਘ ਮੰਧੇਰ, ਕੁਲਦੀਪ ਸਿੰਘ ਸੰਧੂ, ਨਿਰਮਲ ਸਿੰਘ, ਰਜਿੰਦਰ ਸਿੰਘ, ਰਣਧੀਰ ਸਿੰਘ, ਰਣਜੀਤ ਸਿੰਘ , ਸੰਜੇ ਕੁਮਾਰ ਸਿੰਗਲਾ, ਸੰਤ ਸਿੰਘ, ਸੇਵਾ ਸਿੰਘ, ਸ਼ੇਰ ਸਿੰਘ, ਸਿਕੰਦਰ ਸਿੰਘ ਸਹੇੜੀ, ਸੁੱਚਾ ਰਾਮ, ਸੁਖਵਿੰਦਰ ਸਿੰਘ, ਸੁਰਿੰਦਰ ਕੁਮਾਰ, ਸੁਰਿੰਦਰਪਾਲ ਸਿੰਘ, ਸੁਰਿੰਦਰ ਸਿੰਘ, ਸੁਰਜੀਤ ਸਿੰਘ ਗੁਰੂ, ਸੁਰਮੁੱਖ ਸਿੰਘ ਕੰਗ, ਸੁਸ਼ੀਲ ਕੁਮਾਰ ਅਗਨੀਹੋਤਰੀ, ਟਹਿਲ ਸਿੰਘ, ਤਿਲਕ ਰਾਜ, ਵਿਪਿਨ ਕੁਮਾਰ, ਵਿਵੇਕ ਸੂਦ, ਵਜ਼ੀਰ ਚੰਦ ਅਤੇ ਹੋਰ ਸੀਨੀਅਰ ਸਿਟੀਜ਼ਨਸ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਫਗਵਾੜਾ ਵੈਲਫੇਅਰ ਸੁਸਾਇਟੀ (ਕਨੇਡਾ) ਨੇ ਲੋੜਵੰਦ ਰਿਕਸ਼ਾ ਚਾਲਕ ਨੂੰ ਭੇਂਟ ਕੀਤੀ ਆਟੋ ਰਿਕਸ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਫਗਵਾੜਾ 28 ਮਾਰਚ (ਸ਼ਿਵ ਕੌੜਾ) ਫਗਵਾੜਾ ਵੈਲਫੇਅਰ ਸੁਸਾਇਟੀ ਸਰੀ ਬੀ.ਸੀ. (ਕਨੇਡਾ) ਵਲੋਂ ਇਕ ਲੋੜਵੰਦ ਨੂੰ ਰੁਜਗਾਰ ਕਰਨ ਲਈ ਆਟੋ ਰਿਕਸ਼ਾ ਭੇਂਟ ਕੀਤਾ ਗਿਆ। ਸੁਸਾਇਟੀ ਦੇ ਡਾਇਰੈਕਟਰ ਜਸਵੀਰ ਸਿੰਘ ਉਰਫ ਸੁਖਦੇਵ ਸਿੰਘ ਬਸਰਾ ਅਤੇ ਮੈਂਬਰਾਂ ਹਰਵਿੰਦਰ ਸਿੰਘ ਸ਼ਿੰਦਾ ਯੂ.ਕੇ., ਬਲਦੇਵ ਸਿੰਘ ਬਸਰਾ ਯੂ.ਐਸ.ਏ., ਜਸਪਾਲ ਸਿੰਘ ਸੰਘਾ ਕਨੇਡਾ, ਕੁਲਦੀਪ ਸਿੰਘ ਦੀਪਾ ਆਸਟ੍ਰੇਲੀਆ, ਅਮਰੀਕ ਸਿੰਘ ਆਸਟ੍ਰੇਲੀਆ, ਸੁਲੱਖਣ ਸਿੰਘ ਯੂ.ਐਸ.ਏ. ਅਨੁਸਾਰ ਮਹਿੰਦਰ ਸਿੰਘ ਨਾਮ ਦਾ ਮਿਹਨਤੀ ਇਨਸਾਨ ਕਰੀਬ 40-50 ਸਾਲ ਤੋਂ ਰਿਕਸ਼ਾ ਚਲਾ ਕੇ ਪਰਿਵਾਰ ਪਾਲ ਰਿਹਾ ਸੀ ਪਰ ਹੁਣ ਬੁਢਾਪੇ 'ਚ ਰਿਕਸ਼ਾ ਚਲਾਉਣ ਵਿਚ ਉਸਨੂੰ ਮੁਸ਼ਕਲ ਹੋ ਰਹੀ ਸੀ। ਜਿਸ ਕਰਕੇ ਸੁਸਾਇਟੀ ਦੇ ਮੈਂਬਰਾਂ ਵਲੋਂ ਸਾਂਝਾ ਉਪਰਾਲਾ ਕਰਦੇ ਹੋਏ ਉਸ ਨੂੰ ਆਟੋ ਰਿਕਸ਼ਾ ਲੈ ਕੇ ਦਿੱਤਾ ਗਿਆ ਹੈ। ਇਸ ਮੌਕੇ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਸ ਸੁਸਾਇਟੀ ਵਲੋਂ ਬਹੁਤ ਸਾਰੇ ਸ਼ਲਾਘਾਯੋਗ ਭਲਾਈ ਦੇ ਕੰਮ ਕੀਤੇ ਗਏ ਹਨ। ਬਾਬਾ ਗਧੀਆ ਦੇ ਮੁਰਦਾ ਘਰ (ਮੋਰਚਰੀ) ਦੀ ਸਥਾਪਨਾ ਵੀ ਇਸੇ ਸੁਸਾਇਟੀ ਦੇ ਸਹਿਯੋਗ ਨਾਲ ਕੀਤੀ ਗਈ। ਜਿਸ ਦਾ ਲਾਭ ਅੱਜ ਨਾ ਸਿਰਫ ਫਗਵਾੜਾ ਸ਼ਹਿਰ ਬਲਕਿ ਨੇੜਲੇ ਪਿੰਡਾਂ ਦੇ ਲੋਕ ਵੀ ਲੈ ਰਹੇ ਹਨ।

# *ਆਸ਼ਾ ਵਰਕਰਾਂ ਨੇ ਪੰਜਾਬ ਸਰਕਾਰ ਦੇ ਬਜਟ ਤੇ ਨਿਰਾਸ਼ਾ ਪ੍ਰਗਟਾਈ,

## ਸਿਹਤ ਦੇ ਮੁੱਦੇ ਤੇ ਗੰਭੀਰ ਪੰਜਾਬ ਸਰਕਾਰ ਨੇ ਆਸ਼ਾ ਨੂੰ ਕੀਤਾ ਨਜ਼ਰ ਅੰਦਾਜ਼, ਕਿਰਨਦੀਪ ਕੌਰ ਪੰਜੋਲਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਪਟਿਆਲਾ ਜਗਤਾਰ ਸਿੰਘ ਰੋੜੇਵਾਲ -- ਆਸ਼ਾ ਵਰਕਰ ਤੇ ਫੈਸਿਲੀਟੇਟਰ ਯੂਨੀਅਨ ਪੰਜਾਬ ਪ੍ਰਧਾਨ ਕਿਰਨਦੀਪ ਕੌਰ ਪੰਜੋਲਾ ਨੇ ਨਿਰਾਸ਼ਾ ਭਰੇ ਸ਼ਬਦਾਂ ਵਿਚ ਕਿਹਾ ਪੰਜਾਬ ਭਰ ਦੀਆਂ ਆਸ਼ਾ ਵਰਕਰਾਂ ਪੰਜਾਬ ਸਰਕਾਰ ਦੇ ਬਜ਼ਟ ਤੋਂ ਬਹੁਤ ਉਮੀਦਾਂ ਲਾਈਂ ਬੈਠੀਆਂ ਸਨ। ਪਰੰਤੂ ਅਫਸੋਸ ਹੋਇਆ ਕਿ ਪੰਜਾਬ ਸਰਕਾਰ ਨੇ ਚੌਥਾ ਬਜ਼ਟ ਪੇਸ਼ ਕੀਤਾ, ਪਰ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾ ਨੂੰ ਬਜਟ ਵਿੱਚ ਕੁੱਝ ਵੀ ਨਹੀਂ ਦਿੱਤਾ, ਜਦ ਕਿ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਉਹਨਾਂ ਨਾਲ ਵਾਅਦਾ ਕੀਤਾ ਸੀ ਕਿ ਉਹਨਾਂ ਦੇ ਮਾਣ ਭੱਤੇ ਡਬਲ



ਕੀਤੇ ਜਾਣਗੇ। ਇਸ ਬਜਟ ਤੋਂ ਬਾਅਦ ਪੰਜਾਬ ਭਰ ਦੀਆਂ ਵਰਕਰਾਂ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਇੱਕ ਪਾਸੇ ਤਾਂ ਸਿਹਤ ਸਹੂਲਤਾਂ ਨੂੰ ਪ੍ਰਫੁੱਲਤ ਕਰਨ ਦੇ ਲਈ ਵੱਡੇ ਵੱਡੇ ਦਾਅਵੇ ਕਰ ਰਹੀ ਹੈ ਪਰੰਤੂ ਦੂਜੇ ਪਾਸੇ ਘਰ ਘਰ ਸਿਹਤ ਸੇਵਾਵਾਂ ਪਹੁੰਚਾਉਣ ਵਾਲੀਆਂ ਆਸ਼ਾ ਵਰਕਰਾਂ ਨੂੰ ਨਜ਼ਰ ਅੰਦਾਜ਼ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਆਸ਼ਾ ਵਰਕਰ ਅਤੇ ਫਸੀਲੀਟਰ ਯੂਨੀਅਨ ਪੰਜਾਬ ਪਿਛਲੇ 15 ਸਾਲਾਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕਰਦੀ ਆ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਆਪਣਾ ਸੰਘਰਸ਼ ਜਾਰੀ ਰੱਖੇਗੀ ਉਹਨਾਂ ਦੀ ਮੰਗ ਹੈ ਕਿ ਪੰਜਾਬ ਸਰਕਾਰ ਆਸ਼ਾ ਵਰਕਰਾਂ ਦੀਆਂ ਜਾਇਜ ਮੰਗਾਂ ਨੂੰ ਪ੍ਰਵਾਨ ਕਰਦੇ ਹੋਏ ਲਾਗੂ ਕਰੇ।

ਉਹਨਾਂ ਕਿਹਾ ਕਿ ਆਸ਼ਾ ਵਰਕਰਾਂ ਸਿਹਤ ਵਿਭਾਗ ਵਿੱਚ ਆਫ ਲਾਇਨ ਅਤੇ ਆਨ ਲਾਈਨ ਕੰਮ ਕਰਨ ਦੀ ਪਹਿਲੀ ਕਤਾਰ ਵਿੱਚ ਲੋਕ ਭਲਾਈ, ਲੋਕ ਸੇਵਾ ਕਰਦੀਆਂ ਹਨ, ਸਰਕਾਰ ਨੂੰ ਚਾਹੀਦਾ ਸੀ ਕਿ ਬਜ਼ਟ ਸਾਡੇ ਹੱਕਾਂ ਲਈ ਰਾਖਵਾਂ ਰੱਖਿਆ ਜਾਂਦਾ, ਪ੍ਰੰਤੂ ਅਜਿਹਾ ਨਹੀਂ ਹੋਇਆ। ਉਹਨਾਂ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਚੱਲ ਰਹੀ ਸਰਕਾਰ ਅਸਲ ਮੁੱਦਿਆਂ ਤੋਂ ਭਟਕ ਚੁੱਕੀ ਹੈ। ਇਸ ਮੌਕੇ ਹੋਰਨਾਂ ਤੋਂ ਜਿਲਾ ਪ੍ਰਧਾਨ ਕਮਲਜੀਤ ਕੌਰ ਰੋੜਗੜ ,ਸਟੇਟ ਕੈਸਿਅਰ ਜਸਵੀਰ ਕੌਰ ਭਾਦਸੋਂ ਹਾਜ਼ਰ ਸਨ ਤੋਂ ਇਲਾਵਾ ਜ਼ਿਲਾ ਮੀਤ ਪ੍ਰਧਾਨ ਸੰਤੋਖ ਰਾਣੀ, ਜ਼ਿਲਾ ਕੈਸਿਅਰ ਮਨਪ੍ਰੀਤ ਕੌਰ ਝਿੱਲ ,ਜ਼ਿਲਾ ਸਕੱਤਰ ਕੁਲਵੰਤ ਕੌਰ ਸ਼ਤਰਾਣਾ,ਜ਼ਿਲਾ ਪ੍ਰੈਸ ਸਕੱਤਰ ਮਮਤਾ ਰਾਣੀ ਬਲਾਕ ਪ੍ਰਧਾਨ ਨੀਲਮ ਸ਼ਰਮਾ ਦੁੱਧਨਸਾਧਾ ,ਬਲਾਕ ਪ੍ਰਧਾਨ ਮਨਪ੍ਰੀਤ ਕੋਰ ਹਰਪਾਲਪੁਰ, ਬਲਾਕ ਪ੍ਰਧਾਨ ਕਰਮਜੀਤ ਕੌਰ ਕਾਲੋਮਾਜਰਾ, ਅਰਬਨ ਰਾਜਪੁਰਾ ਪ੍ਰਧਾਨ ਕੁਲਵੀਰ ਕੌਰ,ਮੀਤ ਪ੍ਰਧਾਨ ਬਲਾਕ ਕੋਲੀ ਪਰਮਜੀਤ ਕੌਰ ਲਲੋਛੀ , ਬਲਾਕ ਪ੍ਰਧਾਨ ਜਸਵਿੰਦਰ ਕੋਰ ਪਾਤੜਾਂ,ਨਿੰਤੂ ਸਮਾਣਾ ਹੋਰ ਹਾਜ਼ਰ ਸਨ।

# ਐਸ.ਸੀ. ਬੀ.ਸੀ. ਕਰਮਚਾਰੀ ਫੈਡਰੇਸ਼ਨ ਦੀ ਹੋਈ ਅਹਿਮ ਬੈਠਕ , ਗੁਰਪਾਲ ਸੈਣੀ ਬਣੇ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ - ਜਸਵਿੰਦਰ ਚਪੜ੍ਹ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com





ਅੱਜ ਐਸ.ਸੀ. ਬੀ.ਸੀ. ਕਰਮਚਾਰੀ ਫੈਡਰੇਸ਼ਨ (ਰਜਿ) ਪੰਜਾਬ ਵੱਲੋਂ ਜ਼ਿਲ੍ਹਾ ਪਟਿਆਲਾ ਵਿਖੇ ਸੂਬਾ ਪ੍ਰਧਾਨ ਪਰਵਿੰਦਰ ਕੁਮਾਰ ਦੁੱਗ ਦੀ ਰਹਿਨੁਮਾਈ ਹੇਠ ਮੀਟਿੰਗ ਕੀਤੀ ਗਈ ਜਿਸ ਵਿੱਚ ਜ਼ਿਲ੍ਹਾ ਪਟਿਆਲਾ ਦੀ ਚੋਣ ਕਰਵਾਉਣ ਅਤੇ ਸਮਾਜ ਦੇ ਮੁੱਦਿਆਂ ਤੇ ਵਿਚਾਰ ਵਟਾਂਦਰਾ ਕਰਨ ਉਪਰੰਤ ਜ਼ਿਲ੍ਹਾ ਪ੍ਰਧਾਨ ਸ਼ਿਵਚਰਨ ਸਿੰਘ ਵੱਲੋਂ ਜ਼ਿਲ੍ਹਾ ਪਟਿਆਲਾ ਯੂਨਿਟ ਨੂੰ ਭੰਗ ਕਰਨ ਉਪਰੰਤ ਜ਼ਿਲ੍ਹਾ ਪਟਿਆਲਾ ਦੀ ਚੋਣ ਕਰਵਾਉਣ ਲਈ ਬੇਨਤੀ ਸੂਬਾ ਕਮੇਟੀ ਨੂੰ ਕੀਤੀ ਜਿਸ ਵਿਚ ਸੂਬਾ ਕਮੇਟੀ ਵਲੋਂ ਜ਼ਿਲ੍ਹਾ ਪਟਿਆਲਾ ਦੇ ਵੱਖ ਵੱਖ ਵਿਭਾਗਾਂ ਤੋਂ ਆਏ ਹੋਏ ਸਾਥੀਆਂ ਤੋਂ ਸਹਿਮਤੀ ਲੈਣ ਉਪਰੰਤ ਜ਼ਿਲ੍ਹਾ ਪਟਿਆਲਾ ਯੂਨਿਟ ਦੀ ਸਰਬਸੰਮਤੀ ਨਾਲ ਚੋਣ ਕਰਵਾਈ ਗਈ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਸ੍ਰੀ ਗੁਰਪਾਲ ਸਿੰਘ ਸੈਨੀ, ਸ੍ਰੀ ਗੁਰਵਿੰਦਰ ਸਿੰਘ ਜ਼ਿਲ੍ਹਾ ਸਕੱਤਰ ਜਨਰਲ, ਸ੍ਰੀ ਮਹਿੰਦਰ ਕੁਮਾਰ ਮੀਤ ਪ੍ਰਧਾਨ, ਵਿੱਤ ਸਕੱਤਰ ਸ੍ਰੀਮਤੀ ਪਰਵਿੰਦਰ ਕੌਰ, ਸੁਖਵਿੰਦਰ ਕੌਰ - ਲੇਡੀਜ਼ ਵਿੰਗ ਪਟਿਆਲਾ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਬਾਕੀ ਹੋਰ ਅਹੁਦੇਦਾਰਾਂ ਦੀ ਨਿਯੁਕਤੀ ਕਰਨ ਦਾ ਅਖਤਿਆਰ ਜ਼ਿਲ੍ਹਾ ਬਾਡੀ ਨੂੰ ਦਿੱਤਾ ਗਿਆ। ਇਸ ਸਮੇਂ ਫੈਡਰੇਸਨ ਦੇ ਸਾਬਕਾ ਪ੍ਰਧਾਨ ਸ. ਅਮਰੀਕ ਸਿੰਘ ਬੰਗੜ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਮੌਕੇ ਸ. ਜਸਵਿੰਦਰ ਸਿੰਘ ਚਪੜ੍ਹ - ਸਟੇਟ ਅਵਾਰਡੀ ਅਤੇ ਹੋਰ ਬੁਲਾਰਿਆਂ ਨੇ ਬੋਲਦੇ ਹੋਏ ਸਰਕਾਰ ਤੋਂ ਮੰਗ ਕੀਤੀ ਹੈ ਪੰਜਾਬ ਦੀਆਂ ਸਮੇਂ ਸਮੇਂ ਸਿਰ ਰਾਜ ਕਰਦੀਆਂ ਸਰਕਾਰਾਂ ਨੂੰ ਅਨੁਸੂਚਿਤ ਜਾਤੀ ਅਤੇ ਪਛੜੀਆਂ ਸ਼੍ਰੇਣੀਆਂ ਕਰਮਚਾਰੀਆਂ ਦੇ ਨਾਲ -ਨਾਲ ਇਸ ਵਰਗ ਦੇ ਲੋਕਾਂ ਨਾਲ ਵੀ ਜੋ ਬਾਬਾ ਸਾਹਿਬ ਡਾ. ਅੰਬੇਡਕਰ ਜੀ ਨੇ ਸਾਨੂੰ ਸੰਵਿਧਾਨਿਕ ਹੱਕ ਦਿੱਤੇ ਸਨ ਉਹਨਾਂ ਦੀ ਪਾਲਣਾ ਕਰਨ ਵਿੱਚ ਬਹੁਤ ਜਿਆਦਾ ਕੁਤਾਹੀਆਂ ਵਰਤੀਆਂ ਹਨ। ਪੰਜਾਬ ਵਿੱਚ 85ਵੀਂ ਸੋਧ ਅਜੇ ਤੱਕ ਕਿਸੇ ਵੀ ਸਰਕਾਰ ਨੇ ਲਾਗੂ ਨਹੀਂ ਕੀਤੀ ਇਸ ਦੇ ਨਾਲ ਹੀ 10-10-2014 ਦਾ ਗੈਰ ਸੰਵਿਧਾਨਿਕ ਪੱਤਰ ਜੋ ਕਿ ਹਰ ਰਾਜਨੀਤਿਕ ਪਾਰਟੀ ਆਪਣੇ ਚੋਣ ਮੈਨੀਫੈਸਟੋ ਵਿੱਚ ਜਿਸ ਦਾ ਜ਼ਿਕਰ ਕਰਦੀ ਹੈ ਉਸ ਵੱਲ ਵੀ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਤਰਸ ਦੇ ਆਧਾਰ ਤੇ ਕੀਤੀਆਂ ਜਾਣ ਵਾਲੀਆਂ ਨਿਯੁਕਤੀਆਂ ਵੀ ਕਾਫੀ ਪਿਛਲੇ ਲੰਬੇ ਸਮੇਂ ਤੋਂ ਨਹੀਂ ਕੀਤੀਆਂ ਜਾ ਰਹੀਆਂ ਇਸ ਲਈ ਸਰਕਾਰ ਨੂੰ ਅਸੀਂ ਇਹ ਵੀ ਬੇਨਤੀ ਕਰਦੇ ਹਾਂ ਕਿ ਤਰਸ ਦੇ ਆਧਾਰ ਤੇ ਕੀਤੀਆਂ ਜਾਣ ਵਾਲੀਆਂ ਨਿਯੁਕਤੀਆਂ ਪਹਿਲਾਂ ਦੀ ਤਰ੍ਹਾਂ ਹੀ ਛੇਤੀ ਤੋਂ ਛੇਤੀ ਕਰਨ ਦੀਆਂ ਹਦਾਇਤਾਂ ਸਾਰੇ ਹੀ ਵਿਭਾਗਾਂ ਨੂੰ ਦਿੱਤੀਆਂ ਜਾਣ। ਪੁਰਾਣੀ ਪੈਨਸ਼ਨ ਸਕੀਮ ਦਾ ਕੇਸ ਪਹਿਲ ਦੇ ਅਧਾਰ ਤੇ ਲਾਗੂ ਕੀਤਾ ਜਾਵੇ। ਅਨੁਸੂਚਿਤ ਵਰਗ ਦੇ ਲੋਕਾਂ ਲਈ ਸਰਕਾਰੀ ਸਹੂਲਤਾਂ ਉੱਚੇਰੀ ਸਿੱਖਿਆ ਲਈ ਢਾਈ ਲੱਖ ਸਲਾਨਾ ਆਮਦਨ ਦੀ ਹੱਦ ਵਧਾ ਕੇ 10 ਲੱਖ ਰੁਪਏ ਸਲਾਨਾ ਕੀਤੀ ਜਾਵੇਂ ਤੇ ਵੱਖ ਵੱਖ ਵਿਭਾਗਾਂ ਵਿੱਚ ਰੋਸਟਰਡ ਰਜਿਸਟਰ ਲਗਾਉਣ ਲਈ ਸਬੰਧਿਤ ਡਾਇਰੈਕਟਰ ਨੂੰ ਹਦਾਇਤ ਕੀਤੀ ਜਾਵੇ। ਸਰਕਾਰੀ ਨੋਕਰੀਆਂ ਵਿਚ ਓਵਰਏਜ ਹੋ ਰਹੇ ਐਸ.ਸੀ. ਵਿਦਿਆਰਥੀਆਂ ਦੀ ਉਮਰ ਸੀਮਾ ਵਿਚ ਵਾਧਾ ਕੀਤਾ ਜਾਵੇ। ਇਸ ਮੌਕੇ ਸੂਬਾ ਪ੍ਰਧਾਨ ਪਰਵਿੰਦਰ ਕੁਮਾਰ, ਦਵਿੰਦਰ ਕੁਮਾਰ ਸੂਬਾ ਸਕੱਤਰ ਜਨਰਲ, ਸਰਪ੍ਰਸਤ ਜਸਵਿੰਦਰ ਸਿੰਘ ਚੱਪੜ, ਜ਼ਿਲ੍ਹਾ ਜਲੰਧਰ ਪ੍ਰਧਾਨ ਸੁਖਦੇਵ ਬਸਰਾ, ਜ਼ਿਲ੍ਹਾ ਸਰਪ੍ਰਸਤ ਕੁਲਦੀਪ ਸਿੰਘ ਮੋਗਾ, ਪ੍ਰਧਾਨ ਅੰਗਰੇਜ਼ ਸਿੰਘ ਮੋਗਾ, ਜਗਰਾਜ ਸਿੰਘ ਮੋਗਾ, ਇੰਜੀ. ਮੇਹਰ ਸਿੰਘ , ਸ. ਅਵਤਾਰ ਸਿੰਘ, ਸ. ਤ੍ਰਿਲੋਚਨ ਸਿੰਘ, ਸ. ਸ਼ਿਵਚਰਨ ਸਿੰਘ, ਸ੍ਰੀ ਸੁਭਾਸ਼ ਕੁਮਾਰ, ਸ. ਕੁਲਿੰਦਰਜੀਤ ਸਿੰਘ, ਕੋਚ ਸੰਦੀਪ ਸਿੰਘ, ਕੋਚ ਬਲਜੀਤ ਸਿੰਘ, ਸ. ਅਮਰਜੀਤ ਸਿੰਘ, ਮੈਡਮ ਪਰਮਿੰਦਰ ਕੌਰ, ਮੈਡਮ ਸੁਖਵਿੰਦਰ ਕੌਰ, ਸ. ਜਤਿੰਦਰ ਸਿੰਘ ਕਾਲਾ, ਸ੍ਰੀ ਰਾਮ ਗਿੱਲ, ਨਿਰਮਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਧਿਕਾਰੀ ਕਰਮਚਾਰੀ ਸ਼ਾਮਿਲ ਹੋਏ।

# ਜ਼ਿਲ੍ਹਾ ਸਿੱਖਿਆ ਸੈਕੰਡਰੀ ਵੱਲੋਂ 'ਸਸਟੇਨੇਬਲਿਟੀ ਲੀਡਰਸ਼ਿਪ ਸਨਮਾਨ' ਪ੍ਰੋਗਰਾਮ ਕਰਵਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਮੋ ਹਾ ਲੀ ਮਿਤੀ:28 ਮਾਰਚ() ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਮੋਹਾਲੀ ਡਾ.ਗਿੰਨੀ ਦੁੱਗਲ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਮੋਹਾਲੀ ਅੰਗਰੇਜ਼ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪੱਧਰੀ 'ਸਸਟੇਨੇਬਿਲਟੀ ਲੀਡਰਸ਼ਿੱਪ ਪ੍ਰੋਗਰਾਮ' ਦਾ ਸਨਮਾਨ ਸਮਾਰੋਹ ਡੀ.ਸੀ.ਦਫ਼ਤਰ ਮੋਹਾਲੀ ਵਿਖੇ 27 ਮਾਰਚ 2025 ਨੂੰ ਕਰਵਾਇਆ ਗਿਆ। ਇਸ ਮੌਕੇ ਬਤੌਰ ਮੁੱਖ ਮਹਿਮਾਨ ਮਾਣਯੋਗ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਗੀਤਿਕਾ ਸਿੰਘ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਵਿਸ਼ੇਸ਼ ਮਹਿਮਾਨ ਵਧੀਕ ਡਿਪਟੀ ਕਮਿਸ਼ਨਰ ਸ.ਅਨਮੋਲ ਸਿੰਘ ਧਾਲੀਵਾਲ ਨੇ ਵੀ ਇਸ ਮੌਕੇ ਸਸਟੇਨੇਬਲ ਜੀਵਨ ਸ਼ੈਲੀ ਸੰਬੰਧੀ ਆਪਣੇ ਵੱਡਮੁੱਲੇ ਵਿਚਾਰ ਸਾਂਝੇ ਕੀਤੇ। ਮੋਹਾਲੀ ਜ਼ਿਲ੍ਹੇ ਦੇ 20 ਸਰਕਾਰੀ ਸਕੂਲਾਂ ਦੇ 8ਵੀਂ ਤੋਂ 12ਵੀਂ ਜਮਾਤ ਦੇ 1000 ਤੋਂ ਵੱਧ




ਵਿਦਿਆਰਥੀਆਂ ਨੂੰ ਸਾਲਿਡ ਵੇਸਟ ਮੈਨੇਜਮੈਂਟ ਦਾ 8 ਹਫ਼ਤੇ ਦਾ ਵਿਦਿਆਰਥੀ ਇੰਟਰਨਸ਼ਿਪ ਪ੍ਰੋਗਰਾਮ ਕਰਵਾਇਆ ਗਿਆ। ਸਸਟੇਨੇਬਿਲਟੀ ਲੀਡਰਜ਼ ਪ੍ਰੋਗਰਾਮ' ਦਾ ਸੰਕਲਪ ਦਿੱਲੀ ਪਬਲਿਕ ਸਕੂਲ ਚੰਡੀਗੜ੍ਹ ਦੀ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਸੁਹਾਨੀ ਸ਼ਰਮਾਂ ਦੁਆਰਾ ਤਿਆਰ ਕੀਤਾ ਗਿਆ ਸੀ। ਨਗਰ ਨਿਗਮ ਮੋਹਾਲੀ ਨੇ ਮੋਹਾਲੀ ਗਊਸ਼ਾਲਾ ਵਿਖੇ ਕੂੜਾ-ਕਰਕਟ, ਬਾਗ਼ਬਾਨੀ ਰਹਿੰਦ-ਖੂੰਹਦ ਦੀ ਖਾਦ ਬਣਾਉਣ,ਰੀਸਾਈਕਲਿੰਗ ਗਤੀਵਿਧੀਆਂ ਅਤੇ ਮੋਹਾਲੀ ਗਊਸ਼ਾਲਾ ਵਿਖੇ ਗੋਬਰ ਵੇਸਟ ਮੈਨੇਜਮੈਂਟ ਮਾਡਲ ਨੂੰ ਸਮਝਣ ਲਈ ਵਿਦਿਆਰਥੀਆਂ ਲਈ ਫੀਲਡ ਵਿਜ਼ਿਟ ਦਾ ਆਯੋਜਨ ਕੀਤਾ,ਜਿਸ ਨਾਲ ਵਿਦਿਆਰਥੀਆਂ ਨੂੰ ਠੋਸ ਕੂੜਾ ਪ੍ਰਬੰਧਨ ਅਭਿਆਸਾਂ ਵਿੱਚ ਸ਼ਾਮਲ ਕੀਤਾ ਗਿਆ,ਜਿਸ ਨੇ ਉਨ੍ਹਾਂ ਦੀ ਸਮਰੱਥਾ,ਸੋਚਣ ਦੇ ਹੁਨਰ,ਰਚਨਾਤਮਕਤਾ ਅਤੇ ਜਨਤਕ ਬੋਲਣ ਦੇ ਹੁਨਰ ਨੂੰ ਵਧਾਇਆ ਵਿਦਿਆਰਥੀਆਂ ਨੇ ਲਾਈਵ ਸੈਸ਼ਨਾਂ ਅਤੇ ਵੈਬਿਨਾਰਾਂ ਵਿੱਚ ਸ਼ਿਰਕਤ ਕੀਤੀ, ਅਸਾਈਨਮੈਂਟ ਜਮ੍ਹਾਂ ਕੀਤੀ,ਪੋਸਟਰ ਬ ਣਾ ਏ , ਕ ਹਾ ਣੀ ਆਂ ਸੁਣਾਈਆਂ, ਪਾਵਰ-ਪੁਆਇੰਟ ਪੇਸ਼ਕਾਰੀਆਂ ਸਿੱਖੀਆਂ ਅਤੇ ਉਨ੍ਹਾਂ ਨੂੰ ਜਨਤਕ ਭਾਸ਼ਣ ਸੈਸ਼ਨ ਵਿੱਚ ਸਾਂਝਾ ਕੀਤਾ। ਉਨ੍ਹਾਂ ਕੂੜੇ ਨੂੰ ਜ਼ਿੰਮੇਵਾਰੀ ਨਾਲ ਸੰਭਾਲਣ ਦਾ ਪ੍ਰਣ ਲਿਆ। ਫਾਈਨਲ ਗੇੜ ਵਿੱਚ ਸਕੂਲ ਦੇ ਨੋਡਲ ਅਧਿਆਪਕਾਂ ਨੇ ਸਲਾਹਕਾਰਾਂ ਦੀ ਸਹਾਇਤਾ ਨਾਲ਼ ਵਧੀਆ ਪ੍ਰਦਰਸ਼ਨ ਕਰਨ ਵਾਲੇ 6-10 ਵਿਦਿਆਰਥੀਆਂ ਦੀ ਚੋਣ ਕੀਤੀ। ਇਸ ਵਿੱਚ 20 ਸਕੂਲ ਨੋਡਲ ਇੰਚਾਰਜ,5 ਬੈਸਟ ਵਿਦਿਆਰਥੀ,ਬੈਸਟ ਸਕੂਲ ਨੋਡਲ ਇੰਚਾਰਜ ਅਤੇ ਹਰ ਸਕੂਲ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਵਿੱਚ ਮੁੱਖ ਮਹਿਮਾਨ ਜੀ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸਾਂਭ-ਸੰਭਾਲ ਲਈ ਪ੍ਰੇਰਿਤ ਕੀਤਾ ਅਤੇ ਵੇਸਟ ਮੈਨੇਜਮੈਂਟ ਬਾਰੇ ਸਾਰਿਆਂ ਨੂੰ ਜਾਗਰੁਕ ਕੀਤਾ। ਸਕੂਲ ਪ੍ਰਿੰਸੀਪਲ-ਕਮ-ਜ਼ਿਲ੍ਹਾ ਨੋਡਲ ਅਫ਼ਸਰ ਐੱਸਐੱਲਪੀ ਸੁਹਿੰਦਰ ਕੌਰ ਅਤੇ ਅਸਿਸਟੈਂਟ ਜ਼ਿਲ੍ਹਾ ਨੋਡਲ ਅਫ਼ਸਰ ਐੱਸਐੱਲਪੀ ਪ੍ਰੀਤੀ ਬਾਂਸਲ ਨੇ ਤਨਦੇਹੀ ਨਾਲ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਇਆ। ਇਸ ਮੌਕੇ 80 ਦੇ ਕਰੀਬ ਵਿਦਿਆਰਥੀ ਅਤੇ ਅਧਿਆਪਕ ਸ਼ਾਮਲ ਸਨ ਜਿਨ੍ਹਾਂ ਦੀ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ ਸੀ।

# ਜਲਾਲਾਬਾਦ ਦੇ ਵਿਧਾਇਕ ਨੇ ਹਸਪਤਾਲ ਅਪਗਰੇਡ ਕਰਨ ਦਾ ਮੁੱਦਾ ਵਿਧਾਨ ਸਭਾ ਵਿੱਚ ਚੁੱਕਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਜਲਾਲਾਬਾਦ 28 ਮਾਰਚ (ਮਨੋਜ ਕੁਮਾਰ, ਸੁਭਾਸ਼ ਸਿੰਘ) ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਅੱਜ ਵਿਧਾਨ ਸਭਾ ਵਿੱਚ ਸਿਫਰ ਕਾਲ ਦੌਰਾਨ ਜਲਾਲਾਬਾਦ ਦੇ ਹਸਪਤਾਲ ਨੂੰ ਅਪਗਰੇਡ ਕਰਨ ਦਾ ਮੁੱਦਾ ਵਿਧਾਨ ਸਭਾ ਵਿੱਚ ਚੁੱਕਿਆ । ਉਨਾਂ ਨੇ ਸਿਫਰ ਕਾਲ ਦੌਰਾਨ ਕਿਹਾ ਕਿ ਇਸ ਹਸਪਤਾਲ ਨੂੰ ਜਾਂ ਤਾਂ ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਨੂੰ ਮੁਕੰਮਲ ਤੌਰ ਤੇ ਸੌਂਪ ਦਿੱਤਾ ਜਾਵੇ ਜਾਂ ਸਿਹਤ ਵਿਭਾਗ ਆਪਣੇ ਅਧੀਨ ਕਰੇ ਅਤੇ ਇਸ ਨੂੰ ਅਪਗਰੇਡ ਕਰਦੇ ਹੋਏ ਸਾਰੀਆਂ ਸਹੂਲਤਾਂ ਇਸ ਵਿੱਚ ਮੁਹਈਆ ਕਰਵਾਈਆਂ ਜਾਣ। ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਇਸ ਹਸਪਤਾਲ ਦੇ ਨਾਲ ਇਲਾਕੇ ਦੇ ਬਹੁਤ ਸਾਰੇ ਪਿੰਡ ਵੀ ਜੁੜੇ ਹੋਏ ਹਨ ਜਦਕਿ ਜਲਾਲਾਬਾਦ ਸ਼ਹਿਰ ਦੇ ਲੋਕ ਵੀ ਸਿਹਤ ਸਹੂਲਤਾਂ ਲਈ ਇਸ ਹਸਪਤਾਲ ਤੇ ਨਿਰਭਰ ਹਨ। ਇਸ ਲਈ ਜਰੂਰੀ ਹੈ ਕਿ ਇਸ ਨੂੰ ਅਪਗ੍ਰੇਡ ਕੀਤਾ ਜਾਵੇ। ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿਹਤ ਕ੍ਰਾਂਤੀ



ਤੇ ਵਿਸ਼ੇਸ਼ ਤਵੱਜੋ ਦੇ ਰਹੀ ਹੈ ਅਤੇ ਉਨਾਂ ਆਸ ਪ੍ਰਗਟਾਈ ਕਿ ਜਲਦ ਹੀ ਇਸ ਹਸਪਤਾਲ ਨੂੰ ਅਪਗ੍ਰੇਡ ਕੀਤਾ ਜਾਵੇਗਾ।

# ਜੀ.ਆਰ.ਡੀ. ਕਾਲਜ ਨੇ 10+1 ਦੇ ਸਲਾਨਾ ਨਤੀਜਿਆਂ ਦਾ ਕੀਤਾ ਐਲਾਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਫਗਵਾੜਾ 28 ਮਾਰਚ (ਸ਼ਿਵ ਕੌੜਾ) ਜੀ.ਆਰ. ਡੀ. ਕੋ-ਐਜੂਕੇਸ਼ਨਲ ਕਾਲਜ ਫਗਵਾੜਾ ਵਿਖੇ ਅੱਜ 10+1 ਦੇ ਨਤੀਜਿਆਂ ਦਾ ਐਲਾਨ ਕੀਤਾ ਗਿਆ। ਵਧੇਰੇ ਜਾਣਕਾਰੀ ਦਿੰਦਿਆਂ ਕਾਲਜ ਦੇ ਡਾਇਰੈਕਟਰ ਐਜੂਕੇਸ਼ਨ




ਡਾ. ਨੀਲਮ ਸੇਠੀ ਨੇ ਦੱਸਿਆ ਕਿ ਕਾਲਜ ਦੀ ਹੋਣਹਾਰ ਵਿਦਿਆਰਥਣ ਕ੍ਰਿਤੀ ਨੇ ਕਾਲਜ ਵਿਚ ਟਾਪ ਕੀਤਾ ਹੈ। ਜਦਕਿ ਪੱਲਵੀ ਨੂੰ ਦੂਸਰਾ ਤੇ ਮਨਪ੍ਰੀਤ ਨੂੰ ਤੀਸਰਾ ਸਥਾਨ ਪ੍ਰਾਪਤ ਹੋਇਆ ਹੈ। ਉਹਨਾਂ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਚੰਗੇ ਭਵਿੱਖ ਦੀ ਕਾਮਨਾ ਕਰਦਿਆਂ ਅਗਲੇ ਸਾਲ 10+2 ਦੀ ਬੋਰਡ ਪ੍ਰੀਖਿਆ ਲਈ ਹੋਰ ਵੀ ਤਨਦੇਹੀ ਨਾਲ ਮਿਹਨਤ ਕਰਨ ਲਈ ਪ੍ਰੇਰਿਆ। ਪ੍ਰਿੰਸੀਪਲ ਗੁਰਜੀਤ ਕੌਰ ਵਲੋਂ ਵਿਦਿਆਰਥਣਾਂ ਨੂੰ ਮੈਡਲ ਦੇ ਸਨਮਾਨਤ ਕੀਤਾ ਗਿਆ। ਕਾਲਜ ਪ੍ਰਬੰਧਕ ਕਮੇਟੀ ਵਲੋਂ ਵੀ ਹੋਣਹਾਰ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਗਈਆਂ। ਇਸ ਮੌਕੇ ਬੱਚਿਆਂ ਦੇ ਮਾਪੇ ਵੀ ਹਾਜਰ ਸਨ।

# ਮਹਾਂ–ਕਾਵਿ ਸੱਚ ਦਾ ਸੂਰਜ ਲੋਕ ਅਰਪਣ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਲੁਧਿਆਣਾ (ਗੁਰਦੀਪ ਸਿੰਘ) ਵਿਸ਼ਵ ਪੰਜਾਬੀ ਕਵੀ ਸਭਾ ਵੱਲੋਂ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਕੇਂਦਰੀ ਦਫਤਰ ਮਾਡਲ ਟਾਊਨ ਐਕਸਟੈਸ਼ਨ ਲੁਧਿਆਣਾ ਵਿਖੇ ਕਰਵਾਏ ਗਏ ਸ਼ਾਨਦਾਰ ਵਿਮੋਚਨ ਸਮਾਰੋਹ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਹਾਨ ਤੇ ਬਹੁਪੱਖੀ ਜੀਵਨ ਤੇ ਤਿੰਨ ਸਾਲ ਦੀ ਸਫਲ ਘਾਲਣਾ ਨਾਲ ਜੋਗਿੰਦਰ ਸਿੰਘ ਕੰਗ ਵੱਲੋਂ ਅੱਠ ਖੰਡਾਂ ਵਿਚ ਲਿਖੇ ਗਏ ਮਹਾਂ-ਕਾਵਿ ਸੱਚ ਦਾ ਸੂਰਜ ਨੂੰ ਲੋਕ ਅਰਪਣ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਵਜੋਂ ਸੂਬਾ ਬਲਵਿੰਦਰ ਸਿੰਘ ਝੱਲ ਪ੍ਰਧਾਨ ਨਾਮਧਾਰੀ ਦਰਬਾਰ (ਸ੍ਰੀ ਭੈਣੀ ਸਾਹਿਬ) ਅਤੇ ਪ੍ਰਧਾਨਗੀ ਮੰਡਲ ਵਿਚ ਸ. ਗੁਰਮੀਤ ਸਿੰਘ ਡਾਇਰੈਕਟਰ ਗੁਰੂ ਗੋਬਿੰਦ ਸਿੰਘ ਸੱਟਡੀ ਸਰਕਲ(ਸਾਬਕਾ ਆਨਰੇਰੀ ਸਕੱਤਰ ਸ੍ਰੀ ਅਕਾਲ ਤਖਤ ਸਾਹਿਬ), ਡਾ. ਇੰਦਰਜੀਤ ਸਿੰਘ ਵਾਸੂ, ਡਾ. ਬਲਵਿੰਦਰ ਪਾਲ ਸਿੰਘ (ਸੰਪਾਦਕ ਸਾਡਾ ਵਿਰਸਾ ਸਾਡਾ ਗੌਰਵ),ਸੂਬਾ ਹਰਭਜਨ ਸਿੰਘ ਲੁਧਿਆਣਾ ਅਤੇ ਲੇਖਕ ਜੋਗਿੰਦਰ ਸਿੰਘ



ਕੰਗ ਸੁਸ਼ੋਭਿਤ ਹੋਏ।ਸਟੇਜ ਦਾ ਬਾਖੂਬੀ ਸੰਚਾਲਨ ਕਰਦਿਆਂ ਹੋਇਆ ਵਿਸ਼ਵ ਪੰਜਾਬੀ ਕਵੀ ਸਭਾ ਦੇ ਜਨਰਲ ਸਕੱਤਰ ਐਡਵੋਕੇਟ ਕਿਰਪਾਲ ਸਿੰਘ ਕਾਲੜਾ ਨੇ ਹਾਜਰ ਕਵੀਆਂ/ ਕਵਿੱਤ੍ਰੀਆਂ /ਵਿਦਵਾਨਾਂ ਅਤੇ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਆਖਿਆ। ਗੁਰਮੀਤ ਸਿੰਘ ਨੇ ਲੇਖਕ ਕੰਗ ਜੀ ਦੁਆਰਾ ਵੱਖ-ਵੱਖ ਛੰਦਾਂ ਵਿਚ ਲਿਖੇ ਮਹਾਂ–ਕਾਵਿ ਸੱਚ ਦਾ ਸੂਰਜ ਦੀ ਭਰਪੂਰ ਪ੍ਰੰਸਸਾ ਕੀਤੀ। ਉੱਘੇ ਵਿਦਵਾਨ ਡਾ. ਇੰਦਰਜੀਤ ਸਿੰਘ ਵਾਸੂ ਨੇ ਕਿਹਾ ਕਿ ਸੱਚ ਦਾ ਸੂਰਜ ਮਹਾਂ –ਕਾਵਿ ਵਿੱਚ ਜੋਗਿੰਦਰ ਸਿੰਘ ਕੰਗ ਨੇ ਜੁਗ ਪੁਰਸ਼ ਗੁਰੂ ਨਾਨਕ ਦੇਵ ਜੀ ਦੇ ਮਹਾਨ, ਵਚਿੱਤਰ ਤੇ ਬਹੁਪੱਖੀ ਜੀਵਨ ਦਾ ਸਮੁੱਚਾ ਵਿਵਰਣ ਉਲੀਕਿਆ ਹੈ। ਅਥਾਹ ਇਤਿਹਾਸਕ ਗਿਆਨ, ਕਾਵਿ—ਪ੍ਰਪੱਕਤਾ ਅਤੇ ਘਟਨਾਵਾਂ ਦੇ ਸਫਲ ਕਾਵਿ- ਰੂਪਾਂਤਰਨ ਦੁਆਰਾ ਇਹ ਕਿ ਅਦੁੱਤੀ ਤੇ ਬਹੁਮੁੱਲੀ ਕਾਵਿ-ਰਚਨਾ ਦ੍ਰਿਸ਼ਟੀਗੋਚਰ ਹੁੰਦੀ ਹੈ। ਡਾ. ਬਲਵਿੰਦਰ ਪਾਲ ਸਿੰਘ ਨੇ ਮਹਾਂ–ਕਾਵਿ ਪਰੰਪਰਾ ਦੇ ਸੰਦਰਭ ਵਿਚ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਹ ਮਹਾਂ ਕਾਵਿ ਇਕ ਉਤਕ੍ਰਿਸ਼ਟ ਰਚਨਾ ਹੈ ਜਿਸ ਨੂੰ ਹੋਰ ਭਾਸ਼ਾਵਾ ਵਿਚ ਵੀ ਅਨੁਵਾਦ ਕਰਨ ਦੀ ਲੋੜ ਹੈ। ਲੇਖਕ ਨੇ ਆਪਣੀ ਕਾਵਿ–ਪ੍ਰਤਿਭਾ ਦੁਆਰਾ ਪਾਠਕਾਂ ਨੂੰ ਗੁਰੂ ਜੀ ਦੀਆਂ ਚਾਰ ਉਦਾਸੀਆਂ ਦੀ ਸ਼ਬਦ ਕਾਵਿਕ ਯਾਤਰਾ ਕਰਵਾ ਦਿੱਤੀ ਹੈ। ਸੂਬਾ ਹਰਭਜਨ ਸਿੰਘ ਲੁਧਿਆਣਾ ਨੇ ਮਹਾਂ ਕਾਵਿ ਦੀ ਸੰਪੂਰਨਤਾ ਤੇ ਲੇਖਕ ਨੂੰ ਵਧਾਈ ਦਿੱਤੀ। ਮੁੱਖ ਮਹਿਮਾਨ ਸੂਬਾ ਬਲਵਿੰਦਰ ਸਿੰਘ ਝੱਲ ਨੇ ਇਸ ਸਫਲ ਵਿਮੋਚਨ ਸਮਾਰੋਹ ਦੀ ਲੇਖਕ ਤੇ ਸਮੁੱਚੀ ਵਿਸ਼ਵ ਪੰਜਾਬੀ ਕਵੀ ਸਭਾ ਨੂੰ ਮੁਬਾਰਕਬਾਦ ਦਿੱਤੀ ਤੇ 172 ਕਵਿਤਾਵਾਂ ਵਾਲੇ ਇਸ ਮਹਾਂ–ਕਾਵਿ ਨੂੰ ਮਹਾਂ ਕਾਵਿ ਪਰੰਪਰਾ ਵਿੱਚ ਇੱਕ ਵਿਲੱਖਣ ਤੇ ਲਾਸਾਨੀ ਕਾਵਿ-ਰਚਨਾ ਦਰਸਾਇਆ।

ਇਸ ਮੌਕੇ ਸ਼ਾਨਦਾਰ ਕਵੀ ਦਰਬਾਰ ਵੀ ਹੋਇਆ ਜਿਸ ਵਿੱਚ ਜੋਗਿੰਦਰ ਸਿੰਘ ਕੰਗ , ਕਿਰਪਾਲ ਸਿੰਘ ਕਾਲੜਾ , ਸੁਰਜੀਤ ਸਿੰਘ ਜੀਤ, ਅਮਰਜੀਤ ਸਿੰਘ ਸ਼ੇਰਪੁਰੀ , ਗੁਰਵਿੰਦਰ ਸਿੰਘ ਸ਼ੇਰਗਿੱਲ , ਹੀਰਾ ਸਿੰਘ ਕੋਮਲ , ਹਰਦੇਵ ਸਿੰਘ ਕਲਸੀ, ਗੁਰਸੇਵਕ ਸਿੰਘ ਢਿੱਲੋਂ, ਚਰਨਜੀਤ ਸਿੰਘ ਚੰਨ, ਭੁਪਿੰਦਰ ਸਿੰਘ ਸੈਣੀ, ਸੰਪੂਰਨ ਸਿੰਘ ਸਨਮ, ਪਰਮਜੀਤ ਕੇਰ ਮਹਿਕ,ਜਸਵਿੰਦਰ ਕੌਰ ਜੱਸੀ,ਮਨਪ੍ਰੀਤ ਕੌਰ ,ਨਵਨੀਤ ਕੌਰ ਅਤੇ ਅਮਨਦੀਪ ਕੌਰ ਨੇ ਆਪੋ ਆਪਣੀਆਂ ਕਵਿਤਾਵਾਂ ਤੇ ਗੀਤਾਂ ਦੁਆਰਾ ਖੂਬ ਰੰਗ ਬੰਨ੍ਹਿਆਂ। ਹਾਜ਼ਰ ਪਤੰਵਤੇ ਸੱਜਣਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਗੁਰਦੀਪ ਸਿੰਘ ਮੰਡਾਹਰ, ਰਣਜੀਤ ਸਿੰਘ ਰਾਣਾ, ਰਾਜ ਕੁਮਾਰ ਕੁੱਕੀ, ਗੁਰਦਿਆਲ ਸਿੰਘ ਬਾਜਵਾ (ਟੋਰਾਂਟੋ) ਅਤੇ ਜੋਬਨਪ੍ਰੀਤ ਸਿੰਘ ਕੰਗ ਸਮੇਤ ਅਨੇਕਾ ਕਾਵਿ ਰਸੀਏ ਹਾਜਰ ਸਨ। ਇਹ ਜਾਣਕਾਰੀ ਐਡਵੋਕੇਟ ਕਿਰਪਾਲ ਸਿੰਘ ਕਾਲੜਾ ਨੇ ਦਿਤੀ।

# ਪੰਜਾਬ ਨੂੰ ਤਬਾਹੀ ਦੇ ਕਗਾਰ ਤੇ ਖੜ੍ਹਾ ਕਰਨ ਲਈ ਹੁਣ ਤੱਕ ਬਣਨ ਵਾਲੀਆਂ ਸਾਰੀਆਂ ਸਰਕਾਰਾਂ ਜ਼ਿੰਮੇਵਾਰ -ਸੁਲਹਾਣੀ, ਸਰੋਏ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਫਿਰੋਜ਼ਪੁਰ 28 ਮਾਰਚ ( ) ਸਮਾਜਿਕ ਪਰਿਵਰਤਨ ਤੇ ਆਰਥਿਕ ਆਜ਼ਾਦੀ ਲਈ ਬਹੁਜਨ ਸਮਾਜ ਪਾਰਟੀ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਦੀ ਗਤੀਸ਼ੀਲ ਅਗਵਾਈ ਵਿੱਚ ਵਿੱਢੇ ਗਏ “ਪੰਜਾਬ ਸੰਭਾਲੋ ਅੰਦੋਲਨ ਮਿਸ਼ਨ 2027” ਨੂੰ ਘਰ ਘਰ ਪਹੁੰਚਾਉਣ ਲਈ ਜ਼ਿਲ੍ਹਾ ਫਿਰੋਜਪੁਰ ਦੇ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਪਿੰਡ ਸਾਂਦੇ ਹਾਸ਼ਮ ਵਿਖੇ ਸਰਦਾਰ ਹਰਬੰਸ ਸਿੰਘ ਦੇ ਉਪਰਾਲੇ ਸਦਕਾ ਭਰਵੀਂ ਮੀਟਿੰਗ ਕੀਤੀ ਗਈ| ਜਿਸ ਵਿੱਚ ਸਟੇਟ ਬਸਪਾ ਆਗੂ ਸਰਦਾਰ ਲਾਲ ਸਿੰਘ ਸੁਲਹਾਣੀ ਅਤੇ ਸ੍ਰੀ ਓਮ ਪ੍ਰਕਾਸ਼ ਸਰੋਏ ਇੰਚਾਰਜ ਫਿਰੋਜਪੁਰ ਜੋਨ ਬਹੁਜਨ ਸਮਾਜ ਪਾਰਟੀ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ| ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਬਸਪਾ ਆਗੂ ਸਰਦਾਰ ਲਾਲ ਸਿੰਘ ਸੁਲਹਾਣੀ ਨੇ ਆਜ਼ਾਦੀ ਤੋਂ ਬਾਅਦ ਵੱਖ ਵੱਖ ਪਾਰਟੀਆਂ



ਦੀਆਂ ਸਰਕਾਰਾਂ ਵੱਲੋਂ ਪੰਜਾਬ ਦੇ ਲੁੱਟੇ ਜਾਣ, ਬਰਬਾਦ ਕੀਤੇ ਜਾਣ, ਪੰਜਾਬ ਦੇ ਉਜਾੜੇ, ਜਵਾਨੀ ਦੇ ਜਵਾਨੀ ਅਤੇ ਕਿਸਾਨੀ ਦੀ ਕੀਤੀ ਜਾ ਰਹੀ ਗਿੱਦੜ ਕੁੱਟ, ਚਿੱਟੇ ਦੇ ਵਧ ਰਹੇ ਪ੍ਰਕੋਪ ਕਾਰਨ ਪਿੰਡਾਂ ਸ਼ਹਿਰਾਂ ਵਿਚ ਵਿਛ ਰਹੇ ਲਾਸ਼ਾਂ ਦੇ ਢੇਰਾਂ ਦਾ ਦਰਦਨਾਕ ਮੰਜ਼ਰ ਪੇਸ਼ ਕੀਤਾ| ਸਰਦਾਰ ਸੁਲਹਾਣੀ ਨੇ ਪੰਜਾਬ ਦੀ ਇਸ ਮੰਦੀ ਹਾਲਤ ਲਈ ਹੁਣ ਤੱਕ ਬਣਨ ਵਾਲੀਆਂ ਸਰਕਾਰਾਂ ਦੀ ਕਾਰਜ ਜਾਰੀ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ| ਸਰਦਾਰ ਸੁਲਹਾਣੀ ਨੇ ਦੱਸਿਆ ਕਿ ਪੰਜਾਬ ਲੰਬਾ ਸਮਾਂ ਕਾਂਗਰਸ ਪਾਰਟੀ ਦੇ ਰਾਜ ਦੌਰਾਨ ਲੁੱਟਿਆ ਗਿਆ, ਅਕਾਲੀ ਭਾਜਪਾ ਗੱਠਜੋੜ ਦੀਆਂ ਸਰਕਾਰਾਂ ਨੇ ਇਸ ਨੂੰ ਤਬਾਹੀ ਦੇ ਇੱਕ ਕਗਾਰ ਤੇ ਲਿਆ ਖੜਾ ਕੀਤਾ| ਬਦਲਾਓ ਦੇ ਨਾਂ ਤੇ ਬਣੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਨੇ ਪੰਜਾਬੀਆਂ ਨਾਲ ਧੋਖਾ ਕੀਤਾ ਅਤੇ ਪਹਿਲੀਆਂ ਸਰਕਾਰਾਂ ਨਾਲੋਂ ਵੀ ਇਹ ਸਰਕਾਰ ਮਾੜੀ ਸਾਬਤ ਹੋਈ| ਪੰਜਾਬੀ ਅੱਜ ਠੱਗੇ ਠੱਗੇ ਮਹਿਸੂਸ ਕਰਦੇ ਹਨ| ਇਨ੍ਹਾਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਪੰਜਾਬ ਸਿਰ ਤਿੰਨ ਲੱਖ ਚੁਹੱਤਰ ਹਜਾਰ ਕਰੋੜ ਦਾ ਕਰਜਾ ਚੜ੍ਹ ਚੁਕਾ ਹੈ | ਪੰਜਾਬ ਸਰਕਾਰ 42000 ਕਰੋੜ ਵਿਆਜ ਭਰਦੀ ਹੈ| ਹਰ ਪੰਜਾਬ ਦੇ ਸਿਰ ਤੇ ਇਕ ਲੱਖ ਚੌਵੀ ਹਜਾਰ ਦਾ ਕਰਜਾ ਹੈ|

ਪੰਜਾਬ ਦੇ ਉਜਾੜੇ ਨੂੰ ਰੋਕਣ ਲਈ, ਪੰਜਾਬ ਦੇ ਨੌਜਵਾਨਾਂ ਵਾਸਤੇ ਪੰਜਾਬ ਅੰਦਰ ਢੁਕਵੇਂ ਰੁਜ਼ਗਾਰ ਦਾ ਪ੍ਰਬੰਧ ਕਰਨ ਲਈ, ਪੰਜਾਬ ਨੂੰ ਨਸ਼ਾ ਮੁਕਤ, ਅਨਿਆ ਮੁਕਤ, ਕਰਜਾ ਮੁਕਤ, ਭੈਅ ਮੁਕਤ ਕਰਨ ਹਿੱਤ ਬਹੁਜਨ ਸਮਾਜ ਪਾਰਟੀ ਵੱਲੋਂ “ਪੰਜਾਬ ਸੰਭਾਲੋ ਮੁਹਿੰਮ” ਦਾ ਆਗਾਜ਼ ਕੀਤਾ ਗਿਆ ਹੈ| ਸੁਹਿਰਦ ਪੰਜਾਬੀਆਂ ਵਲੋਂ ਇਸ ਦਾ ਸੁਆਗਤ ਕੀਤਾ ਜਾ ਰਿਹਾ ਹੈ ਅਤੇ ਪੰਜਾਬੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ| ਹਾਜ਼ਰ ਵਿਅਕਤੀਆਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਨ ਲਈ ਅਪੀਲ ਕੀਤੀ|

ਇਸ ਮੌਕੇ ਸ੍ਰੀ ਓਮ ਪ੍ਰਕਾਸ਼ ਸਰੋਏ ਬਸਪਾ ਆਗੂ ਪੰਜਾਬ ਵੱਲੋਂ ਆਪਣੇ ਵਿਚਾਰ ਸਾਂਝੇ ਕੀਤੇ ਗਏ ਉਹਨਾਂ ਨੇ ਬਸਪਾ ਨੂੰ ਇਕ ਮੌਕਾ ਦੇਣ ਦੀ ਅਪੀਲ ਕਰਦਿਆਂ ਆਖਿਆ ਕਿ ਭੈਣ ਕੁਮਾਰੀ ਮਾਇਆਵਤੀ ਨੇ ਉਤਰ ਪ੍ਰਦੇਸ਼ ਵਿਚ ਚਾਰ ਵਾਰ ਹਰ ਵਰਗ ਦੇ ਭਲੇ ਵਾਲੀ ਸਰਕਾਰ ਚਲਾ ਕੇ ਗੁੰਡਾ ਗਰਦੀ ਨੂੰ ਨਕੇਲ ਪਾ ਕੇ ਇਸ ਦੀ ਮਿਸਾਲ ਕਾਇਮ ਕੀਤੀ ਹੈ| ਮੰਚ ਸੰਚਾਲਨ ਸ੍ਰੀ ਹਦਾਇਤ ਵਾਲਮੀਕਿ ਮੀਤ ਪ੍ਰਧਾਨ ਬਸਪਾ ਜਿਲ੍ਹਾ ਫਿਰੋਜ਼ਪੁਰ ਵੱਲੋਂ ਕੀਤਾ ਗਿਆ| ਸ੍ਰੀ ਤਾਰਾ ਸਿੰਘ ਮਾਰਸ਼ਲ ਇੰਚਾਰਜ ਬਸਪਾ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਆਗੂਆਂ ਅਤੇ ਹਾਜ਼ਰੀਨਾਂ ਦਾ ਧੰਨਵਾਦ ਕੀਤਾ ਗਿਆ|

# ਸਕੂਲ ਮੈਗਜ਼ੀਨ ਵਿਦਿਆਰਥੀ ਦੇ ਵਿਕਾਸ ਵਿੱਚ ਸਹਾਇਕ: ਪ੍ਰਿੰਸੀਪਲ ਨਿਦਾ ਅਲਤਾਫ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਲੌਂਗੋਵਾਲ,28 ਮਾਰਚ (ਜਗਸੀਰ ਸਿੰਘ)-

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਦਾ ਚੌਥਾ ਸਕੂਲ ਮੈਗਜ਼ੀਨ ‘ਬਾਲ ਪਰਵਾਜ ‘ ਜ਼ਿਲ੍ਹਾ ਸਿੱਖਿਆ ਅਫਸਰ ਅਫਸਰ ਸ੍ਰੀਮਤੀ ਮਲਕਾ ਰਾਣੀ ਅਤੇ ਉੱਪ- ਜ਼ਿਲ੍ਹਾ ਸਿੱਖਿਆ ਅਫਸਰ ਡਾ. ਬਰਜਿੰਦਰਪਾਲ ਸਿੰਘ ਦੀ ਯੋਗ ਅਗਵਾਈ ਹੇਠ ਅਤੇ ਪ੍ਰਿੰਸੀਪਲ ਨਿਦਾ ਅਲਤਾਫ ,ਸਕੂਲ ਮੁਖੀ ਜਸਵੀਰ ਕੌਰ ਸੀਨੀਅਰ ਮੈਡਮ ਰੁਪਿੰਦਰਜੀਤ ਕੌਰ ਦੀ ਰਹਿਨੁਮਾਈ ਹੇਠ ਸਕੂਲ ਮੈਗਜ਼ੀਨ ਸੰਪਾਦਕ’ ਬਾਲ ਪਰਵਾਜ’ ਮਾਸਟਰ ਅਵਨੀਸ਼ ਕੁਮਾਰ ,ਸਹਿ ਸੰਪਾਦਕ ਰਿਸ਼ੀ ਸ਼ਰਮਾ, ਮੈਡਮ ਗੁਰਬੀਰ ਕੌਰ ਸੇਖੋ ਅਤੇ ਸਕੂਲ ਸਟਾਫ ਦੀ ਮੌਜੂਦਗੀ ਵਿੱਚ ਜਾਰੀ ਕੀਤਾ ਗਿਆ, ਸਕੂਲ ਮੈਗਜ਼ੀਨ ਜਾਰੀ ਕਰਦਿਆਂ ਹੋਇਆਂ ਪ੍ਰਿੰਸੀਪਲ ਨਿਦਾ ਅਲਤਾਫ ਨੇ ਕਿਹਾ ਕਿ ਸਕੂਲ ਮੈਗਜ਼ੀਨ ਵਿਦਿਆਰਥੀ ਗਤੀਵਿਧੀਆਂ ਦਾ ਦਰਪਣ ਹੁੰਦਾ ਹੈ ,ਜਿਸ ਵਿੱਚ ਵਿਦਿਆਰਥੀਆਂ ਦੀ ਕਲਾ ਦਾ ਨਿਖਾਰ ਹੁੰਦਾ ਹੈ , ਸਕੂਲ ਇੰਚਾਰਜ ਜਸਬੀਰ ਕੌਰ ਅਤੇ ਸੀਨੀਅਰ ਮੈਡਮ ਰੁਪਿੰਦਰਜੀਤ ਕੌਰ ਨੇ ਕਿਹਾ ਕਿ ਸਕੂਲ ਮੈਗਜ਼ੀਨ ਰਾਹੀਂ ਵਿਦਿਆਰਥੀ ਆਪਣੇ ਮਨੋਭਾਵਾਂ ਨੂੰ ਲੇਖਨ ਰਾਹੀਂ ਪ੍ਰਗਟ ਕਰਦੇ ਹਨ। ਸੰਪਾਦਕ ‘ਬਾਲ ਪਰਵਾਜ’ ਮਾਸਟਰ ਅਵਨੀਸ਼ ਕੁਮਾਰ ਨੇ ਦੱਸਿਆ ਕਿ ਸਕੂਲ ਮੈਗਜ਼ੀਨ ਹਰ ਸਾਲ ਕੱਢਿਆ ਜਾਂਦਾ ਹੈ ,ਜੋ ਵਿਦਿਆਰਥੀਆਂ ਦੀਆਂ ਸੈਸ਼ਨ ਮੁਤਾਬਕ ਗਤੀਵਿਧੀਆਂ ਦਾ ਕੇਂਦਰ ਹੁੰਦਾ ਹੈ ਜਿਸ ਵਿੱਚ ਵਿਦਿਆਰਥੀ ਸਮਾਜਿਕ, ਰਾਜਨੀਤਿਕ, ਆਰਥਿਕ ,ਧਾਰਮਿਕ ਅਤੇ ਸਾਲ ਦੀਆਂ ਵਿਦਿਅਕ ਅਤੇ ਸਹਿ- ਵਿਦਿਅਕ ਗਤੀਵਿਧੀਆਂ ਨੂੰ ਪ੍ਰਗਟ ਕਰਦੇ ਹਨ, ਜਿਨਾਂ ਨੂੰ ਮੈਗਜ਼ੀਨ ਰਾਹੀਂ ਛਾਪਿਆ ਜਾਂਦਾ ਹੈ। ਸਹਿ -ਸੰਪਾਦਕ ਰਿਸ਼ੀ ਸ਼ਰਮਾ ਨੇ ਦੱਸਿਆ ਕਿ ਸਾਹਿਤ ਨਾਲ ਜੋੜਨ ਦੇ ਮਕਸਦ ਨਾਲ ਮੈਗਜ਼ੀਨ ਦਾ ਉਪਰਾਲਾ ਕਰਨਾ ਬਹੁਤ ਜਰੂਰੀ ਹੈ। ਸਾਹਿਤ ਦੇ ਮਾਧਿਅਮ ਰਾਹੀਂ ਵਿਦਿਆਰਥੀ ਆਪਣੇ ਮਨ ਦੀਆਂ ਭਾਵਨਾਵਾਂ ਪ੍ਰਗਟ ਕਰਦੇ ਹਨ। ਇਸ ਮੌਕੇ ਸਮੂਹ ਸਟਾਫ ਤੇ ਵਿਦਿਆਰਥੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ।

# ਪੰਜਾਬ ਦੀਆਂ ਜੇਲ੍ਹਾਂ ਵਿੱਚ ਬੰਦ ਕੈਦੀਆਂ ਨੂੰ ਹੁਣ ਦੂਜੇ ਰਾਜਾਂ ਵਿੱਚ ਭੇਜਿਆ ਜਾ ਸਕੇਗਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਇੱਕ ਸਰਹੱਦੀ ਰਾਜ ਹੈ, ਜੋ ਕਈ ਪੱਖੋਂ ਗੰਭੀਰ ਅੰਦਰੂਨੀ ਸੁਰੱਖਿਆ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਰਾਸ਼ਟਰੀ ਵਿਰੋਧੀ ਗਤੀਵਿਧੀਆਂ ਵਾਲੇ, ਅੰਤਰਰਾਸ਼ਟਰੀ ਏਜੰਸੀਆਂ, ਆਤੰਕਵਾਦੀ, ‘ਏ’ ਸ਼੍ਰੇਣੀ ਦੇ ਗੈਂਗਸਟਰ, ਸਮੱਗਲਰ ਅਤੇ ਖਤਰਨਾਕ ਅਪਰਾਧੀ ਆਦਿ ਉੱਚ ਜੋਖਮ ਵਾਲੇ ਕੈਦੀ ਬੰਦ ਹਨ, ਜੋ ਅੰਦਰੋਂ ਹੀ ਆਪਣੇ ਅਪਰਾਧਕ ਨੈੱਟਵਰਕ ਚਲਾਉਣ ਦੀ ਕੋਸ਼ਿਸ਼ ਕਰਦੇ ਹਨ।ਉਨ੍ਹਾਂ ਕਿਹਾ ਕੈਦੀਆਂ ਦੇ ਟਰਾਂਸਫਰ ਐਕਟ, 1950 ਵਿੱਚ ਇਹ ਸੋਧ ਕੀਤੀ ਜਾਣੀ ਜ਼ਰੂਰੀ ਬਣ ਗਈ ਸੀ, ਤਾਂ ਜੋ ਅਧੀਨ ਮੁਕੱਦਮੇ ਵਾਲੇ ਕੈਦੀਆਂ ਨੂੰ ਇੱਕ ਰਾਜ ਤੋਂ ਦੂਜੇ ਰਾਜ ਵਿੱਚ ਭੇਜਣ ਦੀ ਵਿਵਸਥਾ ਕੀਤੀ ਜਾ ਸਕੇਗਾ

# ਪੋਸਟਰ ਮੇਕਿੰਗ ,ਪੇਂਟਿੰਗ ਮੁਕਾਬਲੇ ਅਤੇ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਲੁਧਿਆਣਾ (ਗੁਰਦੀਪ ਸਿੰਘ) ਫਾਈਨ ਆਰਟਸ ਵਿਭਾਗ, ਦੇਵਕੀ ਦੇਵੀ ਜੈਨ ਮੈਮੋਰੀਅਲ ਕਾਲਜ ਫ਼ਾਰ ਵੂਮੈਨ, ਲੁਧਿਆਣਾ ਵੱਲੋਂ ਪੋਸਟਰ ਮੇਕਿੰਗ, ਪੋਟ ਪੇਂਟਿੰਗ ਅਤੇ ਫੈਬਰਿਕ ਪੇਂਟਿੰਗ ਮੁਕਾਬਲੇ ਅਤੇ ਇੱਕ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਅਤੇ ਪ੍ਰਦਰਸ਼ਨੀ ਵਿੱਚ ਕੁੱਲ 50 ਵਿਦਿਆਰਥਣਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਵੱਲੋਂ ਨਾਰੀ ਸਸ਼ਕਤੀਕਰਨ ਅਤੇ ਨਸ਼ਿਆਂ ਪ੍ਰਤੀ ਜਾਗਰੂਕਤਾ ਦੇ ਵਿਸ਼ੇ ‘ਤੇ ਬਹੁਤ ਹੀ ਵਿਚਾਰਵਾਨ ਅਤੇ ਆਕਰਸ਼ਕ ਪੋਸਟਰ ਬਣਾਏ ਗਏ। ਵਿਦਿਆਰਥੀਆਂ ਨੇ ਕੱਪੜਿਆਂ ‘ਤੇ



ਸ਼ਾਨਦਾਰ ਡਿਜ਼ਾਈਨ ਪੇਂਟ ਕੀਤੇ। ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਸਾਧਾਰਨ ਅਤੇ ਸਾਦੇ ਭਾਂਡਿਆਂ ਨੂੰ ਕਲਾ ਦੇ ਸ਼ਾਨਦਾਰ ਰੰਗ-ਬਿਰੰਗੇ ਨਮੂਨਿਆ ਵਿੱਚ ਬਦਲ ਦਿੱਤਾ। ਬਾਅਦ ਵਿੱਚ ਸਟਾਫ ਅਤੇ ਵਿਦਿਆਰਥੀਆਂ ਲਈ ਇਨ੍ਹਾਂ ਤਿਆਰ ਕੀਤੇ ਪੋਸਟਰ, ਬਰਤਨ ਅਤੇ ਪੇਂਟ ਕੀਤੇ ਕੱਪੜਿਆਂ ਦੀ ਪ੍ਰਦਰਸ਼ਨੀ ਲਗਾਈ ਗਈ। ਇਸ ਮੌਕੇ ਤੇ ਪ੍ਰਸਿੱਧ ਕਲਾਕਾਰ ਡਾ: ਪਰਮੀਤ ਕੌਰ ਅਰੋੜਾ ਨੇ ਬਤੌਰ ਜੱਜ ਸ਼ਿਰਕਤ ਕੀਤੀ।

ਮੈਨੇਜਿੰਗ ਕਮੇਟੀ ਦੇ ਚੇਅਰਮੈਨ ਸ਼੍ਰੀ ਨੰਦ ਕੁਮਾਰ ਜੈਨ ਜੀ ਨੇ ਵਿਦਿਆਰਥਣਾਂ ਦੀ ਸੁੰਦਰ ਚੀਜ਼ਾਂ ਬਣਾਉਣ ਅਤੇ ਉਨ੍ਹਾਂ ਦੇ ਦਿਮਾਗ ਨੂੰ ਰਚਨਾਤਮਕ ਚੀਜ਼ਾਂ ਵੱਲ ਕੇਂਦਰਿਤ ਕਰਨ ਦੀ ਪ੍ਰਤਿਭਾ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਡਾ.(ਸ਼੍ਰੀਮਤੀ) ਸਰਿਤਾ ਬਹਿਲ ਨੇ ਸ਼੍ਰੀਮਤੀ ਸੋਨੀਆ ਧਵਨ, ਮੁਖੀ, ਫਾਈਨ ਆਰਟਸ ਵਿਭਾਗ ਅਤੇ ਸ਼੍ਰੀਮਤੀ ਕੁਨਿਕਾ, ਸਹਾਇਕ ਪ੍ਰੋਫੈਸਰ, ਸਾਰੇ ਵਿਦਿਆਰਥੀਆਂ ਨੂੰ ਪੜ੍ਹਾਉਣ ਅਤੇ ਉਨ੍ਹਾਂ ਵਿੱਚ ਛੁਪੀ ਹੋਈ ਪ੍ਰਤਿਭਾ ਨੂੰ ਸਾਹਮਣੇ ਲਿਆਉਣ ਲਈ ਪ੍ਰਸ਼ੰਸਾ ਕੀਤੀ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਕਸ਼ਿਸ਼ (ਬੀ.ਏ.) ਨੇ ਪਹਿਲਾ, ਨੈਨਸੀ (ਬੀ.ਏ. II) ਨੇ ਦੂਜਾ ਅਤੇ ਕੰਚਨ (ਬੀ.ਏ. II) ਨੇ ਤੀਜਾ ਸਥਾਨ ਪ੍ਰਾਪਤ ਕੀਤਾ।। ਕੌਨਸੋਲੇਸ਼ਨ ਇਨਾਮ ਮੁਸਕਾਨ ਸੈਫੀ (ਬੀ.ਏ. II) ਨੇ ਜਿੱਤਿਆ। ਪੋਟ ਮੇਕਿੰਗ ਮੁਕਾਬਲੇ ਵਿੱਚ ਕਸ਼ਿਸ਼ (ਬੀ.ਏ.1) ਨੇ ਪਹਿਲਾ, ਹਰਸ਼ਿਤਾ (ਬੀ.ਏ. II) ਨੇ ਦੂਜਾ ਅਤੇ ਪ੍ਰਤਿਸ਼ਠਾ (ਬੀ.ਏ.1) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕੌਨਸੋਲੇਸ਼ਨ ਇਨਾਮ ਖੁਸ਼ਬੂ (ਬੀ. ਏ. ਆਈ.) ਨੇ ਜਿੱਤਿਆ।

ਫੈਬਰਿਕ ਪੇਂਟਿੰਗ ਵਿੱਚ ਪਹਿਲਾ ਇਨਾਮ ਹਰਸ਼ਿਤਾ (ਬੀ ਏ II) ਨੇ ਜਿੱਤਿਆ, ਦੂਜਾ ਇਨਾਮ ਮਹਿਕ ਵਰਮਾ (ਬੀ ਏ.I) ਅਤੇ ਤੀਜਾ ਇਨਾਮ ਨੈਨਸੀ (ਬੀ ਏ II) ਨੇ ਜਿੱਤਿਆ। ਕੰਚਨ (ਬੀ.ਏ. II) ਨੇ ਕੌਂਸਲੇਸ਼ਨ ਇਨਾਮ ਜਿੱਤਿਆ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਸੁਖਦੇਵ ਰਾਜ ਜੈਨ, ਸੀਨੀਅਰ ਮੀਤ ਪ੍ਰਧਾਨ ਸ਼੍ਰੀ ਵਿਪਨ ਕੁਮਾਰ ਜੈਨ, ਮੀਤ ਪ੍ਰਧਾਨ ਸ੍ਰੀ ਬਾਂਕਾ ਬਿਹਾਰੀ ਲਾਲ ਜੈਨ, ਜਨਰਲ ਸੈਕਟਰੀ ਸ੍ਰੀ ਰਾਜੀਵ ਕੁਮਾਰ ਜੈਨ, ਸੈਕਟਰੀ ਸ੍ਰੀ ਰਾਕੇਸ਼ ਕੁਮਾਰ ਜੈਨ,ਮੈਨੇਜਰ ਸ੍ਰੀ ਰਾਜ ਕੁਮਾਰ ਗੁਪਤਾ, ਕੈਸ਼ੀਅਰ ਸ਼੍ਰੀ ਅਸ਼ੋਕ ਕੁਮਾਰ ਜੈਨ ਨੇ ਜੇਤੂਆਂ ਨੂੰ ਵਧਾਈ ਦਿੱਤੀ।

# ਵਿਧਾਨਸਭਾ 'ਚ ਵਿਧਾਇਕ ਧਾਲੀਵਾਲ ਨੇ ਬੁਲੰਦ ਕੀਤੀ ਜੇਸੀਟੀ ਮਿਲ ਦੇ ਸੰਘਰਸ਼ ਕਰ ਰਹੇ ਮਜਦੂਰਾਂ ਦੀ ਆਵਾਜ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਫਗਵਾੜਾ 28 ਮਾਰਚ (ਸ਼ਿਵ ਕੌੜਾ) ਫਗਵਾੜਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਅੱਜ ਪੰਜਾਬ ਵਿਧਾਨਸਭਾ ਦੀ ਕਾਰਵਾਈ 'ਚ ਭਾਗ ਲੈਂਦਿਆਂ ਜੇਸੀਟੀ ਮਿਲ ਫਗਵਾੜਾ ਦੇ ਸੰਘਰਸ਼ ਕਰ ਰਹੇ ਮਜਦੂਰਾਂ ਦੀ ਆਵਾਜ ਨੂੰ ਪੰਜਾਬ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਂਦੇ ਹੋਏ ਲੋੜੀਂਦੀ ਕਾਰਵਾਈ ਦੀ ਮੰਗ ਕੀਤੀ। ਵਿਧਾਇਕ ਧਾਲੀਵਾਲ ਨੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਮਾਰਫਤ ਸਰਕਾਰ ਨੂੰ ਦੱਸਿਆ ਕਿ ਮਿਲ ਮਾਲਕਾਂ ਵਲੋਂ ਪਿਛਲੇ ਦੋ ਸਾਲਾਂ ਤੋਂ ਬਿਨਾਂ ਨੋਟਿਸ ਦਿੱਤਿਆਂ ਗੈਰ ਕਾਨੂੰਨੀ ਢੰਗ ਨਾਲ ਮਿਲ ਨੂੰ ਬੰਦ ਕਰ ਦਿੱਤਾ ਹੈ। ਜਿਸ ਕਰਕੇ ਕਰੀਬ ਪੰਜ ਹਾਜਰ ਸਟਾਫ ਵਰਕਰ ਅਤੇ ਲੇਬਰ ਸੜਕਾਂ ਉੱਪਰ ਸੰਘਰਸ਼ ਕਰਨ ਲਈ ਮਜਬੂਰ ਹੈ। ਮਿਲ ਮਾਲਕਾਂ ਵਲੋਂ ਸਟਾਫ ਅਤੇ ਲੇਬਰ ਦਾ ਕੋਈ ਬਕਾਇਆ ਅਦਾ ਨਹੀਂ ਕੀਤਾ ਗਿਆ। ਕਰਮਚਾਰੀਆਂ ਦਾ ਈ.ਪੀ.ਐਫ. ਕੱਟੇ ਜਾਣ ਦੇ ਬਾਵਜੂਦ ਮਾਲਕਾਂ ਨੇ ਜਮਾ ਨਹੀਂ ਕਰਵਾਇਆ। ਇੱਥੋਂ ਤੱਕ ਕਿ ਮਜਦੂਰਾਂ ਨੂੰ ਮਿਲਣ ਵਾਲੀ ਈ.ਐਸ.ਆਈ. ਸੁਵਿਧਾ ਬੰਦ ਹੈ। ਇਲਾਜ ਨਾ ਹੋਣ ਕਰਕੇ 8 ਮਿਲ ਮਜਦੂਰਾਂ ਦੀ ਮੌਤ ਹੋ ਚੁੱਕੀ ਹੈ। ਧਾਲੀਵਾਲ ਨੇ ਕਿਹਾ ਕਿ ਇਸ ਤਰ੍ਹਾਂ ਮਿਲ ਮਾਲਕ ਸਮੀਰ ਥਾਪਰ ਅਤੇ ਮੁਕੁਲਕਾ ਸਿਨਹਾ ਵਲੋਂ ਕਰੀਬ 100 ਕਰੋੜ ਰੁਪਏ ਦਾ ਘਪਲਾ ਕੀਤਾ ਗਿਆ ਹੈ। ਹੈਰਾਨੀ ਦੀ ਗੱਲ ਹੈ ਕਿ ਮਿਲ ਮਾਲਕਾਂ ਖਿਲਾਫ ਪੰਜ ਐਫ.ਆਈ.ਆਰ. ਦਰਜ ਹੋਈਆਂ। ਹੁਣ ਤੱਕ ਕੋਈ ਗਿਰਫਤਾਰੀ ਨਹੀਂ ਹੋਈ। ਇੱਕ ਵਾਰ ਪੁਲਿਸ ਨੇ ਹਿਰਾਸਤ ਵਿਚ ਲੈਣ ਦੇ ਬਾਵਜੂਦ ਥਾਣੇ ਤੋਂ ਬਾਇੱਜਤ ਵਾਪਸ ਭੇਜ ਦਿੱਤਾ। ਉਹਨਾਂ ਚੇਅਰ ਰਾਹੀਂ ਸਰਕਾਰ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਦਖਲ ਦੇ ਕੇ ਮਿਲ ਦੇ ਸਟਾਫ ਅਤੇ ਮਜਦੂਰਾਂ ਦਾ ਬਣਦਾ ਬਕਾਇਆ ਦੁਆਇਆ ਜਾਵੇ।

# ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਕੀਤੀ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਲੌਂਗੋਵਾਲ, 28 ਮਾਰਚ (ਜਗਸੀਰ ਸਿੰਘ) - ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਮੰਚ ਲੌਂਗੋਵਾਲ ਵੱਲੋਂ ਸਥਾਨਕ ਸ੍ਰੀ ਗੁਰੂ ਰਵਿਦਾਸ ਮੰਦਰ ਪੱਤੀ ਸੁਨਾਮੀ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਹਾੜੇ ਨੂੰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 14 ਅਪ੍ਰੈਲ ਨੂੰ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਣ ਲਈ ਮੀਟਿੰਗ ਆਯੋਜਿਤ ਕੀਤੀ ਗਈ, ਇਸ ਸਮੇਂ ਪ੍ਰੋਗਰਾਮ ਉਲੀਕਿਆ ਗਿਆ ਕਿ 14 ਅਪ੍ਰੈਲ ਨੂੰ ਬਾਬਾ ਸਾਹਿਬ ਜੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਵਿਸ਼ਾਲ ਸਮਾਗਮ ਡਾ. ਭੀਮ ਰਾਓ ਅੰਬੇਡਕਰ ਭਵਨ ਲੌਂਗੋਵਾਲ ਵਿਖੇ ਆਯੋਜਿਤ ਕੀਤਾ ਜਾਵੇਗਾ, ਇਸ ਸਮਾਗਮ ਵਿੱਚ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਦੇ ਅਧਾਰਤ ਨਾਟਕ, ਕੋਰੀਓਗ੍ਰਾਫੀਆਂ ਅਤੇ ਗੀਤ ਪੇਸ਼ ਕੀਤੇ ਜਾਣਗੇ। ਇਸ ਮੌਕੇ ਮੰਚ ਦੇ ਅਗਲੇ ਪ੍ਰਧਾਨ ਅਤੇ ਆਹੁਦੇਦਾਰਾਂ ਦੀ ਚੋਣ ਵੀ ਕੀਤੀ ਗਈ,ਜਿਸ ਵਿਚ ਸ.ਨਛੱਤਰ ਸਿੰਘ ਨਾਟੀ ਨੂੰ ਮੰਚ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ,ਮਜ਼ਦੂਰ ਆਗੂ ਪ੍ਰਿਥੀ ਸਿੰਘ ਲੌਂਗੋਵਾਲ ਨੂੰ ਸੈਕਟਰੀ, ਯਸ਼ਪਾਲ ਸਿੰਘ ਖਜਾਨਚੀ, ਜੀਵਨ ਸਿੰਘ ਸਹਾਇਕ ਖਜਾਨਚੀ, ਹਰਪ੍ਰੀਤ ਸਿੰਘ ਅਮਨਾ ਮੈਂਬਰ, ਸੁਖਵਿੰਦਰ ਸਿੰਘ ਭਦੌੜੀਆ, ਸੁਖਮਿੰਦਰ ਸਿੰਘ ਪੰਮੀ ਮੁੱਖ ਸਲਾਹਕਾਰ, ਭੋਲਾ ਸਿੰਘ, ਗੁਰਪ੍ਰੀਤ ਸਿੰਘ ਗੁਰੀ, ਸੁਖਪਾਲ ਸਿੰਘ, ਸੁਖਵਿੰਦਰ ਸਿੰਘ ਮੱਲੀ, ਬੂਟਾ ਸਿੰਘ ਮੈਬਰ ਚੁਣੇ ਗਏ। ਇਸ



ਸਮੇਂ ਪੱਤਰਕਾਰ ਜਗਸੀਰ ਸਿੰਘ, ਪੱਤਰਕਾਰ ਜੰਮਾ ਸਿੰਘ, ਸੁਨਾਮੀ ਪੱਤੀ ਦੇ ਬੂਟਾ ਸਿੰਘ ਤੇ ਦੁੱਲਟ ਪੱਤੀ ਦੇ ਪਤਵੰਤੇ ਸੱਜਣ ਵੀ ਹਾਜ਼ਰ ਸਨ।

# ਸੰਗਰੂਰ,ਬਰਨਾਲਾ ਤੇ ਲੌਂਗੋਵਾਲ ਵਿਖੇ ਲਗਾਏ ਜਾਣਗੇ ਅੱਖਾਂ ਦੇ ਚੈੱਕਅਪ ਤੇ ਆਪਰੇਸ਼ਨ ਕੈਂਪ : ਸੂਬਾ ਪ੍ਰਧਾਨ ਕੁਲਦੀਪ ਸ਼ਰਮਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਸੰਗਰੂਰ,28 ਮਾਰਚ ( ਜਗਸੀਰ ਲੌਂਗੋਵਾਲ )-

ਪੰਜਾਬ ਦੀ ਨਾਮਵਰ ਸੰਸਥਾ ਡੈਮੋਕਰੇਟਿਕ ਹਿਊਮਨ ਪਾਵਰ ਆਰਗਨਾਈਜੇਸ਼ਨ ਪੰਜਾਬ ਵੱਲੋਂ ਜਿੱਥੇ ਲਗਾਤਾਰ ਅਨੇਕਾਂ ਹੀ ਸਮਾਜ ਸੇਵਾ ਦੇ ਕਾਰਜ ਦੇ ਨਾਲ ਨਾਲ ਮਨੁੱਖੀ ਅਧਿਕਾਰਾਂ ਅਤੇ ਭਰਿਸ਼ਟਾਚਾਰ ਦੇ ਖਿਲਾਫ ਕੰਮ ਕੀਤੇ ਜਾਂਦੇ ਹਨ ਜਿਵੇਂ ਕਿ ਪੰਜਾਬ ਪੱਧਰ ਤੇ ਪਿੰਡਾਂ ਸ਼ਹਿਰਾਂ ਵਿੱਚ ਵੱਖ ਵੱਖ ਬਿਮਾਰੀਆਂ ਦੇ ਉੱਚ ਕੋਟੀ ਦੇ ਮਾਹਿਰ ਡਾਕਟਰਾਂ ਨੂੰ ਨਾਲ ਲੈਕੇ ਮੈਡੀਕਲ ਕੈਂਪ ਲਗਾਉਣੇ ਖੂਨ ਦਾਨ ਕੈਂਪ ਲਗਾਉਣੇ ਵਾਤਾਵਰਨ ਦੀ ਸਾਂਭ ਸੰਭਾਲ ਲਈ ਪੂਰੇ ਪੰਜਾਬ ਦੇ ਜਿਲਿਆਂ ਦੇ ਪਿੰਡਾਂ ਸ਼ਹਿਰਾਂ ਵਿੱਚੋਂ ਵਰਕਰਾਂ ਨੂੰ ਨਾਲ ਲੈ ਕੇ ਵੱਡੀ ਗਿਣਤੀ ਵਿੱਚ ਰੁੱਖ ਲਗਾਉਣੇ ਜਾਂ ਫਿਰ ਸਰਦੀ ਦੇ ਦਿਨਾਂ ਵਿੱਚ ਗਰੀਬ ਬੇਸਹਾਰਾ ਲੋਕਾਂ ਨੂੰ ਗਰਮ ਕੰਬਲ ਬੂਟ ਜਰਾਬਾਂ ਆਦਿ ਵੰਡਣੇ ਮਨੁੱਖੀ ਅਧਿਕਾਰਾਂ ਦੀ ਗੱਲ ਕਰਨੀ ਭਰਿਸ਼ਟਾਚਾਰ ਖਿਲਾਫ ਆਪਣੀ ਆਵਾਜ਼ ਨੂੰ ਬੁਲੰਦ ਰੱਖਣਾ ਅਤੇ ਇਨਾ ਵੱਲੋਂ ਸਮਾਜ ਨੂੰ ਬਹਿਤਰ ਬਣਾਉਣ ਲਈ ਹੋਰ ਵੀ ਅਨੇਕਾਂ ਕਾਰਜ ਕੀਤੇ ਜਾਂਦੇ ਹਨ ਇਸੇ ਲੜੀ ਨੂੰ ਅੱਗੇ ਤੋਰਦਿਆਂ ਅੱਜ ਸੰਗਰੂਰ ਵਿਖੇ ਪੰਜਾਬ ਪ੍ਰਧਾਨ ਕੁਲਦੀਪ ਸ਼ਰਮਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਸਾਰੇ ਹੀ ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ ਮੀਟਿੰਗ ਵਿੱਚ ਵਰਕਰਾਂ ਵੱਲੋਂ ਵੱਖ ਵੱਖ ਪਹਿਲੂਆਂ ਤੇ ਚਰਚਾ ਕੀਤੀ ਗਈ ਮੀਟਿੰਗ ਦੌਰਾਨ ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰਧਾਨ ਕੁਲਦੀਪ ਸ਼ਰਮਾ ਨੇ ਦੱਸਿਆ ਕਿ ਸਾਡੀ ਆਰਗਨਾਈਜੇਸ਼ਨ ਸਮਾਜ ਸੇਵਾ ਨੂੰ ਸਮਰਪਿਤ ਹੈ ਅਤੇ ਅੱਜ ਦੀ ਮੀਟਿੰਗ ਵਿੱਚ ਸਾਰੇ ਹੀ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਇਹ ਫੈਸਲਾ ਲਿਤਾ ਗਿਆ ਕਿ ਸਮਾਜ ਅੰਦਰ ਗਰੀਬ ਅਤੇ ਬੇਸਹਾਰਾ ਲੋਕ ਜੋ ਬਜ਼ੁਰਗ ਲੋਕ ਹਨ ਉਹ ਆਪਣੀਆਂ ਅੱਖਾਂ ਦਾ ਆਪਰੇਸ਼ਨ ਕਰਵਾਉਣ ਤੋਂ ਅਸਮਰਥ ਹਨ ਕਿਉਂਕਿ ਅੱਖਾਂ ਦਾ ਆਪਰੇਸ਼ਨ ਕਰਵਾਉਣ ਲਈ ਡਾਕਟਰਾਂ ਦੀਆਂ ਫੀਸਾਂ ਤੇ ਅਪਰੇਸ਼ਨ ਦਾ ਬਹੁਤ ਜਿਆਦਾ ਖਰਚਾ ਹੋ ਜਾਂਦਾ ਹੈ ਜੋ ਕਿ ਗਰੀਬ ਬੇਸਹਾਰਾ ਲੋਕ ਇਸ ਨੂੰ ਨਹੀਂ ਕਰਵਾ ਸਕਦੇ ਅਤੇ ਖਰਾਬ ਅੱਖਾਂ ਨਾਲ ਹੀ ਆਪਣੀ ਜ਼ਿੰਦਗੀ ਬਸਰ ਕਰ ਰਹੇ ਹਨ ਤਾਂ ਇਸ ਕਰਕੇ ਹੀ ਸਾਡੀ ਆਰਗਨਾਈਜੇਸ਼ਨ ਵੱਲੋਂ ਇਸ ਮਹੀਨੇ ਤੇ ਅਗਲੇ ਮਹੀਨੇ ਵਿੱਚ ਸੰਗਰੂਰ ਬਰਨਾਲਾ ਲੌਂਗੋਵਾਲ ਅਤੇ ਹੋਰ ਵੀ ਵੱਖ-ਵੱਖ ਪਿੰਡਾਂ ਵਿੱਚ ਅੱਖਾਂ ਦੇ ਕਈ ਕੈਂਪ ਲਗਾਏ ਜਾਣਗੇ ਜਿਸ ਵਿੱਚ ਮਰੀਜ਼ਾਂ ਦਾ ਮੁਫਤ ਚੈਕ ਅੱਪ ਕਰਕੇ ਲੋੜਵੰਦ ਲੋਕਾਂ ਦੇ ਮੁਫਤ ਅਪਰੇਸ਼ਨ ਕਰਕੇ ਲੈਂਜ਼ ਪਾਏ ਜਾਣਗੇ ਇਨਾ ਕੈਂਪਾਂ ਦੀ ਤਿਆਰੀਆਂ ਨੂੰ ਲੈਕੇ ਅੱਜ ਦੀ ਮੀਟਿੰਗ ਵਿੱਚ ਵੱਖ ਵੱਖ ਪਿੰਡਾਂ ਸ਼ਹਿਰਾਂ ਦੇ ਵਰਕਰਾਂ ਵੱਲੋਂ ਤਿਆਰੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ ਉਹਨਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਦੇ ਵਿੱਚ ਹੋਰ ਵੀ ਸਮਾਜ ਭਲਾਈ ਦੇ ਕੰਮ ਲਗਾਤਾਰ ਜਾਰੀ ਰਹਿਣਗੇ। ਇਸ ਮੌਕੇ ਵਿਕਰਾਂਤ ਕੁਮਾਰ ਸੈਕਟਰੀ ਪੰਜਾਬ, ਲਲਿਤ ਕੁਮਾਰ, ਮਨਦੀਪ ਸੈਣੀ , ਵਰਿੰਦਰ ਸਿੰਘ , ਜੱਸੀ ਸਿੰਘ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਮੈਂਬਰ ਸਾਹਿਬਾਨ ਹਾਜ਼ਰ ਸਨ।

# ਪਿੰਡ ਚੰਦ ਭਾਨ ਵਿੱਚ ਦਲਿਤ ਮਜਦੂਰਾਂ ਉਪਰ ਜਬਰ ਲਈ ਪੁਲਸ ਅਤੇ ਸਿਵਲ ਪ੍ਰਸਾਸ਼ਨ ਜਿੰਮੇਵਾਰ।

## ਜਮਹੂਰੀ ਅਧਿਕਾਰ ਸਭਾ ਪੰਜਾਬ ਸਭਾ ਵੱਲੋਂ ਜਾਂਚ ਰਿਪੋਰਟ ਜਾਰੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਮੋਰਿੰਡਾ 28 ਮਾਰਚ ( ਪਤਰ ਪ੍ਰੇਰਕ) ਪਿੰਡ ਚੰਦ ਭਾਨ, ਜਿਲਾ ਫਰੀਦਕੋਟ ਵਿੱਚ ਪੰਜ ਫਰਵਰੀ 2025 ਨੂੰ ਦਲਿਤ ਮਜ਼ਦੂਰਾਂ ਉੱਪਰ ਜਬਰ ਲਈ ਪਿੰਡ ਦੇ ਧਨਾਡ ਵਰਗ, ਪੁਲਿਸ, ਅਤੇ ਸਿਵਲ ਪ੍ਰਸ਼ਾਸਨ ਜ਼ਿਮੇਵਾਰ ਹੈ। ਇਹ ਵਿਚਾਰ ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਪ੍ਰਧਾਨ ਜਗਮੋਹਨ ਸਿੰਘ ਅਤੇ ਜਨਰਲ ਸਕੱਤਰ ਪ੍ਰਿਤਪਾਲ ਸਿੰਘ ਨੇ ਪ੍ਰਗਟ ਕਰਦਿਆਂ ਆਖਿਆ ਕਿ ਆਪਣੇ ਹੱਕਾਂ ਲਈ ਜਾਗਰੂਕ ਹੋ ਰਿਹਾ ਦਲਿਤ ਮਜਦੂਰ ਸਿਆਸੀ ਥਾਪੜਾ ਹਾਸਲ ਜਾਤੀ ਹੰਕਾਰ ਨਾਲ ਭਰੇ ਧਨਾਢ ਲੋਕਾਂ ਅਤੇ ਪੁਲਸ ਤੇ ਸਿਵਲ ਪ੍ਰਸਾਸ਼ਨ ਨੂੰ ਰੜਕਿਆ ਹੈ । ਉਨਾਂ ਨੂੰ ਦਬਾਉਣ ਲਈ ਗੰਦੇ ਪਾਣੀ ਦੇ ਮਸਲੇ ਢੁਕਵਾਂ ਅਤੇ ਵਿਕਤਰੇ ਰਹਿਤ ਹੱਲ ਕਰਨ ਦੀ ਬਜਾਏ ਪੁਲਸ ਪ੍ਰਸਾਸ਼ਨ ਨੇ ਦਲਿਤ ਸਰਪੰਚ ਅਮਨਦੀਪ ਕੌਰ ਦੇ ਪਤੀ ਨੂੰ ਗ੍ਰਿਫਤਾਰ ਕਰਕੇ ਭੜਕਾਊ ਕਾਰਵਾਈ ਕੀਤੀ ਅਤੇ ਫਿਰ ਮਜਦੂਰਾਂ ਉਪਰ ਅੰਨਾ ਜਬਰ ਢਾਹਿਆ ਅਤੇ ਸਖਤ ਧਾਰਾਵਾਂ ਹੇਠ ਕੇਸ ਦਰਜ ਕਰਕੇ ਅੰਨੇਵਾਹ ਗ੍ਰਿਫਤਾਰੀਆਂ ਕੀਤੀਆਂ। ਇਸ ਦੇ ਉਲਟ ਮਜਦੂਰਾਂ ਉਪਰ ਫਾਈਰਿੰਗ ਕਰਨ ਵਾਲੇ ਧੱਕੜ ਧਨਾਢਾਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਭਾਵੇਂ ਮਜਦੂਰ ਜਥੇਬੰਦੀਆਂ ਦੇ ਜਥੇਬੰਦਕ ਵਿਰੋਧ ਕਾਰਨ ਜੋ ਕਾਰਵਾਈ ਕੀਤੀ ਵੀ ਗਈ ਉਸ ਨਾਲ ਉਨ੍ਹਾਂ ਨੂੰ ਗ੍ਰਿਫਤਾਰੀ ਤੇ ਬਚਣ ਦਾ ਰਾਹ ਮਿਲਿਆ ਹੈ। ਜੋ ਸਰਾਸਰ ਜਮਹੂਰੀ ਅਤੇ ਮਨੁੱਖੀ ਹੱਕਾਂ ਦੀ ਉਲੰਘਣਾ ਹੈ। ਇਸ ਘਟਨਾ ਸਬੰਧੀ ਸਭਾ ਦੀ ਰਿਪੋਰਟ ਜਾਰੀ ਕਰਦੇ ਹੋਏ ਪ੍ਰੋ ਜਗਮੋਹਨ ਸਿੰਘ ਸੂਬਾ ਪ੍ਰਧਾਨ, ਪ੍ਰਿਤਪਾਲ ਸਿੰਘ ਜਨਰਲ ਸਕੱਤਰ ਅਤੇ ਅਮਰਜੀਤ ਸਾਸ਼ਤਰੀ ਸੂਬਾ ਪ੍ਰੈਸ ਸਕੱਤਰ ਨੇ ਮੰਗ ਕੀਤੀ ਕਿ ਦਲਿਤ ਮਜਦੂਰਾਂ ਉਪਰ ਦਰਜ ਪੁਲਸ ਕੇਸ ਰੱਦ ਕੀਤੇ ਜਾਣ, ਦਲਿਤ ਸਰਪੰਚ ਅਮਨਦੀਪ ਕੌਰ ਦੇ ਘਰੋਂ ਲੁੱਟ ਮਾਰ ਕਰਨ ਵਾਲਿਆਂ ਦੀ ਪਹਿਚਾਣ ਕੀਤੀ ਜਾਵੇ ਡੀਵੀਆਰ ਬਰਾਮਦ ਕੀਤੀ ਜਾਵੇ, ਸਰਪੰਚ ਸਮੇਤ ਮਜਦੂਰਾਂ ਦੇ ਹੋਏ ਨੁਕਸਾਨ ਦੀ ਪੂਰਤੀ ਕੀਤੀ ਜਾਵੇ ਅਤੇ ਪੀੜਤਾਂ ਨੂੰ ਐਸਸੀਐਸਟੀ ਐਕਟ ਤਹਿਤ ਯੋਗ ਮੁਆਵਜਾ ਦਿੱਤਾ,ਪੁਲਸ ਤਸ਼ੱਦਦ ਦਾ ਸ਼ਿਕਾਰ ਹੋਏ ਜਖਮੀਆਂ ਦਾ ਮੁਫ਼ਤ ਸਰਕਾਰੀ ਖਰਚੇ 'ਤੇ ਇਲਾਜ ਕਰਵਾਇਆ ਜਾਵੇ, ਇਸ ਘਟਨਾ ਲਈ ਜਿੰਮੇਵਾਰ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਜੁੰਮੇਵਾਰੀ ਫਿਕਸ ਕਰਕੇ ਉਹਨਾ ਨੂੰ ਬਣਦੀਆਂ ਢੁਕਵੀਆਂ ਸਜਾਵਾਂ ਦਿੱਤੀਆਂ ਜਾਣ, ਮਜਦੂਰਾਂ ਉਪਰ ਗੋਲੀਆਂ ਚਲਾਉਣ ਵਾਲਿਆਂ ਨੂੰ ਗ੍ਰਿਫਤਾਰ ਕਰਕੇ ਕਟਿਹਰੇ ਵਿੱਚ ਖੜ੍ਹਾ ਕੀਤਾ ਜਾਵੇ, ਪੀਣ ਵਾਲੇ ਸਾਫ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ ਅਤੇ ਗੰਦੇ ਪਾਣੀ ਦੀ ਨਿਕਾਸੀ ਨੂੰ ਸਿੱਕੇਬੰਦ ਢੰਗ ਨਾਲ ਵਿਉਂਤਿਆ ਜਾਵੇ, ਜਾਤੀਪਾਤੀ ਤੁਅੱਸਬਾਂ ਅਤੇ ਵਿਤਕਰੇ ਨੂੰ ਖਤਮ ਕਰਨ ਲਈ ਲੋਕਾਂ ਅੰਦਰ ਵਿਗਿਆਨਕ ਵਿਚਾਰਾਂ ਰਾਹੀਂ ਜਮਹੂਰੀ ਚੇਤਨਾ ਦਾ ਵਿਕਸਤ ਹੋਣਾ ਜਰੂਰੀ ਹੈ ਜਿਸ ਲਈ ਸਭ ਨੂੰ ਜਮਹੂਰੀ ਲਹਿਰ ਤੇ ਸਰਕਾਰ ਨੂੰ ਵੀ ਜਿਮੇਵਾਰੀ ਦੇ ਤੌਰ ਤੇ ਵਿਕਸਤ ਕਰਨ ਲਈ ਕੋਸ਼ਿਸ਼ ਕਰਨੀ ਬਣਦੀ ਹੈ। ਜਮਹੂਰੀ ਅਧਿਕਾਰ ਸਭਾ ਪੰਜਾਬ ਵਲੋਂ ਇਸ ਰਿਪੋਰਟ ਨੂੰ ਤਿਆਰ ਕਰਨ ਸਮੇਂ ਨਰਭਿੰਦਰ, ਪ੍ਰਿਤਪਾਲ ਸਿੰਘ, ਪ੍ਰਮਜੀਤ ਸਿੰਘ ਕੜਿਆਣਾ, ਸੰਤੋਖ ਸਿੰਘ ਮੱਲਣ, ਮਨੋਹਰ ਦਾਸ, ਮੰਦਰ ਜੱਸੀ, ਬਿਸ਼ਨਦੀਪ ਕੌਰ, ਹਰਜੀਤ ਜੀਦਾ ਆਦਿ ਮੈਂਬਰ ਹਾਜ਼ਰ ਸਨ।

# 20 ਮਈ ਨੂੰ ਦੇਸ਼ ਵਿਆਪੀ ਹੜਤਾਲ ਦੀ ਤਿਆਰੀ ਸਬੰਧੀ ਸੀਟੂ ਸੂਬਾਈ ਵਰਕਿੰਗ ਕਮੇਟੀ ਦੀ ਮੀਟਿੰਗ ਆਯੋਜਿਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਸੰਗਰੂਰ,28 ਮਾਰਚ (ਜਗਸੀਰ ਲੌਂਗੋਵਾਲ)-

ਸੀਟੂ ਦੀ ਸੁਬਾਈ ਵਰਕਿੰਗ ਕਮੇਟੀ ਦੀ ਮੀਟਿੰਗ ਵਿੱਚ ਲੰਮੇ ਵਿਚਾਰ-ਵਟਾਂਦਰੇ ਉਪਰੰਤ ਸਰਵ-ਸੰਮਤ ਫੈਸਲੇ ਕੀਤੇ ਹਨ ਕਿ 1) 20 ਮਈ ਦੀ ਦੇਸ਼ ਵਿਆਪੀ ਸਰਵਸਾਂਝੀ ਹੜਤਾਲ ਨੂੰ ਪੰਜਾਬ ਵਿੱਚ ਪੂਰਨ ਰੂਪ ਵਿੱਚ ਸਫਲ ਬਣਾਉਣ ਲਈ ਅਜਾਦ ਤੌਰ'ਤੇ,ਹੋਰਨਾ ਭਾਗੀਦਾਰ ਅਤੇ ਸੁਬਾਈ ਪੱਧਰ ਦੀਆਂ ਯੂਨੀਅਨਜ ਨਾਲ ਮਿਲ ਕੇ ਅਤੇ ਸਹਿਯੋਗੀ ਜਨਤਕ ਜਥੇਬੰਦੀਆ ਦੀ ਸਰਗਰਮ ਸਹਾਇਤਾ ਨਾਲ , ਪਹਿਲਾ ਹੀ ਦੇਸ਼ ਪੱਧਰ ਉਤੇ ਤੈਅ ਹੋ ਚੁਕੀ ਇਸ ਹੜਤਾਲ ਦੀ ਤਿਆਰੀ ਲਈ ਠੋਸ ਫੈਸਲੇ ਲਏ ਗਏ। 2) ਪੰਜਾਬ ਸਰਕਾਰ ਵਲੋਂ ਪਾਸ ਕੀਤੇ ਗਏ 2025-26 ਦੇ ਬਜਟ ਨੂੰ ਲੋਕਾ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਵਾਲਾ,ਬੇਰੁਜ਼ਗਾਰ, ਗਰੀਬ ਲੋਕਾ, ਮਜਦੂਰਾ, ਕਿਸਾਨਾ ,ਮੁਲਾਜ਼ਮਾ ਦੀਆਂ ਮੁਸ਼ਕਿਲਾ ਦੀ ਅਣਦੇਖੀ ਕਰਨ ਵਾਲਾ ਅਤੇ ਆਮ ਆਦਮੀ ਪਾਰਟੀ ਵੱਲੋਂ ਪੰਜਾਬੀਆਂ ਨੂੰ ਦਿੱਤੀਆਂ ਗਰੰਟੀ ਤੋਂ ਭਗੌੜੇ ਹੋਣ ਵਾਲਾ ਅਤੇ ਆਉਣ ਵਾਲੀਆ ਪੀੜੀਆਂ ਨੂੰ ਵੀ ਕਰਜ ਜਾਲ ਵਿੱਚ ਫਸਾਉਣ ਵਾਲਾ ਕਰਾਰ ਦਿਤਾ ਅਤੇ ਇਸ ਬਜਟ ਦੀਆਂ ਵਧ ਤੋਂ ਵਧ ਥਾਵਾਂ ਉਤੇ ਕਾਪੀਆਂ ਸਾੜਨ ਦਾ ਐਲਾਨ ਕੀਤਾ ਹੈ।

ਇਸ ਮੀਟਿੰਗ ਦੀ ਪ੍ਰਧਾਨਗੀ ਸੀਟੂ ਦੇ ਸੁਬਾਈ ਪ੍ਰਧਾਨ ਮਹਾਂਸਿੰਘ ਰੌੜੀ ਨੇ ਕੀਤੀ। ਮੀਟਿੰਗ ਦੇ ਫੈਸਲੇ ਪ੍ਰੈਸ ਲਈ ਜਾਰੀ ਕਰਦਿਆ ਸੀਟੂ ਦੇ ਸੁਬਾਈ ਜਨਰਲ ਸਕੱਤਰ ਚੰਦਰ ਸ਼ੇਖਰ ਨੇ ਦੱਸਿਆ ਕਿ ਇਸ ਮੀਟਿੰਗ ਨੂੰ ਸੰਬੋਧਨ ਕਰਦਿਆ ਸੀਟੂ ਦੀ ਆਲ ਇੰਡੀਆ ਪ੍ਰਧਾਨ ਡਾਕਟਰ ਹੇਮ ਲਤਾ ਜੀ ਨੇ ਪਿਛਲੇ ਦਿਨੀ ਭਾਜਪਾ ਦੀ ਹਰਿਆਣਾ,ਮਹਾਰਾਸ਼ਟਰ ਅਤੇ ਦਿੱਲੀ ਦੀ ਜਿੱਤ ਨੇ ਉਸਨੂੰ ਹੋਰ ਵੀ ਮਾਰੂ ਕਦਮ ਚੁੱਕਣ ਲਈ ਉਤਸ਼ਾਹਿਤ ਕੀਤਾ ਹੈ। ਇਸੇ ਦਿਸ਼ਾ ਵਿੱਚ ਮੋਦੀ ਸਰਕਾਰ ਚਾਰ ਨਵੇਂ ਲੇਬਰ ਕੋਡ ਲਾਗੂ ਕਰਨ ਲਈ ਤਿਆਰੀ ਕਸ ਰਹੀ ਹੈ। ਨਿਜੀਕਰਨ ਦੀ ਗਤੀ ਤੇਜ ਹੋ ਗਈ ਹੈ। 18 ਮਾਰਚ ਦੀ ਦਿੱਲੀ ਵਿਖੇ 10 ਕੇਂਦਰੀ ਟਰੇਡ ਯੂਨੀਅਨਾ ਅਤੇ ਫੈਡਰੇਸ਼ਨ ਨੇ ਆਉਂਦੀ 20 ਮਈ ਨੂੰ ਦੇਸ਼ ਵਿਆਪੀ ਹੜਤਾਲ ਕਰਨ ਦਾ ਫੈਸਲਾ ਕੀਤਾ ਹੈ। ਉਹਨਾ ਨੇ ਦੇਸ਼ ਵਿੱਚ ਮੋਦੀ ਸਰਕਾਰ ਵੱਲੋਂ ਲੋਕ ਅਵਾਜ ਨੂੰ ਦਬਾਉਣ ਲਈ ਅਤੇ ਉਹਨਾ ਦੇ ਏਕੇ ਨੂੰ ਨਫਰਤ ਵਿੱਚ ਬਦਲਣ ਵਾਲੀਆ ਨੀਤੀਆਂ ਨੂੰ ਭਾਂਜ ਦੇਣੀ ਮੁੱਖ ਜਿਮੇਂਦਾਰੀ ਦਾ ਵੱਡਾ ਕਾਰਜ ਸਾਡੇ ਸਾਹਮਣੇ ਹੈ।ਮੀਟਿੰਗ ਨੇ ਇਹ ਵੀ ਫੈਸਲਾ ਕੀਤਾ ਹੈ ਕਿ 1) 14 ਅਪ੍ਰੈਲ ਨੂੰ ਵਧ ਤੋਂ ਵੱਧ ਥਾਵਾਂ ਉਤੇ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਮਨਾਇਆ ਜਾਵੇਗਾ, 2) ਪਹਿਲੀ ਮਈ ਦੇ ਦਿਨ- ਮਈ ਦਿਹਾੜੇ ਨੂੰ ਵਿਆਪਕ ਪੈਮਾਨੇ ਉਤੇ ਕਿਰਤੀ ਜਮਾਤ ਦੇ ਕੁਰਬਾਨੀਆਂ ਨਾਲ ਜਿੱਤੇ ਹੋਏ ਹੱਕਾਂ ਦੀ ਰਾਖੀ ਅਤੇ ਕਿਰਤੀ ਸ਼੍ਰੇਣੀ ਦੇ ਏਕੇ ਨੂੰ ਹੋਰ ਵੀ ਮਜਬੂਤ ਕਰਨ ਦੇ ਪ੍ਰਣ ਦੁਹਰਾਉਣ ਲਈ ਮਨਾਇਆ ਜਾਵੇਗਾ। 3) ਪੰਜਾਬ ਦੀ ਮਜਦੂਰ ਜਮਾਤ ਦੀ ਭਖਦੀਆਂ ਮੰਗਾ ਲਈ ਅਪ੍ਰੈਲ ਮਹੀਨੇ ਵਿੱਚ ਸਾਰੇ ਸਹਾਇਕ ਕਿਰਤ ਕਮਿਸ਼ਨਰ ਦਫਤਰ ਸਾਹਮਣੇ ਧਰਨੇ ਮਾਰੇ ਜਾਣਗੇ।

# ਗੈਰ-ਸੰਚਾਰੀ ਬਿਮਾਰੀਆਂ ਦੀ ਪਛਾਣ ਅਤੇ ਰੋਕਥਾਮ ਲਈ ਚੱਲ ਰਹੀ ਵਿਸ਼ੇਸ਼ ਸਕਰੀਨਿੰਗ ਮੁਹਿੰਮ ਸੰਬੰਧੀ ਮੀਟਿੰਗ

## ਮੁਹਿੰਮ ਦਾ ਉਦੇਸ਼ ਲੋਕਾਂ ਵਿੱਚ ਗੈਰ-ਸੰਚਾਰੀ ਬਿਮਾਰੀਆਂ ਦੀ ਸਕਰੀਨਿੰਗ ਕਰਕੇ ਉਨ੍ਹਾਂ ਦੀ ਸਮੇਂ ਸਿਰ ਪਛਾਣ ਕਰਨਾ ਅਤੇ ਇਲਾਜ ਦੀ ਸ਼ੁਰੂਆਤ ਕਰਨਾ ਹੈ: ਸਿਵਲ ਸਰਜਨ ਡਾ. ਪਵਨ ਕੁਮਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 28 ਮਾਰਚ ( ਤਰਸੇਮ ਦੀਵਾਨਾ )

ਸਿਹਤ ਵਿਭਾਗ ਵੱਲੋਂ ਗੈਰ-ਸੰਚਾਰੀ ਬਿਮਾਰੀਆਂ ਦੀ ਪਛਾਣ ਅਤੇ ਰੋਕਥਾਮ ਲਈ ਚੱਲ ਰਹੀ ਵਿਸ਼ੇਸ਼ ਸਕਰੀਨਿੰਗ ਮੁਹਿੰਮ ਸਬੰਧੀ ਸਿਵਲ ਸਰਜਨ ਹੁਸ਼ਿਆਰਪੁਰ ਡਾ ਪਵਨ ਕੁਮਾਰ ਸ਼ਗੋਤਰਾ ਵੱਲੋਂ ਕਮਿਊਨਿਟੀ ਹੈਲਥ ਅਫਸਰਾਂ (ਸੀ.ਐਚ.ਓ.) ਨਾਲ ਇੱਕ ਮੀਟਿੰਗ ਕੀਤੀ ਗਈ। ਇਸ ਦੌਰਾਨ ਸਿਵਲ ਸਰਜਨ ਵੱਲੋਂ 20 ਫਰਵਰੀ ਤੋਂ ਸ਼ੁਰੂ ਹੋਈ ਇਸ ਵਿਸ਼ੇਸ਼ ਮੁਹਿੰਮ ਜੋ ਕਿ 31 ਮਾਰਚ ਤੱਕ ਚੱਲੇਗੀ ਬਾਰੇ ਸਮੀਖਿਆ ਕੀਤੀ ਗਈ। ਇਸ ਦੌਰਾਨ ਸੀਨੀਅਰ ਮੈਡੀਕਲ ਅਫਸਰ ਡਾ. ਦਵਿੰਦਰਪਾਲ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਕੌਰ, ਜਿਲਾ ਪ੍ਰੋਗਰਾਮ ਮੈਨੇਜਰ ਮੁਹੰਮਦ ਆਸਿਫ ਅਤੇ ਅਨੁਰਾਧਾ ਠਾਕੁਰ ਵੀ ਮੌਜੂਦ ਸਨ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਨੇ ਕਿਹਾ ਕਿ ਮੁਹਿੰਮ ਦਾ ਮੁੱਖ ਉਦੇਸ਼ ਲੋਕਾਂ ਵਿੱਚ ਗੈਰ-ਸੰਚਾਰੀ ਬਿਮਾਰੀਆਂ ਦੀ ਸਕਰੀਨਿੰਗ ਕਰਕੇ ਉਨ੍ਹਾਂ ਦੀ ਸਮੇਂ ਸਿਰ ਪਛਾਣ ਕਰਨਾ ਅਤੇ ਇਲਾਜ ਦੀ ਸ਼ੁਰੂਆਤ ਕਰਨਾ ਹੈ, ਜਿਸ ਨਾਲ ਰੋਗਾਂ ਦੀ ਵਧਦੀ ਦਰ ਅਤੇ ਮੌਤਾਂ ਦੀ ਗਿਣਤੀ ਵਿੱਚ ਕਮੀ ਆ ਸਕੇ। ਉਹਨਾਂ ਸਮੂਹ ਸੀਐਚਓ ਨੂੰ ਕਿਹਾ ਕਿ ਆਯੂਸ਼ਮਾਨ ਅਰੋਗਿਆ ਕੇਂਦਰਾਂ ਵਿੱਚ 30 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਦੀ ਗ਼ੈਰ-ਸੰਚਾਰੀ ਬੀਮਾਰੀਆਂ ਜਿਵੇਂ ਸ਼ੂਗਰ, ਹਾਈਪਰਟੈਨਸ਼ਨ ਤੇ ਤਿੰਨ ਤਰ੍ਹਾਂ ਦੇ ਕੈਂਸਰ- ਮੂੰਹ, ਛਾਤੀ ਤੇ ਬੱਚੇਦਾਨੀ ਦੇ ਮੂੰਹ ਦਾ ਕੈਂਸਰ ਸ਼ਾਮਲ ਹਨ, ਦੀ ਸਕ੍ਰੀਨਿੰਗ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਇਨ੍ਹਾਂ ਬਿਮਾਰੀਆਂ ਦੀ ਸ਼ੁਰੂਆਤੀ ਦੌਰ 'ਚ ਹੀ ਪਛਾਣ ਕਰਕੇ ਉਨ੍ਹਾਂ ਦਾ ਬਣਦਾ ਇਲਾਜ ਸ਼ੁਰੂ ਕੀਤਾ ਜਾ ਸਕੇ।

ਸਿਵਲ ਸਰਜਨ ਨੇ ਕਿਹਾ ਕਿ ਗੈਰ-ਸੰਚਾਰੀ ਬਿਮਾਰੀਆਂ ਆਮ ਤੌਰ 'ਤੇ ਲੰਬੇ ਸਮੇਂ ਦੀਆਂ ਬਿਮਾਰੀਆਂ ਹੁੰਦੀਆਂ ਹਨ ਜਿਨ੍ਹਾਂ ਨੂੰ ਠੀਕ ਹੋਣ 'ਚ ਸਮਾਂ ਲੱਗਦਾ ਹੈ ਤੇ ਅਜਿਹੀਆਂ ਬਿਮਾਰੀਆਂ ਦੀ ਨਿਰੰਤਰ ਤੇ ਸਮੇਂ ਸਿਰ ਜਾਂਚ ਮਹੱਤਵਪੂਰਨ ਹੁੰਦੀ ਹੈ। ਸਿਹਤਮੰਦ ਜੀਵਨਸ਼ੈਲੀ ਦੇ ਨਾਲ-ਨਾਲ ਸਮੇਂ ਸਿਰ ਹੋਣ ਵਾਲੀ ਸਕਰੀਨਿੰਗ ਗੈਰ-ਸੰਚਾਰੀ ਬਿਮਾਰੀਆਂ ਨੂੰ ਰੋਕਣ ਲਈ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨਾਂ ਲੋਕਾਂ ਨੂੰ ਇਸ ਪਹਿਲਕਦਮੀ ਦਾ ਵੱਧ ਤੋਂ ਵੱਧ ਲਾਭ ਉਠਾਉਣ ਤੇ ਆਪਣੀ ਜਾਂਚ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ 30 ਸਾਲ ਤੋਂ ਉਪਰਲਾ ਹਰ ਵਿਅਕਤੀ ਸਰਕਾਰੀ ਸਿਹਤ ਸੰਸਥਾਂ ਵਿਚ ਜਾ ਕੇ ਆਪਣੀ ਮੁਫਤ ਜਾਂਚ ਜ਼ਰੂਰ ਕਰਵਾਏ।

# ਭਾਰਤੀਯ ਅੰਬੇਡਕਰ ਮਿਸ਼ਨ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਚ ਪਹੁੰਚੇ ਕੌਮੀ ਪ੍ਰਧਾਨ

## ਬਾਬਾ ਸਾਹਿਬ ਤੁਝੇ ਸਲਾਮ ਪ੍ਰੋਗਰਾਮ ਚ ਹੋਵੇਗਾ ਵਿਸ਼ਾਲ ਸਨਮਾਨ ਸਮਾਰੋਹ, ਸੂਬੇ ਦੀਆਂ ਚੰਗੀਆਂ ਸ਼ਖ਼ਸੀਅਤਾਂ ਨੂੰ ਮਿਲੇਗਾ ਡਾ. ਅੰਬੇਡਕਰ ਸਟੇਟ ਐਵਾਰਡ: ਸ੍ਰੀ ਦਰਸ਼ਨ ਕਾਂਗੜਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਸੰਗਰੂਰ,28 ਮਾਰਚ (ਜਗਸੀਰ ਲੌਂਗੋਵਾਲ) - ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਜ਼ਿਲ੍ਹਾ ਫਿਰੋਜ਼ਪੁਰ ਦੀ ਪਲੇਠੀ ਮੀਟਿੰਗ ਸਰਪੰਚ ਜਰਨੈਲ ਸਿੰਘ ਬੱਲੂਆਣਾ ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਦੀ ਅਗਵਾਈ ਹੇਠ ਪਿੰਡ ਬੱਲੂਆਣਾ ਦੇ ਪੇਲੇਸ ਵਿਖੇ ਹੋਈ ਜਿਸ ਵਿੱਚ ਵਿਸ਼ੇਸ਼ ਤੌਰ ਤੇ ਸ੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਪਹੁੰਚੇ।

ਕੌਮੀ ਪ੍ਰਧਾਨ ਦਾ ਮਿਸ਼ਨ ਦੇ ਵੱਡੀ ਗਿਣਤੀ ਇਕੱਤਰ ਆਗੂਆਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਮਿਸ਼ਨ ਦਾ ਸਲਾਨਾ ਸਮਾਗਮ ਬਾਬਾ ਸਾਹਿਬ ਤੁਝੇ ਸਲਾਮ 10 ਅਪ੍ਰੈਲ ਨੂੰ ਸੰਗਰੂਰ ਵਿਖੇ ਹੋਵੇਗਾ ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਵਿਸ਼ਾਲ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਨਾਮਣਾ ਖੱਟਣ ਵਾਲੀਆਂ 21 ਸ਼ਖ਼ਸੀਅਤਾ ਨੂੰ ਡਾ ਅੰਬੇਡਕਰ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ ਅਤੇ ਇਸ ਦੇ ਨਾਲ ਹੀ ਪੰਜਾਬ ਭਰ ਵਿੱਚ ਕੰਮ ਕਰ ਰਹੀਆਂ ਚੰਗੀ ਕਾਰਗੁਜ਼ਾਰੀ ਵਾਲੀਆਂ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਅਤੇ ਸਪੋਰਟਸ ਕਲੱਬਾਂ ਦੇ ਤਿੰਨ ਤਿੰਨ ਨੁਮਾਇੰਦਿਆਂ ਦਾ ਵੀ ਮਿਸ਼ਨ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ਜਿਸ ਸਬੰਧੀ ਮਿਸ਼ਨ ਵੱਲੋਂ ਇੱਕ ਫਾਰਮ ਜਾਰੀ ਕੀਤਾ ਗਿਆ ਹੈ। ਜ਼ੋ 31 ਮਾਰਚ ਤੱਕ ਭਰ ਕੇ ਭੇਜਣਾ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਹ ਫ਼ਾਰਮ ਸੋਸ਼ਲ ਮੀਡੀਆ ਜਾ ਮਿਸ਼ਨ ਦੇ ਕਿਸੇ ਵੀ ਸਾਥੀ ਕੋਲੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ 31 ਮਾਰਚ ਤੋਂ ਬਾਅਦ ਪ੍ਰਾਪਤ ਹੋਏ ਫ਼ਾਰਮ ਤੇ ਵਿਚਾਰ ਨਹੀਂ ਕੀਤਾ ਜਾਵੇਗਾ ਇਸ ਮੌਕੇ ਜਰਨੈਲ ਸਿੰਘ ਬੱਲੂਆਣਾ ਨੇ ਕਿਹਾ ਕਿ ਬਾਬਾ ਸਾਹਿਬ ਨੇ ਆਪਣਾ ਸਾਰਾ ਜੀਵਨ ਕੌਮ ਦੇ ਲੇਖੇ ਲਗਾ ਦਿੱਤਾ ਅਜਿਹੇ ਮਹਾਨ ਨਾਇਕ ਨੂੰ ਭੁਲਾਇਆ ਨਹੀਂ ਜਾ ਸਕਦਾ ਉਨ੍ਹਾਂ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ ਮੈਡਮ ਪੂਨਮ ਕਾਂਗੜਾ ਅਤੇ ਸ੍ਰੀ ਦਰਸ਼ਨ ਕਾਂਗੜਾ ਦੀ ਅਗਵਾਈ ਹੇਠ ਹੋਰ ਸਮਾਜ਼ ਸੇਵੀ ਕੰਮਾਂ ਦੇ ਨਾਲ ਨਾਲ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਘਰ ਘਰ ਪਹੁੰਚਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਮਾਣ ਹੈ ਕਿ ਉਹ ਮਿਸ਼ਨ ਦਾ ਹਿੱਸਾ ਹਨ ਉਕਤ ਆਗੂਆਂ ਵੱਲੋਂ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਸਮਰਥਨ ਕਰਦਿਆਂ ਹਰ ਪੱਖੋਂ ਸਹਿਯੋਗ ਕਰਨ ਦਾ ਐਲਾਨ ਵੀ ਕੀਤਾ ਗਿਆ ਇਸ ਮੌਕੇ ਪੁਲਿਸ ਪ੍ਰਸ਼ਾਸਨ ਵੱਲੋਂ ਸ੍ਰੀ ਰਾਕੇਸ਼ ਕੁਮਾਰ, ਜਸਵੰਤ ਸਿੰਘ ਗੰਗਾ, ਬਲਵਿੰਦਰ ਸਿੰਘ, ਜਸਬੀਰ ਕੌਰ ਬਠਿੰਡਾ, ਕਰਨ ਕੁਮਾਰ, ਸਿਕੰਦਰ ਸਿੰਘ ਹਰਰਾਏਪੁਰ, ਪਾਲ੍ਹਾ ਰਾਮ ਸਰਪੰਚ, ਰਾਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਮਹਿਲਾਵਾਂ ਆਦਿ ਹਾਜ਼ਰ ਸਨ।

# ਅਕਾਲ ਅਕੈਡਮੀ ਉੱਭਿਆਂ ਦਾ ਸਲਾਨਾ ਨਤੀਜਾ ਰਿਹਾ ਸ਼ਾਨਦਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com




ਚੀਮਾ ਮੰਡੀ,28 ਮਾਰਚ (ਜਗਸੀਰ ਲੌਂਗੋਵਾਲ )- ਕਲਗੀਧਰ ਟਰੱਸਟ ਬੜੂ ਸਾਹਿਬ ਵਿੱਦਿਅਕ ਸੰਸਥਾ ਅਧੀਨ ਚੱਲ ਰਹੀ ਸ਼ਾਖਾ ਅਕਾਲ ਅਕੈਡਮੀ ਉੱਭਿਆਂ ਵਿਖੇ ਸਲਾਨਾ ਪ੍ਰੀਖਿਆਵਾਂ ਦਾ ਨਤੀਜਾ ਘੋਸ਼ਿਤ ਕੀਤਾ ਗਿਆ। ਹਰ ਸਾਲ ਦੀ ਤਰ੍ਹਾਂ ਇਹ ਵਿੱਦਿਅਕ ਵਰ੍ਹਾ ਬਹੁਤ ਹੀ ਸ਼ਾਨਦਾਰ ਰਿਹਾ।ਜਿਸ ਵਿੱਚ ਵੱਖ-ਵੱਖ ਵਿਦਿਆਰਥੀਆਂ ਨੇ ਵੱਧ ਤੋਂ ਵੱਧ ਨੰਬਰ ਲੈ ਕੇ ਪੁਜੀਸ਼ਨਾਂ ਹਾਸਿਲ ਕੀਤੀਆਂ। ਵੱਖ ਵੱਖ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਖੇਡਾਂ ਅਤੇ ਹੋਰ ਸਹਿ-ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਮੈਡਲ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਵਿੱਦਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਸਹਿ-ਪਾਠਕ੍ਰਮ ਦੀਆਂ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਮੈਡਲ ਦਿੱਤੇ ਗਏ। ਮਾਪਿਆਂ ਅਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੀ ਕਾਮਯਾਬੀ 'ਤੇ ਮਾਣ ਮਹਿਸੂਸ ਕੀਤਾ ਅਤੇ ਉਨ੍ਹਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਇਨਾਮੀ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਿੱਚ ਖੁਸ਼ੀ ਦੀ ਲਹਿਰ ਵੇਖਣ ਯੋਗ ਰਹੀ। ਕਈ ਵਿਦਿਆਰਥੀਆਂ ਨੇ ਆਪਣੇ ਤਜਰਬੇ ਸਾਂਝੇ ਕਰਦੇ ਹੋਏ ਕਿਹਾ ਕਿ ਇਹ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੇ ਤਜਰਬੇ ਨਾਲ ਹੀ ਸੰਭਵ ਹੋਇਆ। ਇਸ ਦਰਮਿਆਨ ਅਕਾਲ ਅਕੈਡਮੀ ਉੱਭਿਆਂ ਦੇ ਪ੍ਰਿੰਸੀਪਲ ਗੁਰਜੀਤ ਕੌਰ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਅਤੇ ਹੌਂਸਲਾ ਅਫਜਾਈ ਕਰਦਿਆਂ ਉਹਨਾਂ ਨੂੰ ਅੱਗੇ ਤੋਂ ਵੀ ਇਸੇ ਹੀ ਪ੍ਰਕਾਰ ਜ਼ਿੰਦਗੀ ਵਿੱਚ ਕਾਮਯਾਬ ਹੋਣ ਤੇ ਵੱਧ ਤੋਂ ਵੱਧ ਗਤੀਵਿਧੀਆਂ ਵਿੱਚ ਭਾਗ ਲੈ ਕੇ ਉੱਚ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਵੇਂ ਸੈਸ਼ਨ ਦਰਮਿਆਨ ਲਗਾਤਾਰ ਇਸੇ ਤਰੀਕੇ ਨਾਲ ਅੱਗੇ ਤੋਂ ਹੋਰ ਮਿਹਨਤ ਜਾਰੀ ਰੱਖਣ ਤੇ ਉੱਚੀਆਂ ਮੰਜ਼ਿਲਾਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੇ ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਅਗਲੇ ਸੈਸ਼ਨ ਵਿੱਚ ਹੋਰ ਵੀ ਵਧੀਆ ਪ੍ਰਦਰਸ਼ਨ ਕਰਨ ਦੀ ਆਸ ਕੀਤੀ।

# ਗੁਰੂ ਨਾਨਕ ਕਾਲਜ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ,ਕਾਮਰਸ ਅਤੇ ਬਿਜਨੈਸ ਮੈਨੇਜਮੈਂਟ ਵਿਭਾਗ ਵਲੋਂ ਐਕਸਟੈਨਸ਼ਨ ਲੈਕਚਰ ਕਰਵਾਇਆ

## ਗੁਰੂ ਨਾਨਕ ਕਾਲਜ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ,ਕਾਮਰਸ ਅਤੇ ਬਿਜਨੈਸ ਮੈਨੇਜਮੈਂਟ ਵਿਭਾਗ ਵਲੋਂ ਐਕਸਟੈਨਸ਼ਨ ਲੈਕਚਰ ਕਰਵਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਫ਼ਗਵਾੜਾ 28 ਮਾਰਚ (ਸ਼ਿਵ ਕੌੜਾ) ਗੁਰੂ ਨਾਨਕ ਕਾਲਜ ਸੁਖਚੈਨਆਣਾ ਸਾਹਿਬ,ਫਗਵਾੜਾ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਕਾਮਰਸ ਅਤੇ ਬਿਜਨੈਸ ਮੈਨੇਜਮੈਂਟ ਵਿਭਾਗ ਵਲੋਂ ਐਕਸਟੈਨਸ਼ਨ ਲੈਕਚਰ ਕਰਵਾਇਆl ਇਸ ਮੌਕੇ ਸ.ਹਰਪ੍ਰੀਤ ਸੀਹਰਾ ਐਨ.ਐਲ.ਪੀ. ਐਕਸਪਰਟ ਐਂਡ ਲਾਈਫ ਕੋਚ ਲੈ੍ਕਚਰ ਦੇਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਲੈ੍ਕਚਰ ਦੀ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਜਤਿੰਦਰਪਾਲ ਸਿੰਘ ਪਲਾਹੀ ਜੀ ਨੇ ਸ਼ਲਾਘਾ ਕੀਤੀl ਕਾਲਜ ਪ੍ਰਿੰਸੀਪਲ ਡਾ.ਗੁਰਦੇਵ ਸਿੰਘ ਰੰਧਾਵਾ ਜੀ ਨੇ ਸ.ਹਰਪ੍ਰੀਤ ਸੀਹਰਾ ਐਨ.ਐਲ.ਪੀ. ਐਕਸਪਰਟ ਐਂਡ ਲਾਈਫ ਕੋਚ ਦਾ ਸਵਾਗਤ ਕੀਤਾl ਇਸ ਮੌਕੇ 'ਤੇ ਉਨ੍ਹਾਂ ਨੇ ਆਦਤ ਮਾਸਟਰੀ 'ਤੇ ਦਿੱਤੇ ਵਿਸ਼ਤਾਰ ਲੈਕਚਰ ਵਿੱਚ ਆਦਤਾਂ ਦੀ ਮਹੱਤਤਾ, ਉਨ੍ਹਾਂ ਦੇ ਜੀਵਨ 'ਤੇ ਪ੍ਰਭਾਵ ਅਤੇ ਚੰਗੀਆਂ ਆਦਤਾਂ ਨੂੰ ਵਿਕਸਤ ਕਰਣ ਦੀ ਪ੍ਰਕਿਰਿਆ ਬਾਰੇ ਵਿਸ਼ਤਾਰਪੂਰਵਕ ਚਰਚਾ ਕੀਤੀ ਗਈ ਵਿਦਿਆਰਥੀਆਂ ਨੂੰ ਸਮਝਾਇਆ ਗਿਆ ਕਿ ਆਦਤਾਂ ਸਾਡੀ ਰੋਜ਼ਾਨਾ ਜ਼ਿੰਦਗੀ ਨੂੰ ਪ੍ਰਭਾਵਤ ਕਰਦੀਆਂ ਹਨ ਅਤੇ ਸਫਲਤਾ ਦੀ ਕੁੰਜੀ ਚੰਗੀਆਂ ਆਦਤਾਂ 'ਚ ਵੱਸਦੀ ਹੈ। ਲੈਕਚਰ ਵਿੱਚ ਉਦੇਸ਼ ਨਿਰਧਾਰਣ, ਲਗਾਤਾਰ ਅਭਿਆਸ, ਅਤੇ ਆਤਮ-ਵਿਸ਼ਲੇਸ਼ਣ ਵਾਂਗੇ ਮੁੱਖ ਪਗਾਂ ਤੇ ਜ਼ੋਰ ਦਿੱਤਾ ਗਿਆ। ਮਾੜੀਆਂ ਆਦਤਾਂ ਛੱਡਣ ਅਤੇ ਚੰਗੀਆਂ ਆਦਤਾਂ ਨੂੰ ਵਿਕਸਤ ਕਰਨ ਦੀ ਪ੍ਰਕਿਰਿਆ ਬਾਰੇ ਵੀ ਉਮੀਦਵਾਰਾਂ ਨੂੰ ਗਾਇਡ ਕੀਤਾ ਗਿਆ। ਲੈਕਚਰ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਆਪਣੇ ਪ੍ਰਸ਼ਨ ਪੁਛ ਕੇ ਆਦਤ ਮਾਸਟਰੀ ਬਾਰੇ ਹੋਰ ਜਾਣਕਾਰੀ ਪ੍ਰਾਪਤ ਕੀਤੀ ਸ.ਹਰਪ੍ਰੀਤ ਸੀਹਰਾ ਐਨ.ਐਲ.ਪੀ.ਐਕਸਪਰਟ ਐਂਡ ਲਾਈਫ ਕੋਚ ਦੇ ਭਾਸ਼ਨ ਤੋਂ ਵਿਦਿਆਰਥੀਆਂ ਨੇ ਵਡਮੁੱਲੀ ਜਾਣਕਾਰੀ ਹਾਸਲ ਕੀਤੀ ਇਸ ਮੌਕੇ ਸ.ਹਰਪ੍ਰੀਤ ਸੀਹਰਾ ਐਨ.ਐਲ.ਪੀ.ਐਕਸਪਰਟ ਐਂਡ ਲਾਈਫ ਕੋਚ ਦਾ ਕਾਲਜ ਵੱਲੋਂ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਕਾਮਰਸ ਵਿਭਾਗ ਦੇ ਮੁੱਖੀ ਡਾ.ਮਨਪ੍ਰੀਤ ਕੌਰ ਨੇ ਸ.ਹਰਪ੍ਰੀਤ ਸੀਹਰਾ ਐਨ.ਐਲ.ਪੀ. ਐਕਸਪਰਟ ਐਂਡ ਲਾਈਫ ਕੋਚ ਦਾ ਧੰਨਵਾਦ ਕੀਤਾ ।ਸਟੇਜ ਸਕੱਤਰ ਦੀ ਭੂਮਿਕਾ ਪ੍ਰੋ. ਗੁਰਲੀਨ ਕੌਰ ਵਲੋ ਨਿਭਾਈ ਗਈ। ਇਸ ਮੌਕੇ ਪ੍ਰੋ. ਆਸ਼ੁਤੋਸ਼, ਪ੍ਰੋ.ਕਾਮਨੀ,ਪ੍ਰੋ. ਅਭਿਲਾਸ਼ਾ, ਸ.ਜਤਿੰਦਰ ਸਿੰਘ ਖਾਲਸਾ ਆਦਿ ਹਾਜ਼ਿਰ ਸਨ

# ਪੰਜਾਬ ਸਰਕਾਰ ਦਾ ਵੱਡਾ ਫ਼ੈਸਲਾ, ਹੁਣ ਦਫ਼ਤਰਾਂ 'ਚੋਂ ਨਿਕਲਣਗੇ DC ਪਿੰਡਾਂ 'ਚ ਪਾਉਣਗੇ ਫੇਰੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਪੰਜਾਬ 'ਚ ਜ਼ਿਲ੍ਹਿਆਂ ਦੇ ਡੀਸੀ ਹੁਣ ਹਫ਼ਤੇ ਵਿੱਚ ਚਾਰ ਦਿਨ ਪਿੰਡਾਂ ਅਤੇ ਸ਼ਹਿਰਾਂ ਦਾ ਦੌਰਾ ਕਰਨਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਸੁਣਨਗੇ। ਨਾਲ ਹੀ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਡੀਸੀ ਕਿਸ ਪਿੰਡ ਜਾਂ ਸ਼ਹਿਰ ਦਾ ਦੌਰਾ ਕਰਨਗੇ, ਉਸ ਬਾਰੇ ਪਹਿਲਾਂ ਐਲਾਨ ਕੀਤਾ ਜਾਵੇਗਾ, ਤਾਂ ਜੋ ਹਰ ਕੋਈ ਡੀਸੀ ਦੇ ਦੌਰੇ ਦਾ ਲਾਭ ਲੈ ਸਕੇ। ਇਹ ਮੁਹਿੰਮ ਸਰਕਾਰ-ਆਪਕੇ ਦੁਆਰ ਮੁਹਿੰਮ ਤਹਿਤ ਚੱਲੇਗੀ।

ਇਹ ਜਾਣਕਾਰੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪ੍ਰੈਸ ਕਾਨਫਰੰਸ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਨਾਲ ਆਮ ਲੋਕਾਂ ਨੂੰ ਕਾਫੀ ਫਾਇਦਾ ਹੋਵੇਗਾ। ਡੀਸੀ ਸ਼ਨੀਵਾਰ, ਐਤਵਾਰ, ਸੋਮਵਾਰ ਅਤੇ ਮੰਗਲਵਾਰ ਨੂੰ ਦੌਰਾ ਕਰਨਗੇ। ਇਸ ਦੇ ਨਾਲ ਹੀ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਕੀਮਾਂ ਬਾਰੇ ਵੀ ਫੀਡਬੈਕ ਲਿਆ ਜਾਵੇਗਾ। ਇਹ ਰਿਪੋਰਟ ਸਰਕਾਰ ਤੱਕ ਪਹੁੰਚ ਜਾਵੇਗੀ। ਇਸ ਤੋਂ ਬਾਅਦ ਸਰਕਾਰ ਵੱਲੋਂ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ।

# ਮੁਲਾਜਮਾਂ ਤੇ ਪੈਨਸ਼ਨਰਾਂ ਨੂੰ ਪੰਜਾਬ ਸਰਕਾਰ ਦਾ ਦਿਸ਼ਾ ਹੀਣ ਤੇ ਚਲਾਕੀਆਂ ਭਰਿਆ ਬਜਟ ਅਗਨ ਭੇਂਟ ਰੈਲੀ ਕਰਕੇ ਕੀਤਾ- ਨਿਰਮਲ ਸਿੰਘ ਧਾਲੀਵਾਲ, ਦਰਸ਼ਨ ਸਿੰਘ ਲੁਬਾਣਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਪਟਿਆਲਾ 28 ਮਾਰਚ 2025(ਬੇਅੰਤ ਸਿੰਘ ਰੋਹਟੀ ਖਾਸ): ਅੱਜ ਇੱਥੇ ਮਿੰਨੀ ਸਕੱਤਰੇਤ ਪਟਿਆਲਾ ਦੇ ਸਾਹਮਣੇ ਪ.ਸ.ਸ.ਫ. (1680) ਦੇ ਚੇਅਰਮੈਨ ਅਤੇ ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਪ.ਸ.ਸ.ਫ. ਦੇ ਪ੍ਰਧਾਨ ਅਤੇ ਕਲਾਸ ਫੋਰਥ ਜਥੇਬੰਦੀ ਦੇ ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾ ਅਤੇ ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਦੀ ਅਗਵਾਈ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਤਰ ਹੋਏ ਮੁਲਾਜਮਾਂ—ਮਜਦੂਰਾਂ ਨੇ ਪੰਜਾਬ ਦੇ ਵਿੱਤ ਮੰਤਰੀ ਵਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਮੁਲਾਜਮ—ਮਜਦੂਰ, ਠੇਕਾ ਮੁਲਾਜਮ, ਸਕੀਮ ਵਰਕਰਾਂ, ਸੇਵਾ ਮੁਕਤ ਕਰਮਚਾਰੀਆਂ, ਬੇਰੁਜਗਾਰਾਂ, ਸਨਅਤੀ ਵਰਕਰਾਂ, ਆਮ ਗਰੀਬ ਕਿਸਾਨ, ਖੇਤ ਮਜਦੂਰ ਅਤੇ ਦੱਬੇ—ਕੁਚਲੇ ਲੋਕਾਂ ਵਿਰੋਧੀ ਬਜ਼ਟ ਦਾ ਜਬਰਦਸਤ ਵਿਰੋਧ ਕਰਦੇ ਹੋਏ “ਬਜਟ ਦੀਆਂ ਕਾਪੀਆਂ ਅਗਨ ਭੇਂਟ ਕਰਕੇ ਸਾੜੀਆਂ” ਅਤੇ ਜ਼ੋਰਦਾਰ ਮੁਜਾਹਰਾ ਕਰਦੇ ਹੋਏ ਪੰਜਾਬ ਸਰਕਾਰ ਵਿਰੁੱਧ ਜਮਕੇ ਨਾਅਰੇਬਾਜੀ ਕਰਕੇ ਪਿੱਟ ਸਿਆਪਾ ਕੀਤਾ। ਮੁਜਾਹਰਾਕਾਰੀਆਂ ਨੂੰ ਸਰਵ ਸ੍ਰੀ ਦਰਸ਼ਨ ਸਿੰਘ ਲੁਬਾਣਾ, ਨਿਰਮਲ ਸਿੰਘ ਧਾਲੀਵਾਲ, ਰਣਜੀਤ ਸਿੰਘ ਰਾਣਵਾ ਤੋਂ ਇਲਾਵਾ ਬਲਜਿੰਦਰ ਸਿੰਘ, ਜਗਮੋਹਨ ਨੋਲੱਖਾ, ਉਤਮ ਸਿੰਘ ਬਾਗੜੀ, ਰਾਮ ਲਾਲ ਰਾਮਾ ਨੇ ਸਰਕਾਰ ਦੀ ਜ਼ੋਰਦਾਰ ਨਿਖੇਧੀ ਕਰਦਿਆਂ ਸੰਬੋਧਨ ਕੀਤਾ।

ਇਸ ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਵਿੱਤ ਮੰਤਰੀ ਵਲੋਂ ਪੇਸ਼ ਕੀਤੇ ਬਜਟ ਵਿੱਚ ਮੁਲਾਜਮਾਂ—ਮਜਦੂਰਾਂ ਨਾਲ ਧੋਖਾ ਕੀਤਾ ਗਿਆ ਹੈ। ਇੱਕ ਪਾਸੇ ਵਿੱਤ ਮੰਤਰੀ ਵਲੋਂ ਬਜਟ ਸਪੀਚ ਵਿੱਚ ਕਰਮਚਾਰੀਆਂ ਨੂੰ ਪ੍ਰਸ਼ਾਸ਼ਨ ਦੀ ਰੀੜ ਦੀ ਹੱਡੀ ਦੱਸਿਆ ਗਿਆ ਹੈ। ਦੂਸਰੇ ਪਾਸੇ ਇਸ ਵਰਗ ਨੂੰ ਪੂਰੀ ਤਰ੍ਹਾਂ ਨਜਰ ਅੰਦਾਜ ਕਰਦਿਆਂ ਉਨ੍ਹਾਂ ਦੇ ਪੱਲੇ ਕੱਖ ਨਹੀਂ ਪਾਇਆ। ਪੇ ਕਮਿਸ਼ਨ ਦੇ 14000 ਹਜਾਰ ਕਰੋੜ ਰੁਪਏ ਬਕਾਇਆ ਦਾ ਚਲਾਕੀ ਭਰਿਆ ਜਿਕਰ ਤਾਂ ਬਜਟ ਵਿੱਚ ਹੈ ਪਰ ਪੈਸਾ ਕੋਈ ਰਾਖਵਾ ਨਹੀਂ ਰੱਖਿਆ ਗਿਆ। ਕਿਹਾ ਗਿਆ ਕਿ ਬਕਾਏ ਦੇਣ ਲਈ ਇੱਕ ਢਾਂਚਾਗਤ ਯੋਜਨਾ ਬਣਾਈ ਗਈ ਹੈ। ਉਸ ਯੋਜਨਾ ਦੀ ਮਕਾਰੀ ਦਾ ਮੁਲਾਜਮ ਵਰਗ ਨੂੰ ਪਤਾ ਹੈ ਕਿ ਇਹ ਭੁਗਤਾਨ ਸਾਲ 2029 ਤੱਕ ਕੀਤਾ ਜਾਵੇਗਾ ਜਦੋਂ ਕਿ ਸਰਕਾਰ ਦੀ ਮਿਆਦ 2027 ਚੜ੍ਹਦੇ ਹੀ ਖਤਮ ਹੋ ਜਾਣੀ ਹੈ। ਭਾਵ ਕਿ 2016 ਦੇ ਪੇ ਕਮਿਸ਼ਨ ਦਾ ਬਕਾਇਆ 13 ਸਾਲ ਵਿੱਚ ਦਿੱਤਾ ਜਾਵੇਗਾ। ਡੀ.ਏ. ਦਾ ਬਕਾਇਆ ਵੱਖ ਖੜ੍ਹਾ ਹੈ। ਡੀ.ਏ. 12 ਫੀਸਦੀ ਘੱਟ ਦਿੱਤਾ ਜਾ ਰਿਹਾ ਹੈ। ਉਲਟਾ ਵਿਕਾਸ ਟੈਕਸ ਦੇ ਨਾਂ ਤੇ ਜਜੀਆ ਉਗਰਾਈਆ ਜਾ ਰਿਹਾ ਹੈ। ਸੱਤਵੇਂ ਪੇ ਕਮਿਸ਼ਨ ਦੇ ਗਠਨ ਦਾ ਕੋਈ ਜਿਕਰ ਨਹੀਂ। ਠੇਕਾ ਕਰਮਚਾਰੀਆਂ ਦੇ ਬੇਕਿਰਕੀ ਨਾਲ ਕੀਤੇ ਜਾ ਰਹੇ ਆਰਥਕ ਸ਼ੋਸ਼ਣ ਬਾਰੇ ਕੋਈ ਜਿਕਰ ਨਹੀਂ। ਜਿਨ੍ਹਾਂ ਨੂੰ 10—12 ਹਜਾਰ ਤਨਖਾਹ ਦੇ ਕੇ ਲੁਟਿਆ ਜਾ ਰਿਹਾ ਹੈ ਨਾ ਹੀ ਉਨ੍ਹਾਂ ਨੂੰ ਰੈਗੂਲਰ ਕਰਨ ਬਾਰੇ ਕੋਈ ਭਰੋਸਾ ਹੈ। ਪੁਰਾਣੀ ਪੈਨਸ਼ਨ ਸਕੀਮ ਵਾਅਦਾ ਕਰਨ ਦੇ ਬਾਵਜੂਦ ਬਹਾਲ ਨਹੀਂ ਕੀਤੀ ਗਈ। 50 ਲੱਖ ਦੇ ਲਗਭਗ ਘੱਟੋ—ਘੱਟ ਉਜਰਤਾਂ ਦੇ ਹੱਕਦਾਰ ਮਜਦੂਰਾਂ ਦੀਆਂ ਉਜਰਤਾਂ ਵਿੱਚ ਪਿਛਲੇ 12 ਸਾਲਾ ਤੋਂ ਕੋਈ ਵਾਧਾ ਨਹੀਂ ਕੀਤਾ ਗਿਆ ਅਤੇ ਬਜਟ ਵਿੱਚ ਇਸ ਬਾਰੇ ਵੱਡੇ ਸਨਅਤਕਾਰਾਂ ਦੇ ਦਬਾਅ ਥੱਲੇ ਅਤੇ ਆਪਣੇ ਦਿੱਲੀ ਵਾਲੇ ਮਾਲਕਾਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਉੱਕਾ ਹੀ ਕੋਈ ਜਿਕਰ ਨਹੀਂ ਕੀਤਾ ਗਿਆ। ਇਹਨਾਂ ਆਮ ਆਦਮੀ ਦੇ ਨਾਂ ਤੇ ਦੰਭ ਕਰਨ ਵਾਲੀ ਨਕਲੀ ਇਨਕਲਾਬੀ ਪਾਰਟੀ ਨੇ ਇਨ੍ਹਾਂ ਮਜਦੂਰਾਂ ਨੂੰ 11000/— ਰੁਪਏ ਉਜਰਤਾਂ ਨਾਲ ਹੀ ਬੰਨਕੇ ਰੱਖਿਆ ਹੋਇਆ ਹੈ। ਜਦ ਕਿ ਅੱਧੇ ਸਨਅਤਕਾਰ ਇਹ ਉਜਰਤਾਂ ਵੀ ਪੂਰੀਆਂ ਨਹੀਂ ਦਿੰਦੇ। ਜਦ ਕਿ ਮਾਨਯੋਗ ਸੁਪਰੀਮ ਕੋਰਟ ਦੇ ਰੈਪਟਾਕੋਸ ਬਰੈਟ ਬਨਾਮ ਵਰਕਮੈਨ ਕੇਸ ਵਿੱਚ ਦਿੱਤੇ ਮਹੱਤਵਪੂਰਨ ਫੈਸਲੇ ਦੀ ਰੋਸ਼ਨੀ ਵਿੱਚ ਘੱਟੋ—ਘੱਟ ਉਜਰਤ 35000/— ਰੁਪਏ ਬਣਦੀ ਹੈ। ਦੂਸਰੇ ਪਾਸੇ ਡਿਫਾਲਟਰ ਸਨਅਤਕਾਰਾਂ ਨੂੰ ਲਗਭਗ 900 ਕਰੋੜ ਰੁਪਏ ਦੀ ਛੋਟ ਦੇ ਕੇ ਖੁਸ਼ ਕੀਤਾ ਗਿਆ ਹੈ। ਕਿਉਂਕਿ ਲੁਧਿਆਣੇ ਦੀ ਜਿਮਨੀ ਚੋਣ ਤੇ ਅੱਖ ਰਖੀ ਹੋਈ ਹੈ। ਬੇਰੁਜਗਾਰੀ ਦੇ ਹੱਲ ਦਾ ਕੋਈ ਰੋਡਮੈਪ ਨਹੀ। ਗਰੀਬ ਕਿਸਾਨਾਂ ਅਤੇ ਖੇਤ ਮਜਦੂਰਾਂ ਲਈ ਕੋਈ ਕਰਜਾ ਮਾਫੀ ਜਾਂ ਛੋਟ ਨਹੀਂ। ਬਜਟ ਭਾਵੇ 236000 ਕਰੋੜ ਰੁਪਏ ਦਾ ਅੰਕੜਾ ਦਰਸਾਉਂਦਾ ਹੈ ਪਰ ਆਮਦਨ ਦੇ ਸਾਧਨਾਂ ਤੋਂ ਇਹ ਬਜਟ ਰਕਮ ਕਿਤੇ ਵੱਧ ਹੈ। ਜਿਸ ਤੋਂ ਸਪਸ਼ਟ ਹੈ ਕਿ ਸਾਲ ਦੇ ਦੌਰਾਨ ਹਰ ਵਰਗ ਤੇ ਸਿੱਧੇ ਅਤੇ ਅਸਿੱਧੇ ਢੰਗ ਨਾਲ ਵਿੱਤੀ ਬੋਝ ਲੱਦਿਆ ਜਾਵੇਗਾ। ਸੀਨੀਅਰ ਸਿਟੀਜਨ ਸੇਵਾ ਮੁਕਤ ਕਰਮਚਾਰੀਆਂ ਦੀ ਪੈਨਸ਼ਨ ਵਿਚੋਂ ਵੀ 200/— ਰੁਪਏ ਪ੍ਰਤੀ ਮਹੀਨਾ ਦੀ ਕਟੌਤੀ ਸ਼ੁਰੂ ਕਰ ਦਿੱਤੀ ਹੈ। ਸਰਕਾਰੀ ਟਰਾਂਸਪੋਰਟ ਮਹਿਕਮੇ ਵਿੱਚ ਤਿੰਨ ਸਾਲਾਂ ਵਿੱਚ ਇੱਕ ਵੀ ਨਵੀਂ ਬੱਸ ਨਹੀਂ ਪਾਈ ਗਈ। ਜਿਸ ਤੋਂ ਪ੍ਰਾਈਵੇਟ ਬਸ ਮਾਫੀਏ ਨਾਲ ਸਿੱਧੀ ਮਿਲੀਭੁਗਤ ਨਜਰ ਆ ਰਹੀ ਹੈ। ਔਰਤਾਂ ਦੇ ਮੁਫ਼ਤ ਸਫਰ ਦੀ ਰਕਮ ਸਾਲ ਵਿੱਚ 900 ਕਰੋੜ ਰੁਪਏ ਤੋਂ ਵੱਧ ਬਣਦੀ ਹੈ ਪਰ ਬਜਟ ਵਿੱਚ ਸਿਰਫ 450 ਕਰੋੜ ਰੁਪਏ ਰੱਖੇ ਗਏ ਹਨ। ਜਿਸਦਾ ਸਿੱਧਾ ਖਮਿਆਜਾ ਪੀ.ਆਰ.ਟੀ.ਸੀ. ਦੇ ਵਰਕਰਾਂ ਦੀਆਂ ਤਨਖਾਹਾਂ—ਪੈਨਸ਼ਨ ਲੇਟ ਮਿਲਣ ਦੇ ਰੂਪ ਵਿੱਚ ਭੁਗਤਣਗੇ ਅਤੇ ਸੇਵਾ ਮੁਕਤੀ ਬਕਾਏ ਜ਼ੋ ਪਹਿਲਾਂ ਹੀ ਡੇਢ ਸਾਲ ਤੋਂ ਨਹੀਂ ਦਿੱਤੇ ਗਏ ਉਹ ਹੋਰ ਵੀ ਲਟਕਣਗੇ। ਸਕੀਮ ਵਰਕਰਾਂ ਜਿਵੇਂ ਕਿ ਆਗਣਵਾੜੀ, ਆਸ਼ਾ ਵਰਕਰ ਅਤੇ ਮਿਡ ਡੇ ਮੀਲ ਵਰਕਰਾਂ ਦੀਆਂ ਸੇਵਾਵਾਂ ਨਿਯਮਤ ਕਰਨ ਦਾ ਕੋਈ ਜਿਕਰ ਤੱਕ ਨਹੀਂ। ਸਫਾਈ ਸੇਵਕਾ ਅਤੇ ਸੀਵਰਮੈਨਾਂ ਦੀਆਂ ਮੁਸ਼ਕਲਾਂ ਅਤੇ ਜ਼ੋਖਮ ਭਰੀਆਂ ਸੇਵਾਵਾਂ ਵਾਲੇ ਵਰਗ ਦੀ ਭਲਾਈ ਲਈ ਕੋਈ ਯੋਜਨਾ ਨਹੀਂ।

ਆਗੂਆਂ ਨੇ ਮੁਜਾਹਰੇ ਵਿੱਚ ਇਕੱਤਰ ਹੋਏ ਮੁਲਾਜਮਾਂ—ਮਜਦੂਰਾਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਇਸ ਸਰਕਾਰ ਨੇ ਸਖਤ ਸੰਘਰਸ਼ਾਂ ਤੋਂ ਬਿਨਾਂ ਕੁੱਝ ਨਹੀਂ ਦੇਣਾ ਜਿਸ ਕਰਕੇ ਸਾਨੂੰ ਤਿਆਰ—ਬਰ ਤਿਆਰ ਰਹਿਣਾ ਚਾਹੀਦਾ ਹੈ।

ਆਗੂਆਂ ਨੇ ਇਹ ਵੀ ਅਪੀਲ ਕੀਤੀ ਕਿ 03 ਅਪ੍ਰੈਲ ਨੂੰ ਮੁਹਾਲੀ ਵਿਖੇ ਲੇਬਰ ਭਵਨ ਦੇ ਸਾਹਮਣੇ ਘੱਟੋ—ਘੱਟ ਉਜਰਤਾਂ 35000/— ਰੁਪਏ ਕਰਨ ਦੀ ਮੰਗ ਨੂੰ ਲੈ ਕੇ ਪੰਜਾਬ ਏਟਕ ਅਤੇ ਸਹਿਯੋਗੀ ਜਥੇਬੰਦੀਆਂ ਵਲੋਂ ਕੀਤੀ ਜਾ ਰਹੀ ਵਿਸ਼ਾਲ ਰੈਲੀ ਵਿੱਚ ਹੁੰਮ ਹੁੰਮਾਕੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਇਆ ਜਾਵੇ।

ਅੱਜ ਦੀ ਰੋਸ ਰੈਲੀ ਵਿੱਚ ਜਿਹੜੇ ਹੋਰ ਆਗੂ ਸ਼ਾਮਲ ਸਨ ਉਨ੍ਹਾਂ ਵਿੱਚ ਸਰਵ ਸ੍ਰੀ ਉਤਮ ਸਿੰਘ ਬਾਗੜੀ, ਭਿੰਦਰ ਸਿੰਘ ਚਹਿਲ, ਸ਼ਿਵ ਚਰਨ, ਰਾਜੇਸ਼ ਗੋਲੂ, ਤਰਲੋਚਨ ਮਾਡੂ, ਸੁਖਵਿੰਦਰ ਸਿੰਘ, ਵਿਕਰਮਜੀਤ ਸਿੰਘ, ਹਰਬੰਸ ਵਰਮਾ, ਪ੍ਰਕਾਸ਼ ਲੁਬਾਣਾ, ਬਲਬੀਰ ਸਿੰਘ, ਮੱਖਣ ਸਿੰਘ, ਵੇਦ ਪ੍ਰਕਾਸ਼, ਹਰਬੰਸ ਵਰਮਾ, ਤਰਲੋਚਨ ਮੰਡੋਲੀ, ਮੇਘ ਰਾਜ, ਮੋਦ ਨਾਥ, ਨਿਸ਼ਾ ਰਾਣੀ, ਚੰਦਰ ਭਾਨ, ਸੁਨੀਲ ਦੱਤ, ਰਾਮ ਕੈਲਾਸ਼, ਰਾਜੇਸ਼ ਕੁਮਾਰ, ਰਾਜ ਕੁਮਾਰ, ਸਤਿਨਰਾਇਣ ਗੋਨੀ, ਸੁਭਾਸ਼ ਆਦਿ ਹਾਜਰ ਸਨ।

# ਕਿਸਾਨਾਂ ਤੇ ਕੀਤੇ ਜ਼ਬਰ ਦੇ ਰੋਸ ਵਜੋਂ ਡੀਸੀ ਦਫਤਰ ਸੰਗਰੂਰ ਅੱਗੇ ਗਰਜੇ ਕਿਸਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਦਲਜੀਤ ਕੌਰ

ਸੰਗਰੂਰ, 28 ਮਾਰਚ, 2025: ਬੀਤੇ ਦਿਨੀ ਪੰਜਾਬ ਅੰਦਰ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਤੇ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਬਰ,ਕਿਸਾਨ ਆਗੂ ਦੀਆਂ ਗਿਰਫਤਾਰੀਆਂ, ਸ਼ੰਭੂ ਅਤੇ ਖਨੌਰੀ ਮੋਰਚਿਆਂ ਤੋਂ ਕਿਸਾਨਾਂ ਦੀਆਂ ਟਰੈਕਟਰ ਟਰਾਲੀਆਂ ਤੇ ਸਮਾਨ ਚੋਰੀ ਕਰਨ, ਲੁੱਟਮਾਰ ਕਰਨ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਅੱਜ ਸੰਗਰੂਰ ਦੀ ਅਨਾਜ ਮੰਡੀ ਵਿੱਚ ਹਜ਼ਾਰਾਂ ਕਿਸਾਨਾਂ ਨੇ ਇਕੱਠੇ ਹੋ ਕੇ ਡੀਸੀ ਦਫਤਰ ਤੱਕ ਰੋਹ ਭਰਪੂਰ ਮੁਜਾਹਰਾ ਕਰਦਿਆਂ 3 ਵਜੇ ਤੱਕ ਰੋਸ ਧਰਨਾ ਦਿੱਤਾ ਅਤੇ ਇਸ ਸਮੇਂ ਆਗੂਆਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਬਰ ਵਿਰੋਧੀ ਤਕਰੀਰਾਂ ਕੀਤੀਆਂ। ਅੱਜ ਇਸ ਜਬਰ ਵਿਰੋਧੀ ਦਿਨ ਤੇ ਭਰਾਤਰੀ ਜਥੇਬੰਦੀਆਂ ਅਤੇ ਔਰਤਾਂ ਨੇ ਵੀ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ। ਡੀਸੀ ਸੰਗਰੂਰ ਰਾਹੀਂ ਗਵਰਨਰ ਪੰਜਾਬ ਦੇ ਨਾਂ ਮੰਗ ਪੱਤਰ ਭੇਜਿਆ ਗਿਆ।

ਅੱਜ ਦੇ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਬੀਕੇਯੂ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ,ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਪ੍ਰਧਾਨ ਕਰਮ ਸਿੰਘ ਬਲਿਆਲ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ, ਬੀਕੇਯੂ ਡਕੌਂਦਾ ਧਨੇਰ ਦੇ ਜ਼ਿਲਾ ਪ੍ਰਧਾਨ ਕਰਮਜੀਤ ਸਿੰਘ ਛੰਨਾ, ਕੁਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਮੇਜਰ ਸਿੰਘ ਪੁੰਨਾਵਾਲ, ਬੀ ਕੇ ਯੂ ਰਾਜੇਵਾਲ ਦੇ ਜਿਲਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ, ਕੁਲ ਹਿੰਦ ਕਿਸਾਨ ਫੈਡਰੇਸ਼ਨ ਦੇ ਸੂਬਾ ਆਗੂ ਕਿਰਨਜੀਤ ਸਿੰਘ ਸੇਖੋਂ, ਜਮਹੂਰੀ ਕਿਸਾਨ ਸਭਾ ਪੰਜਾਬ ਤੇ ਸੂਬਾ ਉਧਮ ਸਿੰਘ ਸੰਤੋਖਪੁਰਾ, ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਸਵਰਨ ਸਿੰਘ ਨਵਾਂਗਾਓ, ਬੀਕੇਯੂ ਲੱਖੋਵਾਲ ਦੇ ਆਗੂ ਜਸਵਿੰਦਰ ਕੌਰ ਪੁਨਾਵਾਲ ਨੇ ਇੱਕਜੁੱਟ ਹੁੰਦਿਆਂ ਭਾਰਤ ਅਮਰੀਕਾ ਵਿਚਾਲੇ ਹੋ ਰਹੇ ਅਨਾਜ ਤੇ ਦੁੱਧ, ਖੇਤੀ ਉਤਪਾਦਾਂ ਦੀਆਂ ਬਰਾਮਦਾਂ ਤੇ ਟੈਕਸ ਘਟਾਉਣ ਸੰਬੰਧੀ ਹੋ ਰਹੇ ਸਮਝੌਤੇ ਨੂੰ ਰੱਦ ਕਰਨ ਅਤੇ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ ਤੇ ਕੀਤੇ ਜ਼ਬਰ ਦੀ ਨਿਖੇਦੀ ਕਰਦਿਆਂ ਗ੍ਰਿਫਤਾਰ ਕੀਤੇ ਕਿਸਾਨਾਂ ਨੂੰ ਰਿਹਾਅ ਕਰਨ, ਕਿਸਾਨਾਂ ਦੀਆਂ ਚੋਰੀ ਹੋਈਆਂ ਟਰੈਕਟਰ ਟਰਾਲੀਆਂ ਸਮੇਤ ਸਾਰਾ ਸਮਾਨ ਵਾਪਸ ਕਰਨ, ਚੋਰੀ ਹੋਏ ਜਾਂ ਨੁਕਸਾਨੇ ਸਮਾਨ ਦੀ ਭਰਪਾਈ ਸਰਕਾਰ ਦੁਆਰਾ ਕਰਨ ਦੀ ਮੰਗ ਕੀਤੀ। ਆਗੂਆਂ ਨੇ ਕਿਹਾ ਕਿ ਭਾਰਤ ਵਿੱਚ 60 ਫੀਸਦੀ ਤੋਂ ਉੱਪਰ ਲੋਕ ਖੇਤੀ ਤੇ ਨਿਰਭਰ ਹਨ ਜੇ ਇਸ ਖੇਤਰ ਉੱਤੇ ਵੀ ਕਾਰਪੋਰੇਟ ਦਾ ਕਬਜ਼ਾ ਹੋ ਗਿਆ ਤਾਂ ਪੇਂਡੂ ਖੇਤਰ ਵਿੱਚ ਵੱਡੀ ਪੱਧਰ ਤੇ ਬੇਰੁਜ਼ਗਾਰੀ ਤੇ ਬਦਹਾਲੀ ਫੈਲ ਜਾਵੇਗੀ ਤੇ ਦੇਸ਼ ਡੂੰਘੇ ਅੰਨ ਸੰਕਟ ਦਾ ਸ਼ਿਕਾਰ ਹੋ ਜਾਵੇਗਾ।

ਅੱਜ ਦੇ ਜ਼ਬਰ ਵਿਰੋਧੀ ਦਿਨ ਤੇ ਸੰਯੁਕਤ ਕਿਸਾਨ ਮੋਰਚੇ ਨਾਲ ਇੱਕਮੁੱਠਤਾ ਜਾਹਿਰ ਕਰਦਿਆਂ ਬੀਕੇਯੂ ਏਕਤਾ ਆਜ਼ਾਦ ਦੇ ਆਗੂ ਸੰਤ ਰਾਮ ਛਾਜਲੀ, ਆਂਗਣਵਾੜੀ ਵਰਕਰ ਯੂਨੀਅਨ ਦੀ ਕੁੱਲ ਹਿੰਦ ਪ੍ਰਧਾਨ ਊਸ਼ਾ ਰਾਣੀ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਨਰਲ ਸਕੱਤਰ ਬਿਕਰ ਸਿੰਘ ਹਥੋਆ, ਆਈਡੀਪੀ ਦੇ ਆਗੂ ਕਰਨੈਲ ਸਿੰਘ ਜਖੇਪਲ, ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਭੁਟਾਲ, ਸੀਟੂ ਆਗੂ ਦੇਵਰਾਜ ਵਰਮਾ, ਵੇਰਕਾ ਆਊਟਸੋਰਸ ਵਰਕਰ ਯੂਨੀਅਨ ਦੇ ਆਗੂ ਸੰਦੀਪ ਸੰਧੂ ਨੇ ਭਗਵੰਤ ਮਾਨ ਸਰਕਾਰ ਦੁਆਰਾ ਕਿਸਾਨਾਂ ਦੇ ਸੰਘਰਸ਼ ਤੇ ਕੀਤੇ ਜਬਰ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਦੀ ਕਰਦਿਆਂ ਕਿਹਾ ਕਿ ਸਰਕਾਰ ਦੇ ਜਬਰ ਖਿਲਾਫ ਸਾਰੇ ਕਿਰਤੀ ਲੋਕ ਇੱਕਜੁੱਟ ਹੋ ਕੇ ਲੜਾਈ ਲੜਨਗੇ। ਅੱਜ ਦੇ ਰੋਸ ਧਰਨੇ ਨੂੰ ਕਿਸਾਨ ਆਗੂ ਜਰਨੈਲ ਸਿੰਘ ਜਹਾਂਗੀਰ, ਅਮਰੀਕ ਸਿੰਘ ਗੰਡੂਆਂ, ਜਸਵੀਰ ਕੌਰ ਉਗਰਾਹਾਂ, ਰਣਧੀਰ ਸਿੰਘ ਭੱਟੀਵਾਲ, ਸਤਨਾਮ ਸਿੰਘ ਕਿਲਾ, ਕਸ਼ਮੀਰ ਸਿੰਘ ਘਰਾਚੋਂ, ਮੰਗਤ ਰਾਮ ਲੌਂਗੋਵਾਲ, ਇੰਦਰਪਾਲ ਸਿੰਘ ਪੂਨਾਵਾਲ ਨੇ ਵੀ ਸੰਬੋਧਨ ਕੀਤਾ।

# ਵਿਧਾਇਕ ਡਾਕਟਰ ਨਛੱਤਰ ਪਾਲ ਵੱਲੋਂ ਪੰਜਾਬ ਵਿਧਾਨ ਸਭਾ ਚ ਬੁੱਧ ਪੂਰਨਿਮਾ ਤੇ ਛੁੱਟੀ ਕਰਨ ਦੀ ਮੰਗ ਅਤੇ ਬੋਧ ਗਯਾ ਦੇ ਅੰਦੋਲਨ ਦਾ ਸਮਰਥਨ ਕਰਨਾ ਸ਼ਲਾਘਾਯੋਗ ਕਦਮ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਬੰਗਾ( ਚਰਨਜੀਤ ਸੱਲ੍ਹਾ )ਬੋਧੀ ਭਾਈਚਾਰੇ ਨੇ ਵਿਧਾਇਕ ਡਾਕਟਰ ਨਛੱਤਰ ਪਾਲ ਦਾ ਕੀਤਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਡਾਕਟਰ ਅੰਬੇਡਕਰ ਮੈਮੋਰੀਆਲ ਕਮੇਟੀ ਪੰਜਾਬ ਤੇ ਗਰੇਟ ਬ੍ਰਿਟੇਨ ਅਤੇ ਬੋਧੀ ਭਾਈਚਾਰੇ ਨੇ ਨਵਾਂ ਸ਼ਹਿਰ ਤੋਂ ਬਸਪਾ ਵਿਧਾਇਕ ਡਾਕਟਰ ਨਛੱਤਰ ਪਾਲ ਵੱਲੋਂ ਪੰਜਾਬ ਵਿਧਾਨ ਸਭਾ ਅੰਦਰ ਬੋਲਦਿਆਂ ਬੋਧ ਗਯਾ ਦੇ ਮਹਾਂਬੁੱਧ ਵਿਹਾਰ ਦੀ ਮੁਕਤੀ ਲਈ ਚੱਲ ਰਹੇ ਅੰਦੋਲਨ ਦਾ ਸਮਰਥਨ ਕਰਨ ਅਤੇ ਬੁੱਧ ਪੂਰਨਿਮਾ ਦੀ ਸਰਕਾਰੀ ਛੁੱਟੀ ਕਰਨ ਦੀ ਮੰਗ ਕਰਨ ਤੇ ਧੰਨਵਾਦ ਕੀਤਾ। ਪੰਜਾਬ ਕਮੇਟੀ ਦੇ ਪ੍ਰਧਾਨ ਐਡਵੋਕੇਟ ਕੁਲਦੀਪ ਭੱਟੀ ਤੇ ਦੇਵ ਸੁਮਨ ਯੂਕੇ ਨੇ ਬੋਧੀ ਭਾਈਚਾਰੇ ਵੱਲੋਂ ਵਿਧਾਇਕ ਡਾਕਟਰ ਨਛੱਤਰਪਾਲ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਆਂ ਕਿਹਾ ਕਿ ਵਿਧਾਇਕ ਡਾਕਟਰ ਨਛੱਤਰ ਪਾਲ ਵੱਲੋਂ ਪੰਜਾਬ ਵਿਧਾਨ ਸਭਾ ਚ ਬੁੱਧ ਪੂਰਨੀਮਾ ਦੀ ਸਰਕਾਰੀ ਛੁੱਟੀ ਦੀ ਮੰਗ ਕਰਨਾ ਅਤੇ ਬੋਧ ਗਯਾ ਦੇ ਮਹਾਂ ਬੁੱਧ ਬਿਹਾਰ ਨੂੰ ਆਜ਼ਾਦ ਕਰਵਾਉਣ ਲਈ ਚੱਲ ਰਹੇ ਅੰਦੋਲਨ ਦਾ ਸਮਰਥਨ ਕਰਨਾ ਬਹੁਤ ਹੀ ਸ਼ਲਾਂਘਾ ਯੋਗ ਕਦਮ ਹੈ। ਉਕਤ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਬੋਧੀ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਬੁੱਧ ਪੂਰਨਿਮਾ ਦੀ ਛੁੱਟੀ ਦਾ ਐਲਾਨ ਤੁਰੰਤ ਕਰੇ ਅਤੇ



ਕੇਂਦਰ ਦੀ ਸਰਕਾਰ ਬੋਧ ਗਯਾ ਦਾ ਮਹਾ ਬੁੱਧ ਬਿਹਾਰ ਬੋਧੀ ਭਾਈਚਾਰੇ ਦੇ ਹਵਾਲੇ ਕਰਨ ਲਈ ਢੁਕਵੇਂ ਕਦਮ ਚੁੱਕੇ ਤਾਂ ਜੋ ਬਾਕੀ ਧਰਮਾਂ ਦੀ ਤਰਹਾਂ ਬੋਧੀਆਂ ਦੇ ਧਾਰਮਿਕ ਸਥਾਨਾਂ ਦਾ ਪ੍ਰਬੰਧ ਵੀ ਸਿਰਫ ਬੋਧੀਆਂ ਕੋਲ ਹੀ ਰਹੇ ।

# ਪਿੰਡ ਬੀਕਾ ਵਿਖੇ ਚਾਰ ਰੋਜ਼ਾ ਫੁੱਟਬਾਲ ਟੂਰਨਾਮੈਂਟ ਸੁਰੂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



(ਚਰਨਜੀਤ ਸੱਲਾਂ) ਅੱਜ ਬੰਗਾ ਹਲਕੇ ਦੇ ਮਸਹੂਰ ਪਿੰਡ ਬੀਕਾ ਵਿਖੇ ਪਿੰਡ ਦੀ ਯੂਥ ਫੁੱਟਬਾਲ ਸਪੋਰਟਸ ਕਲੱਬ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਚਾਰ ਰੋਜ਼ਾ ਫੁੱਟਬਾਲ ਟੂਰਨਾਮੈਂਟ ਸੁਰੂ ਕਰਵਾਇਆ ਗਿਆ। ਟੂਰਨਾਮੈਂਟ ਦਾ ਉਦਘਾਟਨ ਪਿੰਡ ਦੇ ਨੌਜਵਾਨ ਰਵਿੰਦਰ ਸਿੰਘ ਬੀਕਾ ਸੁਪਰਡੈਂਟ ਸਹਿਕਾਰਤਾ ਆਡਿਟ ਵਿਭਾਗ ਪੰਜਾਬ ਵਲੋਂ ਕੀਤਾ ਗਿਆ। ਰਵਿੰਦਰ ਸਿੰਘ ਬੀਕਾ ਵਲੋਂ ਪਹਿਲੇ ਮੈਚ ਦੇ ਖਿਡਾਰੀਆਂ ਨਾਲ ਮੁਲਾਕਾਤ ਵੀ ਕੀਤੀ ਤੇ ਦੋਹਾਂ ਟੀਮਾਂ ਦੇ ਖਿਡਾਰੀਆਂ ਨੂੰ ਪਿਆਰ ਭਾਵਨਾ ਨਾਲ ਖੇਡਣ ਲਈ ਪ੍ਰੇਰਿਆ। ਇਸ ਮੌਕੇ ਪਿੰਡ ਦੀ ਪੰਚਾਇਤ ਜਸਵਿੰਦਰ ਕੌਰ ਸਰਪੰਚ ਨੀਲਮ ਰਾਣੀ ਪੰਚ ਰਛਪਾਲ ਕੌਰ ਪੰਚ ਜਰਨੈਲ ਸਿੰਘ ਪੰਚ ਕੰਵਲਜੀਤ ਸਿੰਘ ਪੰਚ ਰਣਵੀਰ ਸਿੰਘ ਪੰਚ ਮਨਜੀਤ ਸਿੰਘ ਪਰਮਜੀਤ ਪੰਮੀ ਅਤੇ ਇੰਟਰਨੈਸ਼ਨਲ ਖਿਡਾਰੀ ਬੱਲੂ ਮੁਕਲ ਕੁਮਾਰ ਤੇ ਸਮੂਹ ਪਿੰਡ ਵਾਸੀ ਹਾਜ਼ਰ ਸਨ

# ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ ਦੀ ਜ਼ਰੂਰੀ ਮੀਟਿੰਗ, ਵਿੱਚ ਲਏ ਅਹਿਮ ਫੈਸਲੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਪਟਿਆਲਾ ਦੀ ਜ਼ਰੂਰੀ ਮੀਟਿੰਗ ਮਿਤੀ 28 ਮਾਰਚ 2025 ਦਿਨ ਸ਼ੁੱਕਰਵਾਰ ਨੂੰ ਸ੍ਰੀ ਗੁਰੂ ਰਵਿਦਾਸ ਹਰਮਿੰਦਰ ਸਾਹਿਬ ਫੈਕਟਰੀ ਏਰੀਆ ਪਟਿਆਲਾ ਵਿਖੇ ਹੋਈ। ਮੀਟਿੰਗ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸ, ਅਜੀਤ ਸਿੰਘ ਭੈਣੀ ਸੂਬਾ ਇੰਚਾਰਜ ਬਸਪਾ ਜੀ ਨੇ ਸ਼ਮੂਲੀਅਤ ਕੀਤੀ। ਸ ਬਲਦੇਵ ਸਿੰਘ ਮਹਿਰਾ ਜਰਨਲ ਸਕੱਤਰ ਪੰਜਾਬ ਵਿਸ਼ੇਸ਼ ਮਹਿਮਾਨ, ਸ ਜੋਗਾ ਸਿੰਘ ਪਨੋਦੀਆ,ਸ, ਅਮਰਜੀਤ ਸਿੰਘ ਜਲੂਰ (ਸਾਰੇ ਪਟਿਆਲਾ ਜੋਨ ਇੰਚਾਰਜ) ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਜ਼ਿਲ੍ਹਾ ਬਾਡੀ, ਸਾਰੀਆਂ ਵਿਧਾਨ ਸਭਾ ਕਮੇਟੀਆਂ,ਬੀ ਵੀ ਐਫ਼, ਬਹੁਤ ਸਾਰੇ ਸਰਗਰਮ ਸਾਥੀ ਮੀਟਿੰਗ ਵਿੱਚ ਹਾਜ਼ਰ ਹੋਏ ।ਪੰਜਾਬ ਸੰਭਾਲੋ ਲਹਿਰ ਨੂੰ ਸਫਲ ਬਣਾਉਣ ਲਈ ਅਤੇ ਵਿਧਾਨ ਸਭਾ ਕਮੇਟੀਆਂ ਨੂੰ ਚੁਸਤ ਦਰੁਸਤ ਬਣਾਉਣ ਲਈ ਜ਼ਿਲ੍ਹਾ ਕੋਆਰਡੀਨੇਟਰ ਲਗਾਏ ਗਏ। ਜ਼ਿਹਨਾ ਵਿਚ ਸਤਵੀਰ ਸਿੰਘ ਨਾਈਵਾਲਾ ਨੂੰ ਵਿਧਾਨ ਸਭਾ ਹਲਕਾ ਸ਼ਤਰਾਣਾ ਦਾ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ। ਇਸੇ ਤਰ੍ਹਾਂ ਸਨੌਰ ਹਲਕੇ ਤੋਂ ਸ ਅੰਗਰੇਜ਼ ਸਿੰਘ,ਸ ਸੁਰਜੀਤ ਸਿੰਘ ਗੋਰੀਆ ਨੂੰ ਵਿਧਾਨ ਸਭਾ ਦਿਹਾਤੀ, ਐਡਵੋਕੇਟ ਜਸਪਾਲ ਸਿੰਘ ਹਲਕਾ ਘਨੌਰ,ਸ ਰੂਪ ਸਿੰਘ ਬਠੋਈ ਨੂੰ ਹਲਕਾ ਸਮਾਣਾ ਲਈ ਜ਼ਿਲ੍ਹਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ। ਬਹੁਜਨ ਸਮਾਜ ਪਾਰਟੀ ਦੀ ਪੰਜਾਬ ਸੰਭਾਲੋ ਲਹਿਰ ਤੋਂ ਪ੍ਰਭਾਵਿਤ ਹੋ ਕੇ ਬਹੁਤ ਸਾਰੇ ਸਾਰੇ ਸਾਥੀਆਂ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਬਸਪਾ ਨੂੰ ਜੁਆਇੰਨ ਕੀਤਾ। ਜ਼ਿਹਨਾ ਵਿਚ ਸ ਹਰਪਾਲ ਸਿੰਘ ਡੰਡੀ,ਸ, ਜਗਤਾਰ ਸਿੰਘ ਕਰਹਾਲੀ ਅਤੇ ਐਡਵੋਕੇਟ ਜਰਨੈਲ ਸਿੰਘ ਪ੍ਰਮੁੱਖ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਇੰਚਾਰਜ ਸ ਅਜੀਤ ਸਿੰਘ ਭੈਣੀ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਲੋਕਾਂ ਨੇ ਸਾਰੀਆਂ ਸਿਆਸੀ ਪਾਰਟੀਆਂ ਦੀ ਸਰਕਾਰ ਬਣਾ ਕੇ ਦੇਖ ਲਿਆਂ ਹੈ ਪਰੰਤੂ ਕਿਸੇ ਵੀ ਸਰਕਾਰ ਨੇ ਬਿਨਾਂ ਲਾਰਿਆਂ ਤੋਂ ਕੁਝ ਨਹੀਂ ਦਿੱਤਾ। ਭ੍ਰਿਸ਼ਟਾਚਾਰ, ਬੇਰੁਜ਼ਗਾਰੀ, ਨਸ਼ਾ, ਖੁਦਕੁਸ਼ੀਆ ਅਤੇ ਪੰਜਾਬ ਸਿਰ ਕਰਜੇ ਦੀ ਪੰਡ ਹੋਰ ਭਾਰੀ ਹੁੰਦੀ ਗਈ ਹੈ। ਇਸ ਲਈ ਆਓ ਆਪਾਂ ਖੁਦ ਆਪਣੇ ਪੰਜਾਬ ਨੂੰ ਸੰਭਾਲੀਏ। ਮੇਜਰ ਸਿੰਘ ਟਿੱਬੀ ਜ਼ਿਲ੍ਹਾ ਪ੍ਰਧਾਨ ਬਸਪਾ ਪਟਿਆਲਾ ਵਲੋਂ ਆਏਂ ਮਹਿਮਾਨਾ ਅਤੇ ਬਸਪਾ ਜੁਆਇੰਨ ਕਰਨ ਵਾਲੇ ਸਾਥੀਆਂ ਨੂੰ ਸਨਮਾਨਤ ਕਰਦੇ ਹਾਜ਼ਰੀਨ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸ ਸੁਖ ਲਾਲ ਜ਼ਿਲ੍ਹਾ ਇੰਚਾਰਜ,ਸ ਰਾਮ ਲਾਲ ਸਿੰਘ ਰਾਠੀਆ ਜ਼ਿਲ੍ਹਾ ਮੀਤ ਪ੍ਰਧਾਨ,ਸ ਗੁਰਮੀਤ ਸਿੰਘ ਬਹਾਦਰਗੜ੍ਹ ਜ਼ਿਲ੍ਹਾ ਕੈਸ਼ੀਅਰ, ਸ ਗੁਰਦਾਸ ਸਿੰਘ ਘੜਾਮਾ ਜ਼ਿਲ੍ਹਾ ਜਰਨਲ ਸਕੱਤਰ, ਸ ਹਰਦੇਵ ਸਿੰਘ ਬਿਸ਼ਨਪੁਰਾ ਜ਼ਿਲ੍ਹਾ ਸਕੱਤਰ, ਸ ਰਾਜਿੰਦਰ ਸਿੰਘ ਚਪੜ ਹਲਕਾ ਪ੍ਰਧਾਨ ਰਾਜਪੁਰਾ,ਸ ਹਰਦੀਪ ਸਿੰਘ ਧਾਲੀਵਾਲ ਹਲਕਾ ਪ੍ਰਧਾਨ ਸਨੌਰ,ਸ ਮੋਹਨ ਲਾਲ ਹਲਕਾ ਪ੍ਰਧਾਨ ਸਮਾਣਾ,ਸ ਬਲਕਾਰ ਸਿੰਘ ਹਰਪਾਲ ਪੁਰ ਹਲਕਾ ਪ੍ਰਧਾਨ ਘਨੌਰ,ਸ ਸੁਖਵਿੰਦਰ ਸਿੰਘ ਕਕਰਾਲਾ ਹਲਕਾ ਪ੍ਰਧਾਨ ਸ਼ਤਰਾਣਾ,ਸ ਰਵੀ ਬਾਲਮੀਕੀ ਹਲਕਾ ਪ੍ਰਧਾਨ ਦਿਹਾਤੀ ਪਟਿਆਲਾ,ਸ ਹਰਵਿੰਦਰ ਸਿੰਘ ਨਰੜੂ ਦਿਹਾਤੀ ਪਟਿਆਲਾ,ਸ, ਜਗਮੇਲ ਸਿੰਘ ਜੱਸਲ ਦਫਤਰ ਸਕੱਤਰ ਆਦਿ ਹਾਜ਼ਰ ਸਨ। ਨਵੇਂ ਜੁਆਇੰਨ ਕਰਨ ਵਾਲੇ ਸਾਥੀਆਂ ਸ ਜਰਨੈਲ ਸਿੰਘ ਐਡਵੋਕੇਟ, ਅਤੇ ਸ, ਮਲਕੀਤ ਸਿੰਘ ਡੀ ਪੀ ਈ ਨੂੰ ਜ਼ਿਲ੍ਹਾ ਸਕੱਤਰ ਤਾਇਨਾਤ ਕੀਤਾ ਗਿਆ।

# ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਡੀ.ਸੀ.ਦਫਤਰ ਅੱਗੇ ਮਹੀਨਾਵਾਰ ਤੀਜਾ ਬਨੇਗਾ ਐਕਸ਼ਨ ਡੇਅ ਪ੍ਰਦਰਸ਼ਨ

## ਪੰਜਾਬ ਸਰਕਾਰ ਨੇ ਚੌਥੇ ਬਜਟ ਵਿੱਚ ਵੀ ਨੌਜਵਾਨਾਂ ਦੇ ਰੁਜ਼ਗਾਰ ਨੂੰ ਅੱਖੋਂ ਪਰੋਖੇ ਕੀਤਾ :- ਚਰਨਜੀਤ ਚਮੇਲੀ, ਅੰਜੂ ਰਾਜੇਵਾਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਫਰੀਦਕੋਟ 28 ਮਾਰਚ ( ) ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਹਰ ਇੱਕ ਲਈ ਰੁਜ਼ਗਾਰ ਦੀ ਗਰੰਟੀ ਕਰਦੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਦੀ ਪ੍ਰਾਪਤੀ ਲਈ ਅਤੇ 6 ਘੰਟੇ ਦੀ ਕਾਨੂੰਨ ਕੰਮ ਦਿਹਾੜੀ ਲਾਗੂ ਕਰਵਾਉਣ ਲਈ ਹਰ ਮਹੀਨੇ ਦੇ ਚੌਥੇ ਸ਼ੁੱਕਰਵਾਰ ਪੰਜਾਬ ਸਮੂਹ ਡੀ ਸੀ ਦਫਤਰਾਂ ਅਤੇ ਐਸ ਡੀ ਐਮ ਦਫਤਰਾਂ 'ਬਨੇਗਾ ਐਕਸ਼ਨ ਡੇਅ' ਮਨਾਉਣ ਦੇ ਫੈਸਲੇ ਮੁਤਾਬਿਕ ਅੱਜ ਇਥੇ ਡੀ.ਸੀ. ਦਫਤਰ ਵਿਖੇ ਨੌਜਵਾਨਾਂ ਅਤੇ ਵਿਦਿਆਰਥੀਆਂ ਵੱਲੋਂ ਲਗਾਤਾਰ ਤੀਜਾ ਬਨੇਗਾ ਪ੍ਰਦਰਸ਼ਨ ਕੀਤਾ ਗਿਆ ਜਿਸ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਚਰਨਜੀਤ ਚਮੇਲੀ, ਜ਼ਿਲ੍ਹਾ ਆਗੂ ਅੰਜੂ ਕੌਰ ਰਾਜੇਵਾਲ, ਜ਼ਿਲ੍ਹਾ ਆਗੂ ਗੋਰਾ ਪਿਪਲੀ, ਵਿਦਿਆਰਥੀ ਆਗੂ ਰੁਪਿੰਦਰ ਕੌਰ ਅਤੇ ਗਗਨਦੀਪ ਕੌਰ ਨੇ ਕੀਤੀ ਇਸ ਮੌਕੇ ਵੱਖ ਵੱਖ ਪਿੰਡਾਂ ਅਤੇ ਵਿਦਿਅਕ ਅਦਾਰਿਆਂ ਵਿੱਚੋਂ ਨੌਜਵਾਨਾਂ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਏਥੇ ਰੁਜ਼ਗਾਰ ਨਾ ਹੋਣ ਕਾਰਨ ਵਿਦੇਸ਼ਾਂ ਵੱਲ ਜਾ ਰਹੀ ਹੈ ਪੰਜਾਬ ਵਿਚ ਘਰਾਂ ਦੇ ਘਰ ਖਾਲੀ ਹੋ ਰਹੇ ਹਨ ਤਾਂ ਸਮੇਂ ਲੋੜ ਬਣ ਜਾਂਦੀ ਹੈ ਕਿ ਉਨ੍ਹਾਂ ਨੌਜਵਾਨਾਂ/ਵਿਦਿਆਰਥੀਆਂ ਜਿਨ੍ਹਾਂ ਨੂੰ ਕੋਈ ਰਾਸਤਾ ਦਿਖਾਈ ਨਹੀਂ ਦੇ ਰਿਹਾ ਅਤੇ ਨਾ ਹੀ ਸਮੇਂ ਦੀਆਂ ਸਰਕਾਰਾਂ ਉਹਨਾਂ ਦੀ ਯੋਗਤਾ ਦਾ ਮੁੱਲ ਪਾ ਰਹੀਆਂ ਹਨ ਨੂੰ ਸਹੀ ਸੇਧ ਦੇਣ ਲਈ ਲਾਮਬੰਦ ਕੀਤਾ ਜਾਵੇ| ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਪੇਸ਼ ਕੀਤੇ ਸਲਾਨਾ ਬਜਟ ਤੇ ਟਿਪਣੀ ਕਰਦਿਆਂ ਕਿਹਾ ਕਿ ਆਪ ਸਰਕਾਰ ਦਾ ਇਹ ਚੌਥਾ ਬਜਟ ਹੈ ਅਤੇ ਪਹਿਲਾਂ ਦੀ ਤਰ੍ਹਾਂ ਇਸ ਬਜ਼ਟ ਵਿੱਚ ਵੀ ਪੰਜਾਬ ਦੀ ਬੇਰੁਜਗਾਰ ਜਵਾਨੀ ਦੇ ਰੁਜ਼ਗਾਰ ਦੇ ਮੁੱਦੇ ਨੂੰ ਅੱਖੋਂ ਪਰੋਖੇ ਕੀਤਾ ਗਿਆ ਹੈ ਜੋ ਕਿ ਨਿਹਾਇਤ ਨਿੰਦਣਯੋਗ ਹੈ।ਉਹਨਾਂ ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੋਵੇਂ ਜੱਥੇਬੰਦੀਆਂ ਪਿਛਲੇ ਲੰਮੇ ਸਮੇਂ ਤੋਂ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ)ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਹੋਵੇ ਲਈ ਕੰਮ ਕਰ ਰਹੀਆਂ ਹਨ।ਇਹ ਕਾਨੂੰਨ ਹਰ 18 ਤੋਂ 58 ਸਾਲ ਦੇ ਮਰਦ-ਇਸਤਰੀ ਨੂੰ, ਹਰ ਹੱਥ ਨੂੰ ਉਸਦੀ ਯੋਗਤਾ ਅਨੁਸਾਰ ਕੰਮ ਅਤੇ ਅਨੁਸਾਰ ਤਨਖਾਹ ਦੀ ਗਰੰਟੀ ਕਰੇਗਾ।ਇਹ ਲਹਿਰ ਦੇਸ਼ ਪੱਧਰ 'ਤੇ ਸਰਗਰਮ ਰੂਪ ਚ ਕੰਮ ਕਰ ਰਹੀ ਹੈ ਜਰੂਰਤ ਹੈ ਇਸਨੂੰ ਹਰ ਘਰ ਤੱਕ ਲੈ ਕੇ ਜਾਇਆ ਜਾਵੇ। ਦੇਸ਼ ਦਾ ਹਰ ਨੌਜਵਾਨ ਇਸਦਾ ਹਿੱਸਾ ਬਣੇ ਤੇ ਅਸੀਂ ਹਰ ਇਕ ਲਈ ਯੋਗਤਾ ਅਨੁਸਾਰ ਕੰਮ ਦੀ ਗਰੰਟੀ ਦਾ ਇਹ ਕਾਨੂੰਨ ਜਿੱਤ ਸਕੀਏ। ਉਹਨਾਂ ਨੌਜਵਾਨਾਂ / ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਆਓ ਇਸ ਲਹਿਰ ਦਾ ਹਿੱਸਾ ਬਣੀਏ। ਪਿੰਡਾਂ ਵਿੱਚ ਇਸ ਤਰ੍ਹਾਂ ਦੇ ਪ੍ਰੋਗਰਾਮ,ਟਰੇਨਿੰਗ ਕੈਂਪ ਜੱਥੇਬੰਦੀਆਂ ਵੱਲੋਂ ਲਗਾਤਾਰ ਹੋ ਰਹੇ ਹਨ ਉਹ ਇਹਨਾਂ ਦਾ ਹਿੱਸਾ ਬਣ ਸਿੱਖਣ ਤੇ ਆਗੂ ਬਣਨ।

ਇਸ ਮੌਕੇ ਪ੍ਰਦਰਸ਼ਨ ਨੂੰ ਵਿਦਿਆਰਥੀ ਆਗੂ ਰਾਜਦੀਪ ਕੌਰ, ਸੌਰਵ ਸਿੰਘ, ਸੁਰਜੀਤ ਸਿੰਘ, ਕਰਨੈਲ ਸਿੰਘ, ਗੁਰਦੀਪ ਸਿੰਘ, ਵੀਰ ਸਿੰਘ ਕੰਮੇਆਣਾ, ਬਲਕਾਰ ਸਿੰਘ ਸਹੋਤਾ ਅਤੇ ਬਸੰਤ ਸਿੰਘ ਭਾਣਾ ਨੇ ਵੀ ਸੰਬੋਧਨ ਕੀਤਾ।

# ਜ਼ਿਲ੍ਹਾ ਪੱਧਰੀ ਮਿਡ ਡੇਅ ਮੀਲ ਕੁੱਕਾਂ ਦੇ ਮੁਕਾਬਲੇ ਕਰਵਾਏ ਗਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com




ਮੋਹਾਲੀ ਮਿਤੀ 28 ਮਾਰਚ () ਪੰਜਾਬ ਸਰਕਾਰ ਅਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਇੱਥੇ ਜ਼ਿਲ੍ਹਾ ਸਿੱਖਿਆ ਐਲੀਮੈਂਟਰੀ ਦੇ ਦਫ਼ਤਰ ਵਿਖੇ ਪੰਜ ਸਿੱਖਿਆ ਬਲਾਕਾਂ ਦੇ ਮਿਡ ਡੇਅ ਮੀਲ ਕੁੱਕਾਂ ਦੇ ਮੁਕਾਬਲੇ ਕਰਵਾਏ ਗਏ। ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡੀਈਓ ਐਲੀਮੈਂਟਰੀ ਪਰਮਿੰਦਰ ਕੌਰ ਵੱਲੋਂ ਦੱਸਿਆ ਗਿਆ ਕਿ ਇਹ ਮੁਕਾਬਲੇ ਸਰਕਾਰੀ ਅਤੇ ਏਡਿਡ ਸਕੂਲਾਂ ਵਿੱਚ ਬੱਚਿਆਂ ਨੂੰ ਦਿੱਤੇ ਜਾਣ ਵਾਲੇ ਪੀ ਐਮ ਭੋਜਨ ਤਹਿਤ ਮਿਡ ਡੇਅ ਮੀਲ ਬਣਾਉਣ ਵਾਲੇ ਵਰਕਰਾਂ ਦਾ ਜ਼ਿਲ੍ਹਾ ਪੱਧਰੀ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਪਹਿਲੇ ਸਥਾਨ ਤੇ ਐੱਸ ਐੱਸ ਜੈਨ ਸਕੂਲ ਬਲਾਕ ਡੇਰਾਬਸੀ-1 ਦੇ ਕੁੱਕ ਮਹਾਰਾਜ ਬਖ਼ਸ਼ ਨੂੰ,ਦੂਜਾ ਸਰਕਾਰੀ ਪ੍ਰਾਇਮਰੀ ਸਕੂਲ ਦਫਰਪੁਰ ਬਲਾਕ ਡੇਰਾਬਸੀ-1 ਦੀ ਕਿਸਮਤੀ ਦੇਵੀ ਨੂੰ ਅਤੇ ਤੀਜਾ ਸਥਾਨ ਸਰਕਾਰੀ ਪ੍ਰਾਇਮਰੀ ਸਕੂਲ ਮੁੰਡੀ ਖਰੜ ਬਲਾਕ ਖਰੜ-1 ਦੀ ਕੁੱਕ ਗੁਰਮੀਤ ਕੌਰ ਨੂੰ ਪ੍ਰਾਪਤ ਹੋਇਆ। ਇਸ ਮੌਕੇ ਡੀਈਓ ਐਲੀਮੈਂਟਰੀ ਸ੍ਰੀ ਦਰਸ਼ਨਜੀਤ ਸਿੰਘ ਵੱਲੋਂ ਜੇਤੂ ਅਤੇ ਭਾਗ ਲੈਣ ਵਾਲੇ ਵਰਕਰਾਂ ਨੂੰ ਇਨਾਮ ਤਕਸੀਮ ਕੀਤੇ ਅਤੇ ਉਹਨਾਂ ਨੂੰ ਸਾਰਿਆਂ ਨੂੰ ਮੁਬਾਰਕਬਾਦ ਦਿੱਤੀ। ਇਸ ਮੁਕਾਬਲੇ ਦਾ ਪ੍ਰਬੰਧ ਜ਼ਿਲ੍ਹਾ ਮਿਡ ਡੇਅ ਮੀਲ ਇੰਚਾਰਜ ਰਸ਼ਪਿੰਦਰ ਕੌਰ ਦੀ ਟੀਮ ਵੱਲੋਂ ਕੀਤਾ ਗਿਆ,ਜਿਸ ਵਿੱਚ ਯਾਦਵਿੰਦਰ ਕੌਰ ਅਤੇ ਲਖਵਿੰਦਰ ਸਿੰਘ ਸਮੇਤ ਹੋਰਨਾਂ ਬਲਾਕਾਂ ਦੇ ਸਹਾਇਕ ਬਲਾਕ ਮਿਡ ਡੇਅ ਮੀਲ ਮੈਨੇਜਰ ਸ਼ਾਮਿਲ ਸਨ। ਸੈਂਟਰ ਹੈਡ ਟੀਚਰ ਸੰਦੀਪ ਕੌਰ ਅਤੇ ਬਲਜੀਤ ਸਿੰਘ ਸਹਾਇਕ ਜ਼ਿਲ੍ਹਾ ਖੇਡ ਕੋਆਰਡੀਨੇਟਰ ਵੀ ਹਾਜ਼ਰ ਸਨ।

# ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਚੱਬੇਵਾਲ ਹਲਕੇ ਦੇ ਸਕੂਲਾਂ 'ਚ ਅਧਿਆਪਕਾਂ ਦੀ ਕਮੀ ਦਾ ਮਾਮਲਾ ਵਿਧਾਨ ਸਭਾ 'ਚ ਰੱਖਿਆ

## ਸਿੱਖਿਆ ਮੰਤਰੀ ਨੇ ਖਾਲੀ ਆਸਾਮੀਆਂ ਜਲਦ ਪੂਰ ਕਰਨ ਦਾ ਦਿੱਤਾ ਭਰੋਸਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਹਲਕਾ ਚੱਬੇਵਾਲ ਵਿਚ ਪ੍ਰਾਇਮਰੀ ਅਤੇ ਸੈਕੰਡਰੀ ਸਕੂਲਾਂ ਵਿਚ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਦਾ ਮਾਮਲਾ ਅੱਜ ਪੰਜਾਬ ਵਿਧਾਨ ਸਭਾ ਵਿਚ ਰੱਖਿਆ ਜਿਸ 'ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਨ੍ਹਾਂ ਖਾਲੀ ਆਸਾਮੀਆਂ ਨੂੰ ਜਲਦ ਭਰਨ ਦਾ ਭਰੋਸਾ ਦਿੱਤਾ। ਡਾ. ਇਸ਼ਾਂਕ ਕੁਮਾਰ ਨੇ ਸਿੱਖਿਆ ਮੰਤਰੀ ਨੂੰ ਅਪੀਲ ਕੀਤੀ ਕਿ ਚੱਬੇਵਾਲ ਹਲਕੇ ਦੇ ਸਕੂਲਾਂ ਵਿਚ ਖਾਲੀ ਆਸਾਮੀਆਂ ਨੂੰ ਜਲਦ ਭਰਿਆ ਜਾਵੇ ਤਾਂ ਜੋ ਸਿੱਖਿਆ ਦੇ ਪੱਧਰ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਮੌਜੂਦਾ ਅੰਕੜਿਆਂ ਅਨੁਸਾਰ ਕਈ ਸਕੂਲ ਹਾਲੇ ਤੱਕ ਵੀ ਅਧਿਆਪਕਾਂ ਦੀ ਭਾਰੀ ਕਮੀ ਦਾ ਸਾਹਮਣਾ ਕਰ ਰਹੇ ਹਨ ਜਿਸ ਬਾਰੇ ਸਿੱਖਿਆ ਮੰਤਰੀ ਨੂੰ ਵਿਸ਼ੇਸ਼ ਤਵੱਜੋਂ ਦਿੰਦਿਆਂ ਆਸਾਮੀਆਂ ਭਰਨੀਆਂ ਚਾਹੀਦੀਆਂ ਹਨ। ਵਿਧਾਇਕ ਦੀ ਅਪੀਲ ਦੇ ਜਵਾਬ ਵਿਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਚੱਬੇਵਾਲ ਹਲਕੇ ਦੇ ਸਕੂਲਾਂ ਵਿਚ ਪਿਛਲੇ ਸਮਿਆਂ ਦੌਰਾਨ ਅਧਿਆਪਕਾਂ ਦੀ ਭਾਰੀ ਕਮੀ ਸੀ ਪਰ ਪੰਜਾਬ ਸਰਕਾਰ ਵਲੋਂ ਹਲਕੇ ਵਿਚ ਕੋਈ ਵੀ ਸਕੂਲ ਅਧਿਆਪਕਾਂ ਤੋਂ ਸੱਖਣਾਂ ਨਹੀਂ ਰਹਿਣ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਸੂਬੇ ਵਿਚ 119 ਪ੍ਰਾਇਮਰੀ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਹੈ ਜਿਸ ਨੂੰ ਜਲਦ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਆਉਂਦੀ 1 ਅਪ੍ਰੈਲ ਨੂੰ 2500 ਈ.ਟੀ.ਟੀ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਦੇਣ ਜਾ ਰਹੇ ਹਨ ਜਿਨ੍ਹਾਂ ਵਿਚੋਂ 700 ਅਧਿਆਪਕ ਹੁਸ਼ਿਆਰਪੁਰ ਜ਼ਿਲ੍ਹੇ ਨੂੰ ਮਿਲਣਗੇ ਜਿਸ ਨਾਲ ਜ਼ਿਲ੍ਹੇ ਦੇ ਸਕੂਲਾਂ ਵਿਚ ਅਧਿਆਪਕਾਂ ਦੀ 99 ਫੀਸਦੀ ਗਿਣਤੀ ਹੋ ਜਾਵੇਗੀ।

# ਡੀਈਓ ਐਲੀਮੈਂਟਰੀ ਦਰਸ਼ਨਜੀਤ ਸਿੰਘ ਵੱਲੋਂ ਲਗਾਤਾਰ ਸਕੂਲਾਂ ਦਾ ਦੌਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਮੋਹਾਲੀ ਮਿਤੀ 28 ਮਾਰਚ () ਸਿੱਖਿਆ ਮੰਤਰੀ ਪੰਜਾਬ ਸ੍ਰੀ ਹਰਜੋਤ ਸਿੰਘ ਬੈਂਸ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਡੀਈਓਜ਼ ਵੱਲੋਂ ਪਹਿਲੇ ਕੁੱਝ ਘੰਟੇ ਸਕੂਲਾਂ ਵਿੱਚ ਦੌਰੇ ਦੀਆਂ ਹਦਾਇਤਾਂ ਅਨੁਸਾਰ ਅੱਜ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਦਰਸ਼ਨਜੀਤ ਸਿੰਘ ਵੱਲੋਂ ਲਗਾਤਾਰ ਸਕੂਲਾਂ ਦੇ ਦੌਰੇ ਜਾਰੀ ਹਨ। ਉਹਨਾਂ ਵੱਲੋਂ ਬਲਾਕ ਮਾਜਰੀ ਅਤੇ ਖਰੜ ਦੇ ਵੱਖ ਵੱਖ ਸਕੂਲਾਂ ਦਾ ਦੌਰਾ ਕਰਕੇ ਬੱਚਿਆਂ ਦੇ ਮੁਲਾਂਕਣ, ਮਿਲ ਰਹੀਆਂ ਬੁਨਿਆਦੀ ਸਹੂਲਤਾਂ ਅਤੇ ਬੁਨਿਆਦੀ ਢਾਂਚੇ ਬਾਰੇ,ਸਿਵਲ ਵਰਕਸ ਦੇ ਕੰਮਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਸਹਾਇਕ ਜ਼ਿਲ੍ਹਾ ਖੇਡ ਕੋਆਰਡੀਨੇਟਰ ਬਲਜੀਤ ਸਿੰਘ ਵੀ ਮੌਜੂਦ ਸਨ।

# ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਅੱਜ ਫਰੀਦਕੋਟ ਪੰਜਾਬ ਸਰਕਾਰ ਦੇ ਬਜਟ ਦੀਆਂ ਕਾਪੀਆਂ ਸਾੜੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਫਰੀਦਕੋਟ , 28ਮਾਰਚ ( ) ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਚੌਥੇ ਬਜਟ ਨੇ ਆਮ ਆਦਮੀ ਪਾਰਟੀ ਦਾ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਵਤੀਰਾ ਚੌਰਾਹੇ ਵਿੱਚ ਨੰਗਾ ਕੀਤਾ ਹੈ। ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਆਪਣੇ ਬਜਟ ਭਾਸ਼ਨ ਦੇ 49 ਨੰਬਰ ਸਫੇ ਤੇ ਮੁਲਾਜ਼ਮਾ ਪ੍ਰਤੀ ਵਰਤੀ ਗਈ ਭਾਸ਼ਾ ਤਾਂ ਪੜਨ ਨੂੰ ਬਹੁਤ ਸੋਹਣੀ ਲੱਗਦੀ ਹੈ ਪਰ ਅੰਦਰੋਂ ਇਹ ਬਜਟ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾ ਲਈ ਖੋਖਲਾ ਸਾਬਿਤ ਹੁੰਦਾ ਹੋਇਆ ਉਹਨਾਂ ਦੀਆਂ ਆਸਾਂ ਉਮੀਦਾਂ ਤੇ ਖਰਾ ਨਹੀਂ ਉਤਰਦਾ। ਇਸ ਕਰਕੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਦੇ ਸੱਦੇ ਅਨੁਸਾਰ ਅੱਜ ਸਥਾਨਕ ਖਜ਼ਾਨਾ ਦਫਤਰ ਸਾਹਮਣੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਇਕੱਠੇ ਹੋ ਕੇ ਪੰਜਾਬ ਸਰਕਾਰ ਦੇ ਖਿਲਾਫ ਤਿੱਖੀ ਨਾਹਰੇਬਾਜ਼ੀ ਕੀਤੀ ਗਈ ਅਤੇ ਇਸ ਬਜਟ ਦੀਆਂ ਕਾਪੀਆਂ ਵੀ ਸਾੜੀਆਂ ਗਈਆਂ। ਇਸ ਐਕਸ਼ਨ ਦੀ ਅਗਵਾਈ ਵੱਖ ਵੱਖ ਜਥੇਬੰਦੀਆਂ ਦੇ ਆਗੂ ਪ੍ਰੇਮ ਚਾਵਲਾ, ਇੰਦਰਜੀਤ ਸਿੰਘ ਖੀਵਾ, ਜਤਿੰਦਰ ਕੁਮਾਰ, ਅਸ਼ੋਕ ਕੌਸ਼ਲ , ਪ੍ਰਿੰਸੀਪਲ ਕ੍ਰਿਸ਼ਨ ਲਾਲ, ਕੁਲਵੰਤ ਸਿੰਘ ਚਾਨੀ, ਸੋਮ ਨਾਥ ਅਰੋੜਾ ਜਗਤਾਰ ਸਿੰਘ ਗਿੱਲ, ਬਿਸ਼ਨ ਦਾਸ ਅਰੋੜਾ , ਅਮਰਜੀਤ ਸਿੰਘ ਵਾਲੀਆ, ਮਨੋਹਰ ਸਿੰਘ ਧੁੰਨਾ, ਹਰਪਾਲ ਸਿੰਘ ਮਚਾਕੀ, ਜਸਵਿੰਦਰ ਸਿੰਘ ਜੌੜਾ , ਸੂਰਤ ਸਿੰਘ ਮਾਹਲਾ, ਦਰਜਾ ਚਾਰ ਮੁਲਾਜ਼ਮ ਆਗੂ ਇਕਬਾਲ ਸਿੰਘ ਢੁੱਡੀ , ਬਲਕਾਰ ਸਿੰਘ ਸਹੋਤਾ , ਆਊਟ ਸੋਰਸ ਮੁਲਾਜ਼ਮਾਂ ਦੇ ਆਗੂ ਹਰਵਿੰਦਰ ਸ਼ਰਮਾ, ਸੁਖਵਿੰਦਰ ਸਿੰਘ ਅਤੇ ਸ਼ਿਵ ਨਾਥ ਦਰਦੀ ਸਕਿਉਰਟੀ ਗਾਰਡ ਮੁਲਾਜ਼ਮਾਂ ਦੇ ਆਗੂ ਅਤੇ ਪੈਨਸ਼ਨਰ ਆਗੂ ਸੁਖਦਰਸ਼ਨ ਸਿੰਘ ਫਰੀਦਕੋਟ ਵੱਲੋਂ ਸਾਂਝੇ ਤੌਰ ਤੇ ਕੀਤੀ ਗਈ। ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਲਗਾਤਾਰ ਲੋਕ, ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਲਾਗੂ ਕਰ ਰਹੇ ਹਨ ਤੇ ਦਮਨਕਾਰੀ ਢੰਗ ਤਰੀਕੇ ਅਪਣਾਕੇ ਸੰਘਰਸ਼ਾਂ ਨੂੰ ਕੁਚਲਣ ਦੇ ਰਾਹ ਪੈ ਗਏ ਹਨ ਇਹ ਰਾਹ ਆਮ ਆਦਮੀ ਪਾਰਟੀ ਦੇ ਖਾਤਮੇ ਵੱਲ ਸਿੱਧਾ ਜਾਵੇਗਾ । ਉਹਨਾਂ ਅੱਗੇ ਦੋਸ਼ ਲਾਇਆ ਕਿ ਹਰ ਗੱਲ ਵਿੱਚ ਰਵਾਇਤੀ ਪਾਰਟੀਆਂ ਨੂੰ ਭੰਡਣ ਵਾਲੀ ਭਗਵੰਤ ਮਾਨ ਸਰਕਾਰ ਮੁਲਾਜ਼ਮ ਵਰਗ ਲਈ ਹੁਣ ਤੱਕ ਦੀ ਸਭ ਤੋਂ ਨਖਿੱਧ ਸਰਕਾਰ ਸਾਬਿਤ ਹੋਈ ਹੈ। ਜਨਵਰੀ 2016 ਤੋਂ ਜੂਨ 2021 ਤੱਕ ਬਣਦੇ ਬਕਾਏ ਨੂੰ ਉਡੀਕਦੇ ਹਜਾਰਾਂ ਪੈਨਸ਼ਨਰ ਇਸ ਦੁਨੀਆ ਨੂੰ ਅਲਵਿਦਾ ਕਹਿ ਗਏ ਹਨ। ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਸਖ਼ਤ ਝਾੜ-ਝੰਬ ਕਰਵਾਉਣ ਤੋਂ ਬਾਅਦ ਹੀ ਬਕਾਏ ਦੇਣ ਬਾਰੇ ਗੱਲ ਕਰਨ ਤੇ ਮਜਬੂਰ ਹੋਈ ਹੈ। ਆਗੂਆਂ ਨੇ ਅੱਗੇ ਕਿਹਾ ਕਿ ਇਸ ਬਕਾਏ ਦੇ ਇਲਾਵਾ ਮਹਿੰਗਾਈ ਭੱਤੇ ਦੀਆਂ 11 ਫੀਸਦੀ ਦੀ ਦਰ ਨਾਲ ਤਿੰਨ ਕਿਸ਼ਤਾਂ ਅਤੇ 250 ਮਹੀਨਿਆਂ ਦਾ ਬਕਾਇਆ ਵੀ ਮਾਨ ਸਰਕਾਰ ਵੱਲ ਖੜ੍ਹਾ ਹੈ ਜਿਸ ਦੀ ਪੰਜਾਬ ਸਰਕਾਰ ਵੱਲੋਂ ਬਜਟ ਵਿੱਚ ਜਿਕਰ ਕਰਨ ਦੀ ਲੋੜ ਵੀ ਨਹੀਂ ਸਮਝੀ ਗਈ। ਇਸ ਦੇ ਇਲਾਵਾ ਕੱਚੇ ਮੁਲਾਜ਼ਮ ਪੱਕੇ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ ਤੇ ਸਰਕਾਰ ਦਾ ਕੋਈ ਖਜਾਨਾ ਖਰਚ ਨਹੀਂ ਹੁੰਦਾ। ਔਰਤਾਂ ਦੀ ਭਲਾਈ ਦੇ ਵੱਡੇ ਦਾਅਵੇ ਕਰਨ ਵਾਲੀ ਮਾਨ ਸਰਕਾਰ ਵੱਲੋ ਆਸ਼ਾ ਵਰਕਰ, ਆਂਗਣਵਾੜੀ ਅਤੇ ਮਿਡ ਡੇਅ ਮੀਲ ਵਰਕਰ ਦੀਆਂ ਉਜਰਤਾਂ/ਮਾਣਭੱਤੇ ਵਿੱਚ ਭੋਰਾ ਵੀ ਵਾਧਾ ਨਾ ਕਰਕੇ ਬਾਕੀ ਠੇਕਾ ਮੁਲਾਜ਼ਮਾਂ ਵਾਂਗ ਹੀ ਅੱਤ ਦਰਜੇ ਦਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਰਮੇਸ਼ ਢੈਪਈ, ਇੰਦਰਜੀਤ ਸਿੰਘ ਗਿੱਲ, ਰਮੇਸ਼ ਕੌਸ਼ਲ, ਗੁਰਚਰਨ ਸਿੰਘ ਮਾਨ, ਸੁਖਚੈਨ ਸਿੰਘ ਥਾਂਦੇਵਾਲਾ, ਪਰਮਾ ਨੰਦ , ਮਨਜੀਤ ਸਿੰਘ, ਰਣਜੀਤ ਸਿੰਘ, ਹਰੀ ਓਮ, ਸੋਹਣ ਸਿੰਘ ਅਜ਼ੀਜ਼, ਕਰਮਜੀਤ ਸਿੰਘ ਬੇਦੀ, ਜਤਿੰਦਰ ਸ਼ਰਮਾ, ਗੁਰਦੇਵ ਸਿੰਘ, ਸੁਰਜੀਤ ਸਿੰਘ ਤੇ ਸ਼ਿਵ ਮੂਰਤ ਆਦਿ ਹਾਜ਼ਰ ਸਨ।

# ਵਿਧਾਇਕ ਜਿੰਪਾ ਨੇ ਵਿਧਾਨ ਸਭਾ ਵਿੱਚ ਮੈਡੀਕਲ ਕਾਲਜ ਦਾ ਜਲਦੀ ਟੈਂਡਰ ਲਗਾਉਣ ਦਾ ਮੁੱਦਾ ਉਠਾਇਆ

## ਸੀਵਰਮੈਨਾਂ ਦੇ ਤਨਖਾਹ ਵਾਧੇ ਦਾ ਮੁੱਦਾ ਵੀ ਜ਼ੋਰਦਾਰ ਢੰਗ ਨਾਲ ਚੁੱਕਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਅੱਜ ਪੰਜਾਬ ਵਿਧਾਨ ਸਭਾ 'ਚ ਹੁਸ਼ਿਆਰਪੁਰ ਦੇ ਸਿਹਤ ਸੰਬੰਧੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਅਹਿਮ ਮੁੱਦੇ ਉਠਾਏ। ਉਨ੍ਹਾਂ ਸਪੀਕਰ ਰਾਹੀਂ ਸਿਹਤ ਮੰਤਰੀ ਨੂੰ ਅਪੀਲ ਕੀਤੀ ਕਿ ਸ਼ਹੀਦ ਉਧਮ ਸਿੰਘ ਸਟੇਟ ਇੰਸਟੀਟਿਊਟ ਆਫ ਮੈਡੀਕਲ ਸਾਇੰਸਜ਼ ਦੇ ਨਿਰਮਾਣ ਕਾਰਜ ਵਿੱਚ ਤੇਜ਼ੀ ਲਿਆਂਦੀ ਜਾਵੇ ਅਤੇ ਇਸ ਦਾ ਟੈਂਡਰ ਜਲਦੀ ਤੋਂ ਜਲਦੀ ਜਾਰੀ ਕੀਤਾ ਜਾਵੇ। ਵਿਧਾਇਕ ਜਿੰਪਾ ਨੇ ਕਿਹਾ ਕਿ ਇਹ ਪ੍ਰੋਜੈਕਟ ਸ਼ਹਿਰ ਅਤੇ ਆਸਪਾਸ ਦੇ ਇਲਾਕਿਆਂ ਲਈ ਬਹੁਤ ਮਹੱਤਵਪੂਰਨ ਹੈ, ਜਿਸ ਨਾਲ ਸਿਹਤ ਸੁਵਿਧਾਵਾਂ ਵਿੱਚ ਸੁਧਾਰ ਹੋਣ ਦੇ ਨਾਲ-ਨਾਲ ਰੋਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਇਸਦੇ ਨਾਲ ਹੀ ਉਨ੍ਹਾਂ ਸਿਵਲ ਹਸਪਤਾਲ ਹੁਸ਼ਿਆਰਪੁਰ ਵਿੱਚ ਬਣ ਰਹੀ 50-ਬੈੱਡ ਦੀ ਕ੍ਰਿਟੀਕਲ ਕੇਅਰ ਯੂਨਿਟ ਨੂੰ ਲੈ ਕੇ ਉਠਾਏ ਗਏ ਕਦਮਾਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਇਸ ਪ੍ਰੋਜੈਕਟ ਦਾ ਟੈਂਡਰ ਜਾਰੀ ਕਰਨ 'ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਯੂਨਿਟ ਗੰਭੀਰ ਰੋਗੀਆਂ ਦੇ ਇਲਾਜ ਲਈ ਇਕ ਮੀਲ ਪੱਥਰ ਸਾਬਤ ਹੋਵੇਗਾ। ਵਿਧਾਇਕ ਜਿੰਪਾ ਨੇ ਵਿਧਾਨ ਸਭਾ 'ਚ ਸੀਵਰਮੈਨਾਂ ਦੇ ਤਨਖਾਹ ਵਾਧੇ ਦਾ ਮੁੱਦਾ ਵੀ ਪੂਰੇ ਜੋਰ-ਸ਼ੋਰ ਨਾਲ ਚੁੱਕਿਆ। ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਸੀਵਰਮੈਨਾਂ ਦਾ ਇਕ ਪ੍ਰਤੀਨਿਧੀ ਮੰਡਲ ਉਨ੍ਹਾਂ ਕੋਲ ਆਇਆ ਸੀ, ਜਿਸ ਵਿੱਚ ਉਨ੍ਹਾਂ ਨੇ ਪੱਕੇ ਹੋਣ ਅਤੇ ਤਨਖਾਹ ਵਾਧੇ ਦੀ ਮੰਗ ਰੱਖੀ ਸੀ। ਵਿਧਾਇਕ ਨੇ ਕਿਹਾ ਕਿ ਨਾ ਕੇਵਲ ਹੁਸ਼ਿਆਰਪੁਰ, ਸਗੋਂ ਪੂਰੇ ਪੰਜਾਬ 'ਚ ਨਗਰ ਨਿਗਮ ਅਤੇ ਨਗਰ ਪ੍ਰੀਸ਼ਦਾਂ ਵਿੱਚ ਸੀਵਰਮੈਨ ਅਤੇ ਹੋਰ ਕਰਮਚਾਰੀ ਪਿਛਲੇ 10 ਸਾਲਾਂ ਤੋਂ ਕੱਚੇ ਤੌਰ 'ਤੇ ਕੰਮ ਕਰ ਰਹੇ ਹਨ। ਉਨ੍ਹਾਂ ਨੇ ਇਨ੍ਹਾਂ ਕਰਮਚਾਰੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ਼ਹਿਰਾਂ ਨੂੰ ਸਾਫ-ਸੁਥਰਾ ਰੱਖਣ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਹੈ, ਅਤੇ ਇਹ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਨ੍ਹਾਂ ਨੂੰ ਉਚਿਤ



ਮਿਹਨਤਾਨਾ ਦਿੱਤਾ ਜਾਵੇ। ਵਿਧਾਇਕ ਜਿੰਪਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜੇਕਰ ਸਮੂਹ ਕਰਮਚਾਰੀਆਂ ਨੂੰ ਪੱਕਾ ਕਰਨਾ ਸੰਭਵ ਨਹੀਂ, ਤਾਂ ਘੱਟੋ-ਘੱਟ ਉਨ੍ਹਾਂ ਨੂੰ ਯੋਗ ਵੇਤਨ ਦਿਤਾ ਜਾਵੇ, ਤਾਂ ਜੋ ਉਨ੍ਹਾਂ ਦੇ ਪਰਿਵਾਰਾਂ ਦੀ ਮਾਲੀ ਹਾਲਤ ਸੁਧਰ ਸਕੇ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਨਗਰ ਨਿਗਮ ਹੁਸ਼ਿਆਰਪੁਰ ਨੇ ਸੀਵਰਮੈਨਾਂ ਦੇ ਤਨਖਾਹ ਵਾਧੇ ਲਈ ਇੱਕ ਮਤਾ ਵੀ ਪਾਸ ਕੀਤਾ ਹੈ।

# Seminar and discussion on the importance of mother tongue organized at Bhamme Kalan School

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

Mansa , March 28: (Dr.Sandeep Ghand)

During the seven-day camp of the National Service Scheme at Government Secondary School, Bhamme Kalan, District Language Officer Tejinder Kaur discussed the importance of mother tongue in the lecture session of the NSS volunteers . DLO told that the mother tongue is the expression of our dreams, our subconscious and our consciousness . Learning. other languages is a good thing , but we should not consider proficiency in other languages as an indicator of intelligence .

Tejinder Kaur also informed the students and teachers about the State Language Act 2008 and the State Language Amendment Act 2021 .

She also informed that Punjab Government's orders to have the boards outside shops and institutions in Punjabi .

Principal Inderjit Singh warmly welcomed the guest and assure the language department team to implement the government order. On this occasion, Basmita Baij, the district's development fellow, also shared her life experiences and told the students about the points of developing a good personality .State award-



ee Gurpal Singh, lecturer and Political Science, the program officer of this National Service Scheme camp, praised the work of the Language Department

Rajneesh Sharma , English master , school teachers , mid - day meal staff were present on this occassion..

# ਕਿਸਾਨਾਂ ਤੇ ਕੀਤੇ ਜਬਰ ਦੇ ਰੋਸ ਵਜੋਂ ਡੀਸੀ ਦਫਤਰ ਅੱਗੇ ਗਰਜੇ ਕਿਸਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਸੰਗਰੂਰ, 28 ਮਾਰਚ (ਜਗਸੀਰ ਲੌਂਗੋਵਾਲ ) -ਬੀਤੇ ਦਿਨੀ ਪੰਜਾਬ ਅੰਦਰ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਤੇ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਬਰ,ਕਿਸਾਨ ਆਗੂ ਦੀਆਂ ਗਿਰਫਤਾਰੀਆਂ, ਸ਼ੰਬੂ ਅਤੇ ਖਨੌਰੀ ਮੋਰਚਿਆਂ ਤੋਂ ਕਿਸਾਨਾਂ ਦੀਆਂ ਟਰੈਕਟਰ ਟਰਾਲੀਆਂ ਤੇ ਸਮਾਨ ਚੋਰੀ ਕਰਨ,ਲੁੱਟਮਾਰ ਕਰਨ ਦੇ ਰੋਸ ਵਜੋਂ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਅੱਜ ਸੰਗਰੂਰ ਦੀ ਅਨਾਜ ਮੰਡੀ ਵਿੱਚ ਹਜ਼ਾਰਾਂ ਕਿਸਾਨਾਂ ਨੇ ਇਕੱਠੇ ਹੋ ਕੇ ਡੀਸੀ ਦਫਤਰ ਤੱਕ ਰੋਹ ਭਰਪੂਰ ਮੁਜਾਹਰਾ ਕਰਦਿਆਂ 3 ਵਜੇ ਤੱਕ ਰੋਸ ਧਰਨਾ ਦਿੱਤਾ ਅਤੇ ਇਸ ਸਮੇਂ ਆਗੂਆਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਜਬਰ ਵਿਰੋਧੀ ਤਕਰੀਰਾਂ ਕੀਤੀਆਂ। ਅੱਜ ਇਸ ਜਬਰ ਵਿਰੋਧੀ ਦਿਨ ਤੇ ਭਰਾਤਰੀ ਜਥੇਬੰਦੀਆਂ ਅਤੇ ਔਰਤਾਂ ਨੇ ਵੀ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਈ। ਡੀਸੀ ਸੰਗਰੂਰ ਰਾਹੀਂ ਗਵਰਨਰ ਪੰਜਾਬ ਦੇ ਨਾਂ ਮੰਗ ਪੱਤਰ ਭੇਜਿਆ ਗਿਆ। ਅੱਜ ਦੇ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਬੀਕੇਯੂ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ,ਬੀਕੇਯੂ ਡਕੌਂਦਾ ਬੁਰਜ ਗਿੱਲ ਦੇ ਜ਼ਿਲ੍ਹਾ ਪ੍ਰਧਾਨ ਕਰਮ ਸਿੰਘ ਬਲਿਆਲ,ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ,ਬੀਕੇਯੂ ਡਕੌਂਦਾ ਧਨੇਰ ਦੇ ਜ਼ਿਲਾ ਪ੍ਰਧਾਨ ਕਰਮਜੀਤ ਸਿੰਘ ਛੰਨਾ,ਕੁਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੂਬਾ ਆਗੂ ਮੇਜਰ ਸਿੰਘ ਪੁੰਨਾਵਾਲ, ਬੀ ਕੇ ਯੂ ਰਾਜੇਵਾਲ ਦੇ ਜਿਲਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ,ਕੁਲ ਹਿੰਦ ਕਿਸਾਨ ਫੈਡਰੇਸ਼ਨ ਦੇ ਸੂਬਾ ਆਗੂ ਕਿਰਨਜੀਤ ਸਿੰਘ ਸੇਖੋ, ਜਮਹੂਰੀ ਕਿਸਾਨ ਸਭਾ ਪੰਜਾਬ ਤੇ ਸੂਬਾ ਊਧਮ ਸਿੰਘ ਸੰਤੋਖਪੁਰਾ,ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਸਵਰਨ ਸਿੰਘ ਨਵਾਂਗਾਓ, ਬੀਕੇਯੂ ਲੱਖੋਵਾਲ ਦੇ ਆਗੂ ਜਸਵਿੰਦਰ ਕੌਰ ਪੂਨਾਵਾਲ ਨੇ ਇੱਕਜੁੱਟ ਹੁੰਦਿਆਂ ਭਾਰਤ ਅਮਰੀਕਾ ਵਿਚਾਲੇ ਹੋ ਰਹੇ ਅਨਾਜ ਤੇ ਦੁੱਧ,ਖੇਤੀ ਉਤਪਾਦਾਂ ਦੀਆਂ ਬਰਾਮਦਾਂ ਤੇ ਟੈਕਸ ਘਟਾਉਣ ਸੰਬੰਧੀ ਹੋ ਰਹੇ ਸਮਝੌਤੇ ਨੂੰ ਰੱਦ ਕਰਨ ਅਤੇ ਭਗਵੰਤ ਮਾਨ ਸਰਕਾਰ ਵੱਲੋਂ ਕਿਸਾਨਾਂ ਤੇ ਕੀਤੇ ਜਬਰ ਦੀ ਨਿਖੇਦੀ ਕਰਦਿਆਂ ਗ੍ਰਿਫਤਾਰ ਕੀਤੇ ਕਿਸਾਨਾਂ ਨੂੰ ਰਿਹਾਅ ਕਰਨ,ਕਿਸਾਨਾਂ ਦੀਆਂ ਚੋਰੀ ਹੋਈਆਂ ਟਰੈਕਟਰ ਟਰਾਲੀਆਂ ਸਮੇਤ ਸਾਰਾ ਸਮਾਨ ਵਾਪਸ ਕਰਨ,ਚੋਰੀ ਹੋਏ ਜਾਂ ਨੁਕਸਾਨੇ ਸਮਾਨ ਦੀ ਭਰਪਾਈ ਸਰਕਾਰ ਦੁਆਰਾ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਭਾਰਤ ਵਿੱਚ 60 ਫੀਸਦੀ ਤੋਂ ਉੱਪਰ ਲੋਕ ਖੇਤੀ ਤੇ ਨਿਰਭਰ ਹਨ ਜੇ ਇਸ ਖੇਤਰ ਉੱਤੇ ਵੀ ਕਾਰਪੋਰੇਟ ਦਾ ਕਬਜ਼ਾ ਹੋ ਗਿਆ ਤਾਂ ਪੇਂਡੂ ਖੇਤਰ ਵਿੱਚ ਵੱਡੀ ਪੱਧਰ ਤੇ ਬੇਰੁਜ਼ਗਾਰੀ ਤੇ ਬਦਹਾਲੀ ਫੈਲ ਜਾਵੇਗੀ ਤੇ ਦੇਸ਼ ਡੂੰਘੇ ਅੰਨ ਸੰਕਟ ਦਾ ਸ਼ਿਕਾਰ ਹੋ ਜਾਵੇਗਾ। ਅੱਜ ਦੇ ਜਬਰ ਵਿਰੋਧੀ ਦਿਨ ਤੇ ਸੰਯੁਕਤ ਕਿਸਾਨ ਮੋਰਚੇ ਨਾਲ ਇੱਕਮੁੱਠਤਾ ਜਾਹਿਰ ਕਰਦਿਆਂ ਬੀਕੇਯੂ ਏਕਤਾ ਆਜ਼ਾਦ ਦੇ ਆਗੂ ਸੰਤ ਰਾਮ ਛਾਜਲੀ, ਆਂਗਣਵਾੜੀ ਵਰਕਰ ਯੂਨੀਅਨ ਦੀ ਕੁੱਲ ਹਿੰਦ ਪ੍ਰਧਾਨ ਊਸ਼ਾ ਰਾਣੀ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜਨਰਲ ਸਕੱਤਰ ਬਿਕਰ ਸਿੰਘ ਹਥੋਆ,ਆਈਡੀਪੀ ਦੇ ਆਗੂ ਕਰਨੈਲ ਸਿੰਘ ਜਖੇਪਲ,ਜਮਹੂਰੀ ਅਧਿਕਾਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਗਜੀਤ ਸਿੰਘ ਭੁਟਾਲ, ਸੀਟੂ ਆਗੂ ਦੇਵਰਾਜ ਵਰਮਾ, ਵੇਰਕਾ ਆਊਟਸੋਰਸ ਵਰਕਰ ਯੂਨੀਅਨ ਦੇ ਆਗੂ ਸੰਦੀਪ ਸੰਧੂ ਨੇ ਭਗਵੰਤ ਮਾਨ ਸਰਕਾਰ ਦੁਆਰਾ ਕਿਸਾਨਾਂ ਦੇ ਸੰਘਰਸ਼ ਤੇ ਕੀਤੇ ਜਬਰ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਦੀ ਕਰਦਿਆਂ ਕਿਹਾ ਕਿ ਸਰਕਾਰ ਦੇ ਜਬਰ ਖਿਲਾਫ ਸਾਰੇ ਕਿਰਤੀ ਲੋਕ ਇੱਕਜੁੱਟ ਹੋ ਕੇ ਲੜਾਈ ਲੜਨਗੇ।ਰੋਸ ਧਰਨੇ ਨੂੰ ਕਿਸਾਨ ਆਗੂ ਜਰਨੈਲ ਸਿੰਘ ਜਹਾਂਗੀਰ,ਅਮਰੀਕ ਸਿੰਘ ਗੰਡੂਆਂ ਜਸਵੀਰ ਕੌਰ ਉਗਰਾਹਾਂ,ਰਣਧੀਰ ਸਿੰਘ ਭੱਟੀਵਾਲ,ਸਤਨਾਮ ਸਿੰਘ ਕਿਲਾ,ਕਸ਼ਮੀਰ ਸਿੰਘ ਘਰਾਚੋਂ,ਮੰਗਤ ਰਾਮ ਲੌਂਗੋਵਾਲ,ਇੰਦਰਪਾਲ ਸਿੰਘ ਪੁੰਨਾਵੱਲ ਨੇ ਵੀ ਸੰਬੋਧਨ ਕੀਤਾ।

# ਪੰਜਾਬ ਦੇ ਨਿੱਜੀ ਗੈਰ ਸਹਾਇਤਾ ਪ੍ਰਾਪਤ ਪਬਲਿਕ ਸਕੂਲ ਸਮਾਜਿਕ ਤੌਰ ਤੇ ਪਿਛੜੇ ਅਤੇ ਆਰਥਿਕ ਤੌਰ ਤੇ ਕਮਜ਼ੋਰ, ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨੂੰ ਦੇਣੀ ਹੋਵੇਗੀ ਮੁੱਫ਼ਤ ਸਿੱਖਿਆ

## ਪ੍ਰਾਈਵੇਟ ਸਕੂਲਾਂ ਨੂੰ ਹੁਣ ਨਰਸਰੀ ਤੋਂ 8ਵੀਂ ਕਲਾਸ ਤੱਕ ਹਰ ਕਲਾਸ ਵਿੱਚ ਕਮਜੋਰ ਵਰਗੇ ਦੇ 25% ਬੱਚਿਆਂ ਨੂੰ ਭਰਤੀ ਕਰਕੇ ਮੁੱਫ਼ਤ ਸਿੱਖਿਆ ਦੇਣੀ ਹੋਵੇਗੀ ਜਰੂਰੀ- ਅਧਿਆਪਕ ਆਗੂ ਕੁਸ਼ਲ ਕੁਮਾਰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com





ਕਪੂਰਥਲਾ ਦੀ ਐਸ.ਸੀ, ਬੀ.ਸੀ ਅਧਿਆਪਕ ਜਥੇਬੰਦੀ, ਆਲ ਇੰਡੀਆ ਐਸ.ਸੀ/ ਐਸ.ਟੀ ਰੇਲਵੇ ਇਮਪਲਾਈਜ ਐਸੋਸੀਏਸ਼ਨ, ਆਲ ਇੰਡੀਆ ੳ.ਬੀ.ਸੀ ਰੇਲਵੇ ਇਮਪਲਾਈਜ ਐਸੋਸੀਏਸ਼ਨ ਰੇਲ ਕੋਚ ਫੈਕਟਰੀ, ਕਿਸਾਨ ਜਥੇਬੰਦੀ ਅਤੇ ਸਮਾਜਿਕ ਕਾਰਕੁਨਾਂ ਵੱਲੋਂ ਸਾਂਝੇ ਤੌਰ ਤੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੂੰ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਐ.ਸੀ/ ਬੀ.ਸੀ ਅਧਿਆਪਕ ਯੂਨੀਅਨ ਦੇ ਆਗੂ ਕੁਸ਼ਲ ਕੁਮਾਰ ਨੇ ਦੱਸਿਆ ਕਿ 19 ਫ਼ਰਵਰੀ 2025 ਨੂੰ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਦਿੱਤੇ ਫੈਸਲੇ ਅਨੁਸਾਰ ਸਮਾਜਿਕ ਤੌਰ ਤੇ ਪਿਛੜੇ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਿਦਿਆਰਥੀਆਂ ਨੂੰ ਪੰਜਾਬ ਦੇ ਨਿੱਜੀ ਗੈਰ ਸਹਾਇਤਾ ਪ੍ਰਾਪਤ ਪਬਲਿਕ ਸਕੂਲਾਂ ਵਿੱਚ 25 ਫ਼ੀਸਦੀ ਰਾਖਵੀਆਂ ਸੀਟਾਂ ਰੱਖਣੀਆਂ ਪੈਣਗੀਆਂ। ਭਾਰਤ ਸਰਕਾਰ ਵੱਲੋਂ ਆਰ.ਟੀ.ਈ ਐਕਟ 2009 ਦੇ ਤਹਿਤ ਪਹਿਲੀ ਜਮਾਤ ਤੋਂ ਲੈ ਕੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸੰਵਿਧਾਨ ਦੀ ਧਾਰਾ 21ਏ ਤਹਿਤ ਮੁਫਤ ਤੇ ਲਾਜਮੀ ਸਿੱਖਿਆ ਦਾ ਉਪਬੰਧ ਕੀਤਾ ਸੀ। ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 12(1) ਸੀ ਦੇ ਤਹਿਤ 25 ਫੀਸਦੀ ਨਿਜੀ ਗੈਰ ਸਹਾਇਤਾ ਪ੍ਰਾਪਤ ਪਬਲਿਕ ਸਕੂਲਾਂ ਵਿੱਚ ਰਾਖਵੀਆਂ ਸੀਟਾਂ ਰੱਖੀਆਂ ਰੱਖਣ ਦਾ ਉਪਬੰਧ ਵੀ ਸੀ, ਪਰ ਪੰਜਾਬ ਸਰਕਾਰ ਨੇ ਆਰ.ਟੀ.ਈ ਐਕਟ 2011 ਦੇ ਨਿਯਮ 7(4) ਤਹਿਤ ਕਮਜ਼ੋਰ ਵਰਗਾਂ ਦੇ ਵਿਦਿਆਰਥੀਆਂ ਨੂੰ ਪਹਿਲਾਂ ਸਰਕਾਰੀ ਜਾਂ ਸਹਾਇਤਾ ਪ੍ਰਾਪਤ ਸਕੂਲਾਂ ਚ ਦਾਖਲਾ ਲੈਣ ਲਈ ਪਾਬੰਦ ਕੀਤਾ ਸੀ, ਜੇ ਉਥੇ ਸੀਟਾਂ ਉਪਲਬਧ ਨਹੀਂ ਹੁੰਦੀਆਂ ਸਨ ਤਾਂ ਹੀ ਉਹ ਨਿੱਜੀ ਸਕੂਲਾਂ ਵਿੱਚ ਰਾਖਵੀਆਂ ਸੀਟਾਂ ਲਈ ਅਰਜੀ ਦੇ ਸਕਦੇ ਸਨ। ਇਸ ਕਾਰਨ ਕਈ ਨਿੱਜੀ ਸਕੂਲ ਕਮਜ਼ੋਰ ਵਰਗ ਦੇ ਬੱਚਿਆਂ ਨੂੰ ਦਾਖਲਾ ਦੇਣ ਤੋਂ ਇਨਕਾਰ ਕਰ ਦਿੰਦੇ ਸਨ।

ਇਸ ਤੋਂ ਇਲਾਵਾ ਕਿਸਾਨ ਜਥੇਬੰਦੀ ਦੇ ਆਗੂ ਗੁਰਦੀਪ ਸਿੰਘ ਭੰਡਾਲ ਨੇ ਕਿਹਾ ਕਿ ਬਹੁਤ ਸਾਰੇ ਸਿੱਖਿਆ ਵਿਭਾਗ ਨਾਲ ਸਬੰਧਤ ਅਜਿਹੇ ਐਕਟ ਹਨ ਜੋ ਧਰਾਤਲ ਤੇ ਜਿਲਾ ਪ੍ਰਸ਼ਾਸਨ ਵੱਲੋਂ ਅਤੇ ਸਿੱਖਿਆ ਵਿਭਾਗ ਦੇ ਅਫਸਰਾਂ ਵੱਲੋਂ ਲਾਗੂ ਨਹੀਂ ਕੀਤੇ ਜਾਂਦੇ ਜਿਸ ਨਾਲ ਆਮ ਲੋਕਾਂ ਨੂੰ ਮਾਨਸਿਕ ਅਤੇ ਮਾਲੀ ਨੁਕਸਾਨ ਝੱਲਣਾ ਪੈ ਰਿਹਾ ਹੈ। ਮਾਨਯੋਗ ਹਾਈਕੋਰਟ ਦੇ ਫੈਸਲੇ ਨੂੰ ਜਮੀਨੀ ਪੱਧਰ ਤੇ ਲਾਗੂ ਕਰਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਉਪਰੰਤ ਇੰਜੀਨੀਅਰ ਜੀਤ ਸਿੰਘ ਪ੍ਰਧਾਨ ਐਸ.ਸੀ/ਐਸ.ਟੀ ਰੇਲਵੇ ਇੰਪਲਾਈਜ ਐਸੋਸੀਏਸ਼ਨ ਵੱਲੋਂ ਕਿਹਾ ਗਿਆ ਕਿ ਜਿਲਾ ਪ੍ਰਸ਼ਾਸਨ ਜਿਲਾ ਪੱਧਰੀ ਨੋਡਲ ਅਧਿਕਾਰੀ ਨਿਯੁਕਤ ਕਰਕੇ ਪੂਰੇ ਮਾਮਲੇ ਦੀ ਨਿਗਰਾਨੀ ਕਰੇ ਅਤੇ ਇਸ ਐਕਟ ਤਹਿਤ ਲੋੜਵੰਦ ਵਿਦਿਆਰਥੀਆਂ ਨੂੰ ਪਬਲਿਕ ਸਕੂਲਾਂ ਵਿੱਚ ਦਾਖ਼ਲ ਕਰਵਾਇਆ ਜਾਵੇ । ਡਿਪਟੀ ਕਮਿਸ਼ਨਰ ਕਪੂਰਥਲਾ ਵੱਲੋਂ ਜਥੇਬੰਦੀ ਦੇ ਆਗੂਆਂ ਨੂੰ ਭਰੋਸਾ ਦਿੱਤਾ ਗਿਆ ਕਿ ਇਸ ਬਾਬਤ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ ਅਤੇ ਨਿਜੀ ਗੈਰ ਸਹਾਇਤਾ ਪ੍ਰਾਪਤ ਪਬਲਿਕ ਸਕੂਲਾਂ ਨੂੰ ਸਰਕੂਲਰ ਵੀ ਜਾਰੀ ਕਰ ਦਿੱਤਾ ਜਾਵੇਗਾ।

ਇਸ ਮੌਕੇ ਐਸ.ਸੀ/ਬੀ.ਸੀ ਅਧਿਆਪਕ ਯੂਨੀਅਨ ਦੇ ਆਗੂ ਕੁਸ਼ਲ ਕੁਮਾਰ ਤੋਂ ਇਲਾਵਾ ਆਲ ਇੰਡੀਆ ੳ.ਬੀ.ਸੀ ਰੇਲਵੇ ਇਮਪਲਾਈਜ ਐਸੋਸੀਏਸ਼ਨ ਦੇ ਜੋਨਲ ਪ੍ਰਧਾਨ ਅਰਵਿੰਦ ਪ੍ਰਸਾਦ, ਅਧਿਆਪਕ ਆਗੂ ਹਰਨੇਕ ਸਿੰਘ ਰਣਜੀਤ ਸਿੰਘ, ਰਾਜ ਕੁਮਾਰ,ਪਵਨ ਕੁਮਾਰ, ਪ੍ਰਵੀਨ ਕੁਮਾਰ, ਰਾਮ ਸਿੰਘ ਦੇਸਲ , ਭਗਵਾਨ ਦਾਸ, ਜਸਵਿੰਦਰ ਸਿੰਘ, ਜਤਿੰਦਰ ਕੁਮਾਰ, ਜਸਮਿੰਦਰ ਪਾਲ ਅਤੇ ਬੱਬੂ ਸ਼ੇਰਗਿੱਲ ਆਦਿ ਹਾਜ਼ਰ ਸਨ।

# ਨਸ਼ਿਆਂ ਸਬੰਧੀ ਜਾਣਕਾਰੀ ਪੁਲਿਸ ਨਾਲ ਕੀਤੀ ਜਾਵੇ ਸਾਂਝੀ - ਐਸ.ਐਸ.ਪੀ ਦੀ ਲੋਕਾਂ ਨੂੰ ਅਪੀਲ

## ਕਾਸੋ ਆਪ੍ਰੇਸ਼ਨ ਤਹਿਤ ਭੰਗੀ ਚੋਅ ਦੇ ਇਲਾਕੇ 'ਚ ਕੀਤੀ ਗਸ਼ਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਪੰਜਾਬ ਪੁਲਿਸ ਦੇ ਕਾਸੋ ਆਪ੍ਰੇਸ਼ਨ ਤਹਿਤ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ ਨੇ ਅੱਜ ਭੰਗੀ ਚੋਅ ਨੇੜੇ ਪੁਲਿਸ ਅਧਿਕਾਰੀਆਂ ਸਮੇਤ ਗਸ਼ਤ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਬਾਰੇ ਪੁਲਿਸ ਨੂੰ ਲਾਜ਼ਮੀ ਸੂਚਿਤ ਕੀਤਾ ਜਾਵੇ ਤਾਂ ਜੋ ਇਸ ਸਮਾਜਿਕ ਬੁਰਾਈ ਨੂੰ ਰੋਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਯੁੱਧ ਨਸ਼ਿਆਂ ਵਿਰੁੱਧ ਪ੍ਰੋਗਰਾਮ ਤਹਿਤ ਨਸ਼ਾ ਸਮੱਗਲਰਾਂ ਬਾਰੇ ਜਾਣਕਾਰੀ ਜ਼ਿਲ੍ਹਾ ਪੁਲਿਸ ਨੂੰ ਦਿੱਤੀ ਜਾਵੇ ਜਿਸ ਨੂੰ ਪੂਰੀ ਤਰ੍ਹਾਂ ਗੁਪਤ ਰੱਖਦਿਆਂ ਬਣਦੀ ਕਾਰਵਾਈ ਕੀਤੀ ਜਾਵੇਗੀ। ਭੂਮਿਕਾ ਬਹੁਤ ਮਹੱਤਵਪੂਰਨ ਹੈ। ਜ਼ਿਲ੍ਹਾ ਪੁਲਿਸ ਵਲੋਂ ਸ਼ੁਰੂ ਕੀਤੇ ਸੰਪਰਕ ਪ੍ਰੋਗਰਾਮ ਦੀ ਗੱਲ ਕਰਦਿਆਂ ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਨਸ਼ਿਆਂ ਦੀ ਗ੍ਰਿਫਤ ਵਿਚ ਆ ਚੁੱਕੇ ਵਿਅਕਤੀਆਂ ਦੇ ਸੁਚੱਜੇ ਇਲਾਜ ਲਈ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਉਨ੍ਹਾਂ ਦੀ ਹਰ ਸੰਭਵ ਮਦਦ ਲਈ ਤਿਆਰ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਇਕ ਮਹੀਨੇ ਦੌਰਾਨ 20 ਵਿਅਕਤੀਆਂ ਨੂੰ ਨਸ਼ਾ ਛੁਡਾਉ ਕੇਂਦਰਾਂ ਵਿਚ ਭਰਤੀ ਕਰਵਾਇਆ ਹੈ ਤਾਂ ਜੋ ਉਹ ਨਸ਼ਾ ਛੱਡ ਕੇ ਸਿਹਤਮੰਦ ਜੀਵਨ ਅਪਣਾ ਸਕਣ। ਉਨ੍ਹਾਂ ਕਿਹਾ ਕਿ ਸੰਪਰਕ ਪ੍ਰੋਗਰਾਮ ਤਹਿਤ ਪਿੰਡਾਂ ਅਤੇ ਸ਼ਹਿਰਾਂ ਵਿਚ ਪੁਲਿਸ ਵਲੋਂ ਲੋਕਾਂ ਨਾਲ ਰਾਬਤਾ ਕਰਕੇ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਵਿਚ ਲੋਕਾਂ ਨੂੰ ਪੂਰਨ ਸਹਿਯੋਗ ਕਰਨਾ ਚਾਹੀਦਾ ਹੈ।

# ਵਾਹਨਾਂ ਦੇ ਕੱਟੇ ਚਲਾਨ ਨਾ ਭਰਨ ਦੀ ਸੂਰਤ 'ਚ ਵਾਹਨ ਹੋਣਗੇ ਬਲੈਕ ਲਿਸਟ - ਆਰ.ਟੀ. ਓ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਰਿਜਨਲ ਟਰਾਂਸਪੋਰਟ ਅਫਸਰ ਹੁਸ਼ਿਆਰਪੁਰ ਰਵਿੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬੇ ਅੰਦਰ ਮੋਟਰ ਵਹੀਕਲ ਐਕਟ 1988 ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਚਲਾਨ ਕੀਤੇ ਜਾਂਦੇ ਹਨ ਅਤੇ ਜੇਕਰ ਸੈਂਟਰਲ ਮੋਟਰ ਵਹੀਕਲ ਰੂਲਜ਼ 1989 ਦੇ ਅਧੀਨ ਰੂਲ 167 ਦੇ ਤਹਿਤ 90 ਦਿਨਾਂ ਦੇ ਅੰਦਰ-ਅੰਦਰ ਚਲਾਨ ਦਾ ਭੁਗਤਾਨ ਨਹੀਂ ਕੀਤਾ ਜਾਂਦਾ ਤਾਂ ਵਿਭਾਗ ਵੱਲੋਂ ਸਬੰਧਤ ਵਹੀਕਲਾਂ ਨੂੰ ਬਲੈਕ ਲਿਸਟ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਵਾਹਨ ਬਲੈਕ ਲਿਸਟ ਹੋਣ ਕਾਰਨ ਸਬੰਧਿਤ ਵਾਹਨ ਦੇ ਮਾਲਕ ਕਿਸੇ ਵੀ ਤਰ੍ਹਾਂ ਦੀ ਸਰਕਾਰੀ ਸੇਵਾ ਜਿਵੇਂ ਕਿ ਬੀਮਾ, ਪ੍ਰਦੂਸ਼ਣ, ਰਜਿਸਟਰੇਸ਼ਨ, ਟਰਾਂਸਫਰ, ਲੋਨ ਆਦਿ ਦਾ ਲਾਭ ਨਹੀਂ ਲੈ ਸਕਦੇ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਚਲਾਨ ਦੀ ਬਣਦੀ ਰਕਮ ਸਮੇਂ ਸਿਰ ਦਫ਼ਤਰ ਰਿਜਨਲ ਟਰਾਂਸਪੋਰਟ ਅਫਸਰ ਹੁਸ਼ਿਆਰਪੁਰ ਵਿਖੇ ਜਮ੍ਹਾਂ ਕਰਵਾਉਣ। ਚਲਾਨ ਦੀ ਬਣਦੀ ਰਕਮ ਜਮ੍ਹਾਂ ਨਾ ਕਰਵਾਉਣ ਦੀ ਸੂਰਤ ਵਿੱਚ ਵਾਹਨ ਨੂੰ ਬਲੈਕ ਲਿਸਟ ਕਰ ਦਿੱਤਾ ਜਾਵੇਗਾ।

# ਕੁਲਦੀਪ ਨੈਣੇਵਾਲ ਮੁੜ ਬਣੇ ਤਰਕਸ਼ੀਲ ਸੁਸਾਇਟੀ ਇਕਾਈ ਭਦੌੜ ਦੇ ਜਥੇਬੰਦਕ ਮੁਖੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਭਦੌੜ,28 ਮਾਰਚ ( ਜਗਸੀਰ ਲੌਂਗੋਵਾਲ) -

ਤਰਕਸ਼ੀਲ ਸੁਸਾਇਟੀ ਪੰਜਾਬ ਜੋਨ ਸੰਗਰੂਰ -ਬਰਨਾਲਾ ਦੇ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਗਰੂਰ- ਬਰਨਾਲਾ ਜੋਨ ਵਿੱਚ ਸ਼ਾਮਲ ਇਕਾਈ ਭਦੌੜ ਦਾ ਚੋਣ ਇਜਲਾਸ ਸੂਬਾ ਜਥੇਬੰਦਕ ਮੁਖੀ ਮਾਸਟਰ ਰਜਿੰਦਰ ਭਦੌੜ ਅਤੇ ਗੁਰਪ੍ਰੀਤ ਸ਼ਹਿਣਾ ਦੀ ਪ੍ਰਧਾਨਗੀ ਹੇਠ ਹੋਇਆ ।ਇਸ ਇਜਲਾਸ ਦੌਰਾਨ ਨਵੇਂ ਸ਼ੈਸ਼ਨ ਦੀ ਚੋਣ ਤੋਂ ਪਹਿਲਾਂ ਪਿਛਲੇ ਸੈਸ਼ਨ ਦੇ ਲੇਖੇ ਜੋਖੇ ਦਾ ਹਿਸਾਬ ਕਿਤਾਬ ਕੀਤਾ ਗਿਆ ਅਤੇ ਪਿਛਲੇ ਦੋ ਸਾਲਾਂ ਦੇ ਕੰਮਾਂ ਦੀ ਕਾਰਵਾਈ ਰਿਪੋਰਟ ਪੇਸ਼ ਕੀਤੀ ਗਈ । ਇਸ ਉਪਰੰਤ ਪਹਿਲੀ ਕਾਰਜਕਾਰੀ ਕਮੇਟੀ ਨੂੰ ਭੰਗ ਕਰ ਦਿੱਤਾ ਗਿਆ ।

ਸੂਬਾ ਮੁਖੀ ਰਜਿੰਦਰ ਭਦੌੜ ਦੀ ਨਿਗਰਾਨੀ ਹੇਠ ਨਵੇਂ ਸੈਸ਼ਨ ਦੀ ਚੋਣ ਕੀਤੀ ਗਈ । ਸਰਬਸੰਮਤੀ ਨਾਲ ਦੁਬਾਰਾ ਕੁਲਦੀਪ ਨੈਣੇਵਾਲ ਨੂੰ ਇਕਾਈ ਜਥੇਬੰਦਕ ਵਿਭਾਗ ਦੇ ਮੁਖੀ, ਗੁਰਪ੍ਰੀਤ ਸ਼ਹਿਣਾ ਨੂੰ ਵਿੱਤ ਅਤੇ ਮੈਗਜੀਨ ਵੰਡ ਵਿਭਾਗ, ਮੱਖਣ ਭੋਤਨਾ ਨੂੰ ਮਾਨਸਿਕ ਸਿਹਤ ਵਿਭਾਗ, ਮਾਸਟਰ ਗੁਰਮੇਲ ਭੁਟਾਲ ਜੀ ਨੂੰ ਮੀਡੀਆ ਵਿਭਾਗ ਅਤੇ ਸ਼੍ਰੀਮਤੀ ਹਰਪ੍ਰਕਾਸ਼ ਕੌਰ ਜੀ ਨੂੰ ਸੱਭਿਆਚਾਰ ਵਿਭਾਗ ਦੀ ਜਿੰਮੇਵਾਰੀ ਦਿੱਤੀ ਗਈ । ਮਾ. ਰਜਿੰਦਰ ਭਦੌੜ, ਕੁਲਦੀਪ ਨੈਣੇਵਾਲ ਅਤੇ ਗੁਰਪ੍ਰੀਤ ਸ਼ਹਿਣਾ ਨੂੰ ਡੈਲੀਗੇਟ ਨਿਯੁਕਤ ਕੀਤਾ ਗਿਆ , ਜੋ ਸੂਬਾ ਅਤੇ ਜੋਨ ਦੇ ਚੋਣ ਇਜਲਾਸ ਵਿੱਚ ਭਾਗ ਲੈਣਗੇ ।

ਭਵਿੱਖ ਵਿੱਚ ਸੁਸਾਇਟੀ ਵੱਲੋਂ ਕੀਤੇ ਜਾਣ ਵਾਲੇ ਕੰਮਾਂ ਅਤੇ ਟੀਚਿਆਂ ਨੂੰ ਪੂਰਾ ਕਰਨ ਲਈ ਤਨਦੇਹੀ ਨਾਲ ਮਿਹਨਤ ਕਰਨ ਦਾ ਪੂਰੀ ਆਗੂ ਟੀਮ ਅਤੇ ਇਕਾਈ ਮੈਂਬਰਾਂ ਨੇ ਪ੍ਰਣ ਲਿਆ । ਅੱਜ ਦੇ ਇਸ ਇਜਲਾਸ ਵਿੱਚ ਚੁਣੇ ਗਏ ਆਗੂਆਂ ਤੋਂ ਇਲਾਵਾ ਡਾ ਵਿਪਨ ਗੁਪਤਾ, ਸੁਖਦੇਵ ਸਿੰਘ ਸੰਧੂ ਕਲਾਂ, ਬੇਅੰਤ ਸਿੰਘ ਭਦੌੜ, ਰਣਜੀਤ ਸਿੰਘ ਭਦੌੜ, ਵੀਰਪਾਲ ਕੌਰ ਸ਼ਹਿਣਾ, ਮਨੀਸ਼ਾ ਰਾਣੀ ਨੈਣੇਵਾਲ ,ਸੁਰਿੰਦਰ ਕੌਰ ਭੁਟਾਲ ਸਾਥੀ ਹਾਜਰ ਸਨ ।

# ਸਿੱਖ ਨੈਸ਼ਨਲ ਕਾਲਜ ਬੰਗਾ 'ਚ "ਯੁੱਧ ਨਸ਼ਿਆ ਵਿਰੁੱਧ" ਮੁਹਿੰਮ ਤਹਿਤ ਜਾਗਰੂਕਤਾ ਸਮਾਗਮ ਕਰਵਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com




ਨਵਾਂਸ਼ਹਿਰ / ਬੰਗਾ (ਸਤਨਾਮ ਸਿੰਘ ਸਹੂੰਗੜਾ) ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ ਅਨੁਸਾਰ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਉਪ ਕਪਤਾਨ ਪੁਲਿਸ ਸਬ ਡਵੀਜ਼ਨ ਬੰਗਾ ਵੱਲੋਂ ਸਿੱਖ ਨੈਸ਼ਨਲ ਕਾਲਜ ਬੰਗਾ ਦੇ ਐੱਨ. ਐੱਸ. ਐੱਸ ਵਿੰਗ ਦੇ ਸਹਿਯੋਗ ਸਦਕਾ ਜਾਗਰੂਕਤਾ ਸਮਾਗਮ ਕਰਵਾਇਆ ਗਿਆ। ਜਿਸ ਵਿਚ ਕਾਲਜ ਪ੍ਰਿੰਸੀਪਲ ਡਾ. ਤਰਸੇਮ ਸਿੰਘ ਭਿੰਡਰ ਜੀ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਇਲਾਕਾ ਨਿਵਾਸੀਆਂ ਦਾ ਸੁਆਗਤ ਕੀਤਾ ਗਿਆ ਅਤੇ ਇਸ ਮੁਹਿੰਮ ਤਹਿਤ ਸਭ ਨੂੰ ਵੱਧ ਤੋਂ ਵੱਧ ਸਹਿਯੋਗ ਕਰਨ ਲਈ ਪ੍ਰੇਰਿਤ ਕੀਤਾ ਗਿਆ। ਕਾਲਜ ਦੇ ਵਲੰਟੀਅਰਾਂ ਵਿਦਿਆਰਥੀਆਂ ਮਨਜਿੰਦਰ ਕੌਰ, ਗੁਰਪ੍ਰੀਤ ਸਿੰਘ ਅਤੇ ਸੁਖਮਨਵੀਰ ਸਿੰਘ ਵੱਲੋਂ ਆਪਣੇ-ਆਪਣੇ ਵਿਚਾਰ ਪੇਸ਼ ਕਰਦਿਆਂ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਅਤੇ ਇਹ ਪ੍ਰਣ ਲੈਣ ਲਈ ਕਿਹਾ ਗਿਆ ਕਿ ਅਸੀਂ ਆਪਣੇ ਆਲੇ ਦੁਆਲੇ ਅਜਿਹੀਆਂ ਕੋਹੜ ਰੂਪੀ ਬਿਮਾਰੀਆਂ ਨੂੰ ਜਨਮ ਨਹੀਂ ਲੈਣ ਦੇਵਾਂਗੇ ਉਹਨਾਂ ਕਿਹਾ ਕਿ ਜ਼ਿੰਦਗੀ ਦੀਆਂ ਸਮੱਸਿਆਵਾਂ ਨੂੰ ਸੰਘਰਸ਼ ਨਾਲ ਜਿੱਤਿਆ ਜਾ ਸਕਦਾ ਹੈ ਨਾ ਕਿ ਨਸ਼ਿਆਂ ਨਾਲ। ਇਸ ਸਮਾਗਮ ਵਿਚ ਖ਼ਾਸ ਤੌਰ ਤੇ ਪਹੁੰਚੇ ਸਬ ਇੰਸਪੈਕਟਰ ਸ੍ਰੀ ਰਾਮ ਲਾਲ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਕਿ ਉਹ ਨਸ਼ਾ ਤਸਕਰਾਂ ਅਤੇ ਅਨਸਰਾਂ ਦੀ ਜਾਣਕਾਰੀ ਬਿਨਾਂ ਕਿਸੇ ਡਰ ਦੇ ਪੁਲਿਸ ਵਿਭਾਗ ਨਾਲ ਸਾਂਝੀ ਕਰ ਸਕਦੇ ਹਨ ਅਤੇ ਨਰੋਏ ਸਮਾਜ ਦੀ ਸਿਰਜਣਾ ਕਰਨ ਵਿਚ ਆਪਣਾ ਯੋਗਦਾਨ ਪਾ ਕੇ ਸਮਾਜ ਨੂੰ ਨਵੀਂ ਸੇਧ ਦੇ ਸਕਦੇ ਹਨ। ਉਹਨਾਂ ਇਹ ਵੀ ਕਿਹਾ ਕਿ ਸਾਨੂੰ ਨਸ਼ਿਆ ਦੇ ਆਦੀ ਵਿਅਕਤੀ ਨੂੰ ਪਿਆਰ ਨਾਲ ਸਮਝਾ ਕੇ ਇਸ ਦਲਦਲ ਵਿਚੋਂ ਬਾਹਰ ਕੱਢਣ ਵਿਚ ਸਹਾਇਤਾ ਕਰਨੀ ਚਾਹੀਦੀ ਹੈ।ਇਸ ਮੌਕੇ ਡਾ. ਨਿਰਮਲਜੀਤ ਕੌਰ ਅਤੇ ਪ੍ਰੋ. ਵਿਪਨ ਵੱਲੋਂ ਵੀ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਸਮਾਗਮ ਵਿਚ ਪ੍ਰੋ. ਆਬਿਦ ਵਕਾਰ,ਪੁਲਸ ਵਿਭਾਗ ਤੋਂ ਏ. ਐੱਸ. ਆਈ ਰਾਕੇਸ਼ ਕੁਮਾਰ ਅਤੇ ਉਹਨਾਂ ਦੇ ਸਾਥੀਆਂ ਸਮੇਤ ਜੀਂਦੋਵਾਲ ਪਿੰਡ ਦੀ ਪੰਚਾਇਤ ਦੇ ਮੋਹਤਬਰ ਵਿਅਕਤੀ ਅਤੇ ਕਾਲਜ ਦਾ ਸਟਾਫ਼ ਹਾਜ਼ਰ ਸੀ।

# ਦੀਪ ਡੈਂਟਲ ਕੇਅਰ ਐਂਡ ਫਿਜ਼ੀਓਥੈਰੇਪੀ ਸੈਂਟਰ (ਗੁਣਵੱਤਾ ਇਲਾਜ ਲਈ ਜਾਣਿਆ ਜਾਂਦਾ ਹੈ)

SCF-12, ਪਹਿਲੀ ਮੰਜ਼ਿਲ, ਮਾਨ ਕੰਪਲੈਕਸ, ਅਨੇਜਾ ਸਵੀਟਸ, ਅਰਬਨ ਅਸਟੇਟ, ਫੇਜ਼-2, ਪਟਿਆਲਾ।




M. 62839-68854, PH.: 0175-5018864
ਈਮੇਲ: deepdentalandoralcare@gmail.com

# ਓਰਬਿਸ ਆਈ ਹਸਪਤਾਲ SCF 20, SST ਨਗਰ, ਨੇੜੇ ਹੋਟਲ ਇਕਬਾਲ ਇਨ, ਪਟਿਆਲਾ





1. ਪਟਿਆਲਾ- ਓਰਬਿਸ ਅੱਖਾਂ ਦਾ ਹਸਪਤਾਲ ਐਸ.ਸੀ.ਐਫ-20, ਐਸ.ਐਸ.ਟੀ ਨਗਰ, ਨੇੜੇ ਹੋਟਲ ਇਕਬਾਲ ਇਨ, ਰਾਜਪੁਰਾ ਰੋਡ, ਪਟਿਆਲਾ ਵਿਖੇ --ਹਰ ਬੁੱਧਵਾਰ ਨੂੰ 10.00 ਤੋਂ 1.00 ਵਜੇ ਤੱਕ
2. ਪਟਿਆਲਾ - ਸ੍ਰੀ ਕਾਲੀ ਮਾਤਾ ਮੰਦਿਰ, ਮਾਲ ਰੋਡ, ਵਿਖੇ ਹਰ ਸ਼ਨੀਵਾਰ ਨੂੰ 12.00 ਤੋਂ 2.00 ਵਜੇ ਤੱਕ
3. ਧੂਰੀ ਵਿਖੇ- ਓਰਬਿਸ ਅੱਖਾਂ ਦਾ ਹਸਪਤਾਲ ਮਾਲਗੋਦਾਮ ਰੋਡ, ਹਰ ਵੀਰਵਾਰ ਨੂੰ 10.00 ਤੋਂ 1.00 ਵਜੇ ਤੱਕ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ INTERNATIONAL PAPER, 94636 01616 hardipchumber57@gmail.com

ਕੋਈ ਪਰਚੀ ਫੀਸ ਨਹੀਂ ਲਈ ਜਾਂਦੀ

ਸਹੂਲਤਾਂ ਉਪਲੱਬਧ

ਭੈਂਗਾਪਣ, ਫੈਕੋ (ਮੋਤੀਆ ਬਿੰਦ ਦਾ ਅਪਰੇਸ਼ਨ), ਕਾਲਾ ਮੋਤੀਆ, ਅੰਦਰੂਨੀ ਸੰਪਰਕ ਲੇਨਜ,ਲੈਸਿਕ ਲੇਜਰ ਸਰਜਰੀ, ਗਰੀਨ ਲੇਜਰ ਡਾਇਬਿਟਕ ਰੈਟੀਨੋਪੈਥੀ ਲਈ, ND YAG ਲੇਜ਼ਰ, ਐ.ਸੀ.ਟੀ., ਓਪਟੀਕਲ ਸੈਕਸ਼ਨ ਮੁਫ਼ਤ ਚੈਕ ਅਪ ਲਈ ਹਰ ਬੁੱਧਵਾਰ

ਡਾ. ਧਰਮਵੀਰ ਚਾਲ੍ਹੀਆਂ
ਪ੍ਰੋਫੈਸਰ ਅਤੇ ਮੁੱਖੀ ਅੱਖ ਵਿਭਾਗ (ਐਕਸ), ਰਾਜਿੰਦਰਾ ਹਸਪਤਾਲ, ਪਟਿਆਲਾ।

Mr. Vinod Kumar (Senior Ophthalmic Officer)
ORBIS EYE HOSPITAL

ਸੰਪਰਕ : 79862-19782, 94638-90982, 98155-01082


# ਬਾਰ੍ਹਵੀਂ ਪਾਸ ਲੜਕੀਆਂ ਲਈ ਕਮਿਸ਼ਨਡ ਅਫ਼ਸਰ ਵਜੋਂ ਕੈਰੀਅਰ ਸ਼ੁਰੂ ਕਰਨ ਦਾ ਸੁਨਹਿਰੀ ਮੌਕਾ - ਅੰਕੁਰਜੀਤ ਸਿੰਘ

## ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫ਼ਾਰ ਗਰਲਜ਼ ਵੱਲੋਂ 27 ਅਪ੍ਰੈਲ ਨੂੰ ਲਈ ਜਾਵੇਗੀ ਦਾਖ਼ਲਾ ਪ੍ਰੀਖਿਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਪੰਜਾਬ ਸਰਕਾਰ ਵੱਲੋਂ ਫ਼ੌਜ ਵਿਚ ਕਮਿਸ਼ਨਡ ਅਫ਼ਸਰ ਵਜੋਂ ਕੈਰੀਅਰ ਸ਼ੁਰੂ ਕਰਨ ਦੀਆਂ ਚਾਹਵਾਨ ਲੜਕੀਆਂ ਨੂੰ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼, ਮੁਹਾਲੀ ਵਿਖੇ ਸਿਖਲਾਈ ਹਾਸਲ ਕਰਨ ਦਾ ਸੁਨਹਿਰੀ ਮੌਕਾ ਪ੍ਰਦਾਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਪੰਜਾਬ ਸਰਕਾਰ ਦੁਆਰਾ ਸੈਕਟਰ 66, ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਵਿਚ ਲੜਕੀਆਂ ਲਈ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਇੰਸਟੀਚਿਊਟ ਵਿਚ ਨੌਜਵਾਨ ਕੁੜੀਆਂ ਨੂੰ ਰੱਖਿਆ ਸੇਵਾਵਾਂ ਵਿਚ ਕਮਿਸ਼ਨਡ ਅਫ਼ਸਰ ਵਜੋਂ ਕੈਰੀਅਰ ਲਈ ਸਿਖਲਾਈ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇੰਸਟੀਚਿਊਟ ਵੱਲੋਂ 27 ਅਪ੍ਰੈਲ, 2025 ਨੂੰ ਗਿਆਰਵੇਂ ਬੈਚ ਲਈ ਦਾਖ਼ਲਾ ਪ੍ਰੀਖਿਆ ਲਈ ਜਾਣੀ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਆਪਣੇ ਗ੍ਰੈਜੂਏਟ ਬੈਚ ਲਈ 10+2 ਤੋਂ ਬਾਅਦ ਕੁੜੀਆਂ ਦੀ ਚੋਣ ਕਰਦੀ ਹੈ ਅਤੇ ਉਨ੍ਹਾਂ ਨੂੰ ਵੱਖ-ਵੱਖ ਮਹਿਲਾ ਅਫ਼ਸਰ ਐਂਟਰੀ ਸਕੀਮਾਂ ਰਾਹੀਂ ਰੱਖਿਆ ਸੇਵਾਵਾਂ ਵਿਚ ਕਮਿਸ਼ਨ ਲਈ ਤਿਆਰ ਕਰਦੀ ਹੈ। ਸੰਸਥਾ ਵਿਚ ਆਮ ਜਾਣਕਾਰੀ, ਕਮਿਊਨੀਕੇਸ਼ਨ ਸਕਿੱਲਜ਼, ਵਿਅਕਤੀਤਵ ਵਿਕਾਸ ਤੇ ਆਤਮ-ਵਿਸ਼ਵਾਸ ਸਿਰਜਣਾ, ਐਨ. ਸੀ. ਸੀ. ਸਿਖਲਾਈ, ਸਰੀਰਕ ਸਿੱਖਿਆ ਅਤੇ ਅੰਦਰੂਨੀ ਤੇ ਬਾਹਰੀ ਖੇਡ ਗਤੀਵਿਧੀਆਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਵਿਦਿਆਰਥਣਾਂ ਨੂੰ ਪੇਸ਼ੇਵਰਾਂ ਵੱਲੋਂ ਐੱਸ. ਐੱਸ. ਬੀ. ਅਤੇ ਹਥਿਆਰਬੰਦ ਬਲਾਂ ਵਿਚ ਜਾਣ ਲਈ ਦਾਖ਼ਲਾ ਪ੍ਰੀਖਿਆ ਦੀ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਥੋਂ ਸਿਖਲਾਈ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਨੂੰ ਐਮ. ਸੀ. ਐਮ. ਡੀ. ਏ. ਵੀ. ਕਾਲਜ ਚੰਡੀਗੜ੍ਹ ਤੋਂ 3 ਸਾਲ ਦੀ ਗ੍ਰੈਜੂਏਸ਼ਨ ਡਿਗਰੀ ਦਿੱਤੀ ਜਾਂਦੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਿਨੈਕਾਰਾਂ ਲਈ ਮੁੱਢਲੀ ਯੋਗਤਾ ਵਿਚ ਪੰਜਾਬ ਦਾ ਵਸਨੀਕ ਹੋਣਾ ਅਤੇ ਬਾਰ੍ਹਵੀਂ ਦੀ ਪ੍ਰੀਖਿਆ ਪਾਸ ਕੀਤੇ ਹੋਣਾ ਸ਼ਾਮਲ ਹੈ।ਚਾਹਵਾਨ ਉਮੀਦਵਾਰ ਦਾਖ਼ਲਾ ਪ੍ਰੀਖਿਆ ਲਈ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਦੇ



ਆਨਲਾਈਨ ਪੋਰਟਲ www.mbafpigirls.in ‘ਤੇ ਕਲਿੱਕ ਕਰਕੇ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਿਖਲਾਈ, ਬੋਰਡਿੰਗ, ਰਿਹਾਇਸ਼, ਮੈਸਿੰਗ, ਵਰਦੀਆਂ ਅਤੇ ਪਹਿਰਾਵੇ ਆਦਿ ਦਾ ਸਾਰਾ ਖ਼ਰਚਾ ਪੰਜਾਬ ਸਰਕਾਰ ਦੁਆਰਾ ਅਦਾ ਕੀਤਾ ਜਾਂਦਾ ਹੈ। ਉਨ੍ਹਾਂ ਜ਼ਿਲ੍ਹੇ ਦੀਆਂ ਫ਼ੌਜ ਵਿਚ ਕਮਿਸ਼ਨਡ ਅਫ਼ਸਰ ਵਜੋਂ ਕੈਰੀਅਰ ਸ਼ੁਰੂ ਕਰਨ ਦੀਆਂ ਚਾਹਵਾਨ ਲੜਕੀਆਂ ਨੂੰ ਇਸ ਸੁਨਹਿਰੀ ਮੌਕੇ ਦਾ ਲਾਭ ਲੈਣ ਦੀ ਅਪੀਲ ਕੀਤੀ ਹੈ।

# ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਆਪਸੀ ਤਾਲਮੇਲ ਨਾਲ ਕੰਮ ਕਰਨ ਵਿਭਾਗ - ਅੰਕੁਰਜੀਤ ਸਿੰਘ

## ਡਿਪਟੀ ਕਮਿਸ਼ਨਰ ਦੀ ਪ੍ਰਧਾਨਗੀ ਹੇਠ ‘ਐਨਕੋਰਡ’ ਕਮੇਟੀ ਦੀ ਹੋਈ ਮੀਟਿੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਨਸ਼ਿਆਂ ਦੀ ਰੋਕਥਾਮ ਲਈ ਵਿਭਾਗਾਂ ਵਿਚ ਬਿਹਤਰ ਤਾਲਮੇਲ ਦੇ ਉਦੇਸ਼ ਨਾਲ ਗਠਿਤ ‘ਐਨਕੋਰਡ’ ਕਮੇਟੀ ਦੀ ਮੀਟਿੰਗ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਅੰਦਰ ਵੱਖ-ਵੱਖ ਵਿਭਾਗਾਂ ਵੱਲੋਂ ਨਸ਼ਿਆਂ ਦੀ ਰੋਕਥਾਮ ਤੇ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਕੀਤੇ ਜਾ ਰਹੇ ਕਾਰਜਾਂ ਦੀ ਸਮੀਖਿਆ ਕੀਤੀ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਉਨ੍ਹਾਂ ਹਦਾਇਤ ਕੀਤੀ ਕਿ ਜ਼ਿਲ੍ਹੇ ਵਿਚ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਸਮੂਹ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਨਸ਼ਿਆਂ ‘ਤੇ ਲਗਾਮ ਕੱਸਣ ਲਈ ਸਿਵਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਲਗਾਤਾਰ ਹਰ ਸੰਭਵ ਯਤਨ ਤੇ ਯੋਗ ਉਪਰਾਲੇ ਕੀਤੇ ਜਾਣ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਵਿਚ ਜਾਣ ਤੋਂ ਰੋਕਣ ਲਈ ਉਨ੍ਹਾਂ ਨੂੰ ਖੇਡਾਂ ਅਤੇ ਹੋਰਨਾਂ ਉਸਾਰੂ ਗਤੀਵਿਧੀਆਂ ਨਾਲ ਜੋੜਿਆ ਜਾਵੇ ਤਾਂ ਜੋ ਉਨ੍ਹਾਂ ਦਾ ਧਿਆਨ ਕੁਰੀਤੀਆਂ ਵੱਲ ਨਾ ਜਾਵੇ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਕੂਲਾਂ ਵਿਚ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਡਰੱਗ ਇੰਸਪੈਕਟਰ ਨੂੰ ਹਦਾਇਤ ਕੀਤੀ ਕਿ ਨਸ਼ੀਲੀਆਂ ਦਵਾਈਆਂ ਦੀ ਵਿਕਰੀ ਨੂੰ ਸਖ਼ਤੀ ਨਾਲ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਇਸ ਸਬੰਧੀ ਲਗਾਤਾਰ ਚੈਕਿੰਗਾਂ ਕੀਤੀਆਂ ਜਾਣ, ਤਾਂ ਜੋ ਨਸ਼ੇ ਦੀ ਸਪਲਾਈ ਨਾ ਹੋਵੇ।ਇਸ ਦੌਰਾਨ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਪੁਲਿਸ ਵੱਲੋਂ ਜ਼ਿਲ੍ਹੇ ਅੰਦਰ ਨਸ਼ਿਆਂ ਦੀ ਰੋਕਥਾਮ ਦੇ ਮੱਦੇਨਜ਼ਰ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਨਸ਼ਾ ਤਸਕਰਾਂ ‘ਤੇ ਲਗਾਮ ਕੱਸੀ ਗਈ ਹੈ ਅਤੇ ਹੌਟ ਸਪੌਟ ਇਲਾਕਿਆਂ ਵਿਚ ਵੱਡੀ ਮੁਹਿੰਮ ਵਿੱਢੀ ਗਈ ਹੈ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਪਿੰਡਾਂ ਜਾਂ ਸ਼ਹਿਰਾਂ ‘ਚ ਤੁਹਾਡੇ ਆਲੇ-ਦੁਆਲੇ ਕੋਈ ਵੀ ਤਸਕਰ ਨਸ਼ਾ ਵੇਚਦਾ ਹੈ ਤਾਂ ਉਹ ਉਸ ਦੀ ਸੂਚਨਾ ਪੁਲਿਸ ਨੂੰ ਦੇਣ। ਉਨ੍ਹਾਂ ਕਿਹਾ ਕਿ ਨਸ਼ੇ ਦੇ ਸੌਦਾਗਰ ਦਾ ਪਤਾ ਦੱਸਣ ਵਾਲੇ ਵਿਅਕਤੀ ਦੀ ਪਹਿਚਾਣ ਤੇ ਨਾਮ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਐਸ. ਪੀ ਡਾ. ਮੁਕੇਸ਼, ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ, ਡੀ.ਐਸ.ਪੀ ਸੁਰਿੰਦਰ ਚਾਂਦ, ਡੀ.ਐਮ.ਸੀ ਡਾ. ਹਰਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਡਾਇਲ 112 ਨੂੰ ਅਪਗ੍ਰੇਡ ਕਰਨ ਲਈ 178 ਕਰੋੜ ਰੁਪਏ ਅਲਾਟ: ਪੰਜਾਬ ਪੁਲਿਸ ਦਾ ਐਮਰਜੈਂਸੀ ਰਿਸਪਾਂਸ ਸਮਾਂ ਘਟਾ ਕੇ 8 ਮਿੰਟ ਕਰਨ ਦਾ ਟੀਚਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਆਪਣੇ ਐਮਰਜੈਂਸੀ ਰਿਸਪਾਂਸ ਸਪੋਰਟ ਸਿਸਟਮ (ਈਆਰਐਸਐਸ) ਜਾਂ ਡਾਇਲ 112 ਨੂੰ ਅਪਗ੍ਰੇਡ ਕਰਨ ਲਈ 178 ਕਰੋੜ ਰੁਪਏ ਅਲਾਟ ਕਰਨ ਦੇ ਨਾਲ, ਪੰਜਾਬ ਪੁਲਿਸ ਨੇ ਐਮਰਜੈਂਸੀ ਸੇਵਾਵਾਂ ਨਾਲ ਸਬੰਧਤ ਚਾਰ ਮੁੱਖ ਵਿਭਾਗਾਂ – ਪੁਲਿਸ, ਸਿਹਤ, ਅੱਗ ਬੁਝਾਊ ਅਤੇ ਆਫ਼ਤ ਪ੍ਰਬੰਧਨ ਨੂੰ ਏਕੀਕ੍ਰਿਤ ਰਿਸਪਾਂਸ ਨੈੱਟਵਰਕ ਵਿੱਚ ਜੋੜਨ ਲਈ ਯਤਨ ਹੋਰ ਤੇਜ਼ ਕਰ ਦਿੱਤੇ ਹਨ, ਜਿਸਦਾ ਟੀਚਾ ਐਮਰਜੈਂਸੀ ਰਿਸਪਾਂਸ ਸਮਾਂ 25 ਮਿੰਟ ਤੋਂ ਘਟਾ ਕੇ 8 ਮਿੰਟ ਕਰਕੇ ਨਵਾਂ ਰਾਸ਼ਟਰੀ ਮਾਪਦੰਡ ਸਥਾਪਤ ਕਰਨਾ ਹੈ।

ਜ਼ਿਕਰਯੋਗ ਹੈ ਕਿ ਵਿੱਤੀ ਸਾਲ 2025-26 ਲਈ ‘ਬਦਲਦਾ ਪੰਜਾਬ’ ਬਜਟ ਵਿੱਚ ਪੰਜਾਬ ਸਰਕਾਰ ਨੇ ਐਮਰਜੈਂਸੀ ਰਿਸਪਾਂਸ ਵਾਹਨਾਂ ਦੇ ਫਲੀਟ ਦੇ ਵਿਸਥਾਰ ਅਤੇ ਜ਼ਿਲ੍ਹਾ ਕੰਟਰੋਲ ਰੂਮਾਂ ਦੇ ਅਪਗ੍ਰੇਡੇਸ਼ਨ ਲਈ 125 ਕਰੋੜ ਰੁਪਏ ਅਲਾਟ ਕੀਤੇ ਹਨ, ਜਦੋਂ ਕਿ ‘ਡਾਇਲ 112’ ਹੈਲਪਲਾਈਨ ਦੇ ਨਵੇਂ ਹੈੱਡਕੁਆਰਟਰ ਦੇ ਨਿਰਮਾਣ ਲਈ 53 ਕਰੋੜ ਰੁਪਏ ਅਲਾਟ ਕੀਤੇ ਗਏ ਹਨ।

ਈਆਰਐਸਐਸ ਦੀ ਸੂਬਾ ਪੱਧਰੀ ਸਟੀਅਰਿੰਗ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਜੰਗੀ ਪੱਧਰ ‘ਤੇ ਲਾਗੂ ਕੀਤੀ ਜਾ ਰਹੀ ਇਹ ਵਿਆਪਕ ਸੁਧਾਰ ਪ੍ਰਣਾਲੀ ਤਿੰਨ ਮਹੱਤਵਪੂਰਨ ਖੇਤਰਾਂ ‘ਤੇ ਕੇਂਦ੍ਰਿਤ ਹੈ, ਜਿਨ੍ਹਾਂ ਵਿੱਚੋਂ ਪਹਿਲਾ ਤਕਨੀਕੀ ਏਕੀਕਰਨ ਰਾਹੀਂ ਵਿਭਾਗਾਂ ਵਿਚਕਾਰ ਨਿਰਵਿਘਨ ਤਾਲਮੇਲ ਸਥਾਪਤ ਕਰਨਾ ਹੈ, ਜਿੱਥੇ ਡਾਇਲ-112 ‘ਤੇ ਸਾਰੀਆਂ ਐਮਰਜੈਂਸੀ ਕਾਲਾਂ ਸਬੰਧਤ ਸੇਵਾਵਾਂ ਵੱਲ ਭੇਜ ਦਿੱਤੀਆਂ ਜਾਣਗੀਆਂ।

# ਸਲੱਮ ਇਲਾਕਿਆਂ ਵਿੱਚ ਹਾਈ ਰਿਸਕ ਗਰਭਵਤੀ ਮਹਿਲਾਵਾਂ ਲਈ ਵਿਸ਼ੇਸ਼ ਜਾਂਚ ਕੈਂਪ ਆਯੋਜਿਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



ਰੂਪਨਗਰ,ਮੰਦਵਾੜਾ, 28 ਮਾਰਚ 2025 – ਆਯੁਸ਼ਮਾਨ ਆਰੋਗਿਆ ਕੇਂਦਰ ਮੰਦਵਾੜਾ ਦੇ ਅਧੀਨ ਆਉਂਦੇ ਸਲੱਮ ਇਲਾਕਿਆਂ ਵਿੱਚ ਹਾਈ ਰਿਸਕਗਰਭਵਤੀ ਮਹਿਲਾਵਾਂ ਦੀ ਸਿਹਤ ਸੰਭਾਲ ਲਈ 28 ਮਾਰਚ 2025 ਨੂੰ ਵਿਸ਼ੇਸ਼ ਜਾਂਚ ਕੈਂਪ ਆਯੋਜਿਤ ਕੀਤਾ ਗਿਆ।

ਇਹ ਪੂਰਾ ਕੈਂਪ ਕਮਿਉਨਿਟੀ ਹੈਲਥ ਅਫਸਰ ਅਮਨਦੀਪ ਕੌਰ ਅਤੇ ਹੈਲਥ ਵਰਕਰ ਜਸਵਿੰਦਰ ਕੌਰ ਵੱਲੋਂ ਹੈਲਥ ਸੁਪਰਵਾਈਜ਼ਰ ਗੁਰਦਿਆਲ ਕੌਰ ਦੀ ਦੇਖਰੇਖ ਹੇਠ ਆਯੋਜਿਤ ਕੀਤਾ ਗਿਆ।

ਇਸ ਦੌਰਾਨ ਹੈਲਥ ਵਰਕਰ ਜਸਵਿੰਦਰ ਕੌਰ ਵੱਲੋਂ ਗਰਭਵਤੀ ਮਹਿਲਾਵਾਂ ਦੀ ਸੰਪੂਰਨ ਸਿਹਤ ਜਾਂਚ ਕੀਤੀ ਗਈ, ਜਿਸ ਵਿੱਚ ਰਕਤ ਦਬਾਅ, ਹੀਮੋਗਲੋਬਿਨ, ਸ਼ੁਗਰ ਅਤੇ ਹੋਰ ਜਰੂਰੀ ਜਾਂਚਾਂ ਸ਼ਾਮਲ ਸਨ। ਮਹਿਲਾਵਾਂ ਨੂੰ ਪੋਸ਼ਣ, ਟੀਕਾਕਰਣ, ਸੁਰੱਖਿਅਤ ਪ੍ਰਸਵ ਅਤੇ ਬੱਚਿਆਂ ਦੀ ਸਿਹਤ ਸੰਭਾਲ ਬਾਰੇ ਜਾਗਰੂਕ ਕੀਤਾ ਗਿਆ।

ਸੀਨੀਅਰ ਮੈਡੀਕਲ ਅਫਸਰ ਡਾਕਟਰ ਆਨੰਦ ਘਈ ਨੇ ਕਿਹਾ ਕਿ ਹਾਈ ਰਿਸਕਗਰਭਵਤੀ ਮਹਿਲਾਵਾਂ ਦੀ ਸਿਹਤ ਦੀ ਸੰਭਾਲ ਕਰਨੀ ਬਹੁਤ ਜ਼ਰੂਰੀ ਹੈ। ਅਜਿਹੇ ਕੈਂਪ ਉਨ੍ਹਾਂ ਦੀ ਸਿਹਤ ਸੁਰੱਖਿਆ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਉਪਰਾਲਾ ਮਾਂ ਅਤੇ ਬੱਚੇ ਦੀ ਤੰਦਰੁਸਤੀ ਨੂੰ ਸੁਨਿਸ਼ਚਿਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਇਸ ਮੌਕੇ ਸੈਨੇਟਰੀ ਇੰਸਪੈਕਟਰ ਵਿਵੇਕ ਵੱਲੋਂ ਇਨ੍ਹਾਂ ਸਲਮ ਇਲਾਕਿਆਂ ਵਿੱਚ ਸਫਾਈ ਅਤੇ ਸੈਨਿਟੇਸ਼ਨ ਸੰਬੰਧੀ ਵਿਸ਼ੇਸ਼ ਲੈਕਚਰ ਦਿੱਤਾ ਗਿਆ। ਉਨ੍ਹਾਂ ਨੇ ਲੋਕਾਂ ਨੂੰ ਸਫਾਈ ਦੀ ਮਹੱਤਤਾ, ਗੰਦੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ, ਅਤੇ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸਫਾਈ ਦੇ ਸੁਧਾਰੇ ਗੁਣ ਬਾਰੇ ਜਾਗਰੂਕ ਕੀਤਾ।

ਇਹ ਯਤਨ ਹਾਈ ਰਿਸਕਗਰਭਵਤੀ ਮਹਿਲਾਵਾਂ ਦੀ ਸਿਹਤ ਸੁਨਿਸ਼ਚਿਤ ਕਰਨ ਅਤੇ ਮਾਂ ਅਤੇ ਬੱਚੇ ਦੀ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਕੀਤਾ ਗਿਆ। ਆਯੁਸ਼ਮਾਨ ਆਰੋਗਿਆ ਕੇਂਦਰ ਮੰਦਵਾੜਾ ਵੱਲੋਂ ਆਗਾਮੀ ਦਿਨਾਂ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਆਯੋਜਿਤ ਕਰਨ ਦੀ ਯੋਜਨਾ ਬਣਾਈ ਜਾ ਰਹੀ ਹੈ।

# ਦਸਤਾਰ ਅਤੇ ਕੇਸਾਂ ਦੀ ਬੇਅਦਬੀ ਸਬੰਧੀ ਐਸ ਐਸ ਪੀ ਸਾਹਿਬ ਨੂੰ ਮਿਲਣ ਦੇ ਬਾਵਜੂਦ ਨਹੀਂ ਹੋਈ ਕਾਰਵਾਈ : ਸਿੰਗੜੀਵਾਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com




ਹੁਸ਼ਿਆਰਪੁਰ 28 ਮਾਰਚ (ਤਰਸੇਮ ਦੀਵਾਨਾ ) ਥਾਣਾ ਮਾਹਿਲਪੁਰ ਦੇ ਅਧੀਨ ਆਉਂਦੇ ਪਿੰਡ ਅਲਾਵਲਪੁਰ ਵਿਖੇ ਹੋਏ ਝਗੜੇ ਸਬੰਧੀ ਪੰਚਾਇਤ ਵਿੱਚ ਝਗੜਾ ਨਾ ਨਿਬੜਦਾ ਦੇਖ ਕੇ ਮੈਂਬਰ ਪੰਚਾਇਤ ਅਮਰ ਹੀਰਾ ਅਤੇ ਸਾਥੀ ਵਾਪਸ ਆਪਣੇ ਘਰਾਂ ਨੂੰ ਜਾ ਰਹੇ ਸਨ ਉਸ ਸਮੇਂ ਕੁਝ ਵਿਅਕਤੀਆਂ ਨੇ ਪਿੱਛੇ ਆ ਕੇ ਅੰਮ੍ਰਿਤਧਾਰੀ ਗੁਰਸਿੱਖ ਕੁਲਵੰਤ ਸਿੰਘ ਦੀ ਦਸਤਾਰ ਅਤੇ ਕੇਸਾਂ ਦੀ ਮੰਦ ਭਾਵਨਾ ਨਾਲ ਬੇਅਦਬੀ ਕਰਕੇ ਭਾਵਨਾਵਾਂ ਨੂੰ ਡੂੰਘੀ ਸੱਟ ਮਾਰੀ ਜਿਸ ਦੀ ਵੀਡੀਓ ਫੁਟੇਜ ਵੀ ਉਪਲਬਧ ਹੈ ਦੇ ਸਬੰਧੀ ਸਿੱਖ ਜਥੇਬੰਦੀਆਂ ਦਾ ਇੱਕ ਵਫਦ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਆਪਣੇ ਸਾਥੀਆਂ ਦੀ ਅਗਵਾਈ ਹੇਠ ਐਸ ਐਸ ਪੀ ਸੰਦੀਪ ਮਲਿਕ ਆਈ ਪੀ ਐਸ ਹੁਸ਼ਿਆਰਪੁਰ ਨੂੰ ਮਿਲਿਆ ਸੀ ਜਿਨ੍ਹਾਂ ਨੇ ਵਫਦ ਨੂੰ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਸੀ ਪਰ ਕਾਫੀ ਦਿਨ ਬੀਤਣ ਦੇ ਬਾਵਜੂਦ ਵੀ ਐਸ ਐਚ ਓ ਮਾਹਿਲਪੁਰ ਅਤੇ ਚੌਂਕੀ ਇੰਚਾਰਜ ਕੋਟ ਫਤੂਹੀ ਸਿਆਸੀ ਦਬਾਅ ਅਧੀਨ ਇਸ ਬੇਅਦਬੀ ਸਬੰਧੀ ਕੋਈ ਕਾਰਵਾਈ ਨਹੀਂ ਕਰ ਰਹੇ ਇਸ ਘਟਨਾ ਦੀ ਪੱਤਰਕਾਰਾਂ ਨੂੰ ਜਾਣਕਾਰੀ ਗੁਰਨਾਮ ਸਿੰਘ ਸਿੰਗੜੀਵਾਲਾ ਜਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦਿੱਤੀ ਅਤੇ ਆਗੂਆਂ ਨੇ ਸਾਂਝੇ ਤੌਰ ਤੇ ਕਿਹਾ ਕਿ ਜੇਕਰ ਇੱਕ ਦੋ ਦਿਨਾਂ ਚ' ਦਸਤਾਰ ਅਤੇ ਕੇਸਾਂ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਖਿਲਾਫ ਕਾਰਵਾਈ ਨਾ ਹੋਈ ਤਾਂ ਮਾਹਿਲਪੁਰ ਥਾਣੇ ਦਾ ਘਿਰਾਓ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਫੂਕਿਆ ਜਾਵੇਗਾ ਕਿਉਂਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਕੋਈ ਕਦਰ ਨਹੀਂ ਕੀਤੀ ਜਾ ਰਹੀ ਅਤੇ ਪੁਲਿਸ ਪ੍ਰਸ਼ਾਸਨ ਤੇ ਦਬਾਅ ਪਾ ਕੇ ਮਸਲਿਆਂ ਨੂੰ ਖੁਰਦ ਬੁਰਦ ਕੀਤਾ ਜਾ ਰਿਹਾ ਹੈ ਜਿਸ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ ਇਸ ਸਮੇਂ ਮੈਂਬਰ ਪੰਚਾਇਤ ਅਮਰ ਹੀਰਾ, ਰਣਜੀਤ ਸਿੰਘ, ਕੁਲਵੰਤ ਸਿੰਘ ਤੇ ਮਨਜੀਤ ਸਿੰਘ ਆਦਿ ਹਾਜ਼ਰ ਸਨ।

# ਮਾਨ ਸਰਕਾਰ ਨੇ ਪੇਸ਼ ਕੀਤੇ ਬੱਜਟ ਵਿੱਚ ਔਰਤਾਂ ਨਾਲ 1,000 ਰੁਪਏ ਦੇਣ ਦੇ ਕੀਤੇ ਵਾਅਦੇ ਨੂੰ ਅਣਦੇਖਿਆ ਕੀਤਾ : ਵਿਸ਼ਵਨਾਥ ਬੰਟੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ 28 ਮਾਰਚ ( ਤਰਸੇਮ ਦੀਵਾਨਾ ) ਆਮ ਆਦਮੀ ਪਾਰਟੀ ਨੇ ਚੋਣਾਂ ਦੋਰਾਨ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰਦਿਆਂ ਬਹੁਤ ਸਾਰੀਆਂ ਗਰੰਟੀਆਂ ਦੇ ਕੇ ਸੱਤਾ ਤਾਂ ਹਾਸਲ ਕਰ ਲਈ ਪਰ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਔਰਤਾਂ ਨਾਲ ਕੀਤੇ 1000 ਰੁਪਏ ਮਹੀਨਾ ਦੇਣ ਦੇ ਪ੍ਰਮੁੱਖ ਵਾਅਦੇ ਨੂੰ ਪੂਰਾ ਕਰਨ ਵਿੱਚ ਨਾਕਾਮ ਰਹੀ ਹੈ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਦੇ ਉੱਘੇ ਆਗੂ ਅਤੇ ਗਊਸ਼ਾਲਾ ਦੇ ਪ੍ਰਧਾਨ ਵਿਸ਼ਵਨਾਥ ਬੰਟੀ ਨੇ ਕੁਝ ਪੱਤਰਕਾਰਾਂ ਨਾਲ ਇੱਕ ਪ੍ਰੈਸ ਵਾਰਤਾ ਦੌਰਾਨ ਕੀਤਾ ! ਉਹਨਾਂ ਕਿਹਾ ਕਿ

ਪੰਜਾਬ ਸਰਕਾਰ ਵੱਲੋਂ ਪੇਸ਼ ਕੀਤਾ ਗਿਆ ਬੱਜਟ ਕੇਵਲ ਮਹਿਲਾਵਾਂ ਵਿਰੋਧੀ ਹੀ ਨਹੀਂ ਸਗੋਂ ਕਿਸਾਨ ਮਜ਼ਦੂਰ ,ਵਪਾਰ,ਰੁਜ਼ਗਾਰ ਤੇ ਪੰਜਾਬ ਵਿਰੋਧੀ ਵੀ ਹੈ । ਉਹਨਾਂ ਕਿਹਾ ਕਿ ਸੂਬਾ ਸਰਕਾਰ ਦਾ ਇਹ ਬੱਜਟ ਬਾਹਰੋਂ ਭਰਿਆ ਹੋਇਆ ਦਿਖਾਈ ਦਿੰਦਾ ਹੈ ਤੇ ਅੰਦਰੋ ਪੂਰੀ ਤਰ੍ਹਾਂ ਖੋਖਲਾ ਹੈ ਕਿਉਂਕਿ ਇਸ ਵਿੱਚ ਕਿਸੇ ਵੀ ਵਰਗ ਲਈ ਨਵਾਂ ਕੁਝ ਵੀ ਨਹੀਂ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਕਿਸਾਨਾਂ,ਮਜ਼ਦੂਰਾਂ,ਮੁਲਾਜ਼ਮਾਂ ਤੇ ਬੇਰੁਜ਼ਗਾਰ ਨੌਜਵਾਨਾਂ ਲਈ ਇਸ ਬੱਜਟ ਵਿੱਚ ਵਿਖਾਵੇ ਤੋਂ ਬਿਨਾਂ ਹੋਰ ਕੁਝ ਨਜ਼ਰ ਨਹੀਂ ਆ ਰਿਹਾ। ਉਹਨਾਂ ਕਿਹਾ ਕਿ ਹੈਰਾਨੀ ਵਾਲੀ ਗੱਲ ਇਹ ਹੈ ਕਿ ਪੰਜਾਬ ਸਰਕਾਰ ਨੇ ਤਿੰਨ ਸਾਲ ਵਿੱਚ ਪੰਜਾਬ ਸਿਰ ਇੱਕ ਲੱਖ ਕਰੋੜ ਤੋਂ ਵੱਧ ਕਰਜ਼ੇ ਵਿੱਚ ਤਾਂ ਵਾਧਾ ਕਰ ਦਿੱਤਾ ਹੈ ਪਰ ਮਾਨ ਸਰਕਾਰ ਵੱਲੋਂ ਲੋਕ ਸੁਵਿਧਾਵਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ। ਉਨ੍ਹਾਂ ਪੰਜਾਬ ਸਰਕਾਰ ਦੇ ਤੰਜ ਕੱਸਦਿਆਂ ਕਿਹਾ ਕਿ ਜੇਕਰ ਤੁਸੀਂ ਤਿੰਨ ਸਾਲ ਪਹਿਲਾਂ ਲੋਕਾਂ ਨਾਲ ਕੀਤੇ ਚੋਣ ਵਾਅਦੇ ਭੁੱਲ ਗਏ ਹੋ ਤਾਂ ਘੱਟੋ ਘੱਟ ਛੇ ਮਹੀਨੇ ਪਹਿਲਾਂ ਜ਼ਿਮਨੀ ਚੋਣਾਂ ਚ ਕੀਤੇ ਵਾਅਦਿਆਂ ਨੂੰ ਤਾਂ



ਯਾਦ ਰੱਖ ਕੇ ਲੈਂਦੇ । ਉਹਨਾਂ ਅੱਗੇ ਕਿਹਾ ਕਿ ਪੰਜਾਬ ਦੀ ਜਨਤਾ ਆਪ ਦੀ ਨਿਕੰਮੀ ਸਰਕਾਰ ਨੂੰ ਬਦਲਣ ਲਈ ਬਿਲਕੁਲ ਤਿਆਰ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਵੱਡੇ ਬਹੁਮਤ ਨਾਲ ਚੋਣਾਂ ਜਿੱਤ ਕੇ ਪੰਜਾਬ ਵਿੱਚ ਆਪਣੀ ਸਰਕਾਰ ਬਣਾਵੇਗੀ।

# ਤਰਕਸ਼ੀਲ ਸੁਸਾਇਟੀ ਇਕਾਈ ਸੁਨਾਮ ਦਾ ਚੋਣ ਇਜਲਾਸ ਮਾਸਟਰ ਪਰਮਵੇਦ ਦੀ ਨਿਗਰਾਨੀ ਹੇਠ ਸੰਪੰਨ

## ਵਿਸ਼ਵ ਕਾਂਤ ਬਣੇ ਜਥੇਬੰਦਕ ਮੁਖੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com




ਸੁਨਾਮ ਊਧਮ ਸਿੰਘ ਵਾਲਾ, 28 ਮਾਰਚ (ਜਗਸੀਰ ਲੌਂਗੋਵਾਲ)- ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੁਨਾਮ ਦਾ ਚੋਣ ਇਜਲਾਸ ਪੈਨਸ਼ਨ ਦਫ਼ਤਰ ਸੁਨਾਮ ਵਿਖੇ ਦੇਵਿੰਦਰ ਸਿੰਘ ਦੀ ਪ੍ਰਧਾਨਗੀ ਵਿੱਚ ਤੇ ਜੋਨ ਜਥੇਬੰਦਕ ਮੁਖੀ ਮਾਸਟਰ ਪਰਮ ਵੇਦ ਤੇ ਮੀਡੀਆ ਮੁਖੀ ਸੀਤਾ ਰਾਮ ਦੀ ਨਿਗਰਾਨੀ ਵਿੱਚ ਹੋਇਆ।ਇਸ ਚੋਣ ਇਜਲਾਸ ਵਿੱਚ ਸਭ ਤੋਂ ਪਹਿਲਾਂ ਦੇਵਿੰਦਰ ਸਿੰਘ ਨੇ ਦੋ ਸਾਲਾਂ ਦੇ ਲੇਖਾ ਜੋਖਾ ਰਿਪੋਰਟ ਪੇਸ਼ ਕੀਤੀ।ਇਸ ਰਿਪੋਰਟ ਉੱਤੇ ਭਰਵੀਂ ਚਰਚਾ ਤੋਂ ਬਾਅਦ ਰਿਪੋਰਟ ਨੂੰ ਪਾਸ ਕੀਤਾ ਗਿਆ।ਇਸ ਰਿਪੋਰਟ ਦੇ ਪਾਸ ਹੋਣ ਉਪਰੰਤ ਪਹਿਲੀ ਕਾਰਜਕਾਰਨੀ ਨੂੰ ਭੰਗ ਕੀਤਾ ਗਿਆ।ਜੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਤੇ ਮੀਡੀਆ ਮੁਖੀ ਸੀਤਾ ਰਾਮ ਬਾਲਦ ਕਲਾਂ ਦੀ ਨਿਗਰਾਨੀ ਵਿੱਚ ਨਵੀਂ ਕਾਰਜਕਾਰਨੀ ਦਾ ਗਠਨ ਕੀਤਾ ਗਿਆ। ਸਰਵਸੰਮਤੀ ਨਾਲ ਹੋਈ ਚੋਣ ਵਿੱਚ ਵਿਸ਼ਵ ਕਾਂਤ ਨੂੰ ਜਥੇਬੰਦਕ ਵਿਭਾਗ ਦਾ ਮੁਖੀ , ਗੁਰਮੇਲ ਸਿੰਘ ਨੂੰ ਵਿੱਤ ਵਿਭਾਗ, ਗੁਰਜੰਟ ਸਿੰਘ ਨੂੰ ਮਾਨਸਿਕ ਸਿਹਤ ਮਸ਼ਵਰਾ ਵਿਭਾਗ , ਪਵਨ ਕੁਮਾਰ ਨੂੰ ਮੀਡੀਆ ਵਿਭਾਗ ਤੇ ਦਾਰਾ ਸਿੰਘ ਨੂੰ ਸਭਿਆਚਾਰ ਵਿਭਾਗ ਦੇ ਮੁਖੀ ਦੀ ਜਿੰਮਵਾਰ ਸੌਂਪੀ ਗਈ।ਦੇਵਿੰਦਰ ਸਿੰਘ ਨੂੰ ਡੈਲੀਗੇਟ ਚੁਣਿਆ ਗਿਆ ਜੋ ਬਾਕੀ ਡੈਲੀਗੇਟਾਂ ਨਾਲ ਸੂਬਾ ਤੇ ਜੋਨ ਦੇ ਚੋਣ ਇਜਲਾਸ ਵਿੱਚ ਭਾਗ ਲੈਣਗੇ।ਅਜ ਦੇ ਇਜਲਾਸ ਵਿੱਚ ਤਰਕਸ਼ੀਲ ਆਗੂਆਂਵਿਸ਼ਵ ਕਾਂਤ,ਪਵਨ ਕੁਮਾਰ, ਦਾਰਾ ਸਿੰਘ, ਗੁਰਜੰਟ ਸਿੰਘ ਗੁਰਮੇਲ ਸਿੰਘ ਤੇ ਦੇਵਿੰਦਰ ਸਿੰਘ ਨੇ ਇਕਾਈ ਵੱਲੋਂ ਵਿਗਿਆਨਕ ਸੋਚ ਦੇ ਪ੍ਰਚਾਰ ਪ੍ਰਸਾਰ ਹਿੱਤ ਕੀਤੀ ਜਾਂਦੀਆਂ ਸਰਗਰਮੀਆਂ ਨੂੰ ਬਾਕੀ ਮੈਂਬਰਾਂ ਦੇ ਸਹਿਯੋਗ ਨਾਲ,ਹੋਰ ਵਧਾਉਣ ਦਾ ਵਿਸ਼ਵਾਸ ਦਵਾਇਆ।

ਇਸ ਮੌਕੇ ਜੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਤੇ ਮੀਡੀਆ ਮੁਖੀ ਸੀਤਾ ਰਾਮ ਨੇ ਲੋਕਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ, ਵੇਲਾ ਵਿਹਾ ਚੁਕੀਆਂ ਰਸਮਾਂ ਦੇ ਹਨੇਰੇ ਵਿੱਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੀ ਰੋਸ਼ਨੀ ਵਿੱਚ ਆਉਣ ਦਾ ਭਾਵਪੂਰਤ ਸੱਦਾ ਦਿੰਦਿਆਂ ਕਿਸੇ ਗਲ ਨੂੰ ਮੰਨਣ ਤੋਂ ਪਰਖਣ ਲਈ ਕਿਹਾ।

# ਅੱਜ ਹਰ ਇੱਕ ਇਨਸਾਨ ਸਿੱਖਣਾ ਨਹੀਂ ਸਿਖਾਉਣਾ ਚਾਹੁੰਦਾ ਹੈ : ਕੁਲਦੀਪ ਸਿੰਘ ਬੰਦੇਸ਼ਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com

ਜੀਰਾ 28 ਮਾਰਚ ( ਅੰਗਰੇਜ਼ ਬਰਾੜ ) - ਅਜੋਕੇ ਯੁਗ ਵਿੱਚ ਜਿੱਥੇ ਕੋਈ ਕਿਸੇ ਦੀ ਗੱਲ ਸੁਣਨ ਲਈ ਤਿਆਰ ਨਹੀਂ ਉੱਥੇ ਹਰ ਇਨਸਾਨ ਕਿਸੇ ਕੋਲੋਂ ਕੁਝ ਸਿੱਖਣਾ ਨਹੀਂ ਸਗੋਂ ਸਿਖਾਉਣਾ ਚਾਹੁੰਦਾ ਹੈ! ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੁਰੂ ਤੇਗ ਬਹਾਦਰ ਸਾਹਿਬ ਗੁਰਦੁਆਰਾ ਭਾਗੋਕੇ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਪਿੰਡ ਝੀਤਾ ਦੇ ਸਾਬਕਾ ਸਰਪੰਚ ਸਰਦਾਰ ਕੁਲਦੀਪ ਸਿੰਘ ਬੰਦੇਸ਼ਾ ਨੇ ਪੱਤਰਕਾਰਾਂ ਕੋਲ ਕੀਤਾ। ਉਨਾ ਅੱਗੇ ਕਿਹਾ ਕਿ ਅੱਜ ਦਾ ਇਨਸਾਨ ਆਪਣੇ ਆਪ ਨੂੰ ਲੋੜ ਨਾਲੋਂ ਵੱਧ ਸਿਆਣਾ ਸਮਝਦਾ ਹੋਇਆ ਆਪਣਾ ਵੱਡਾ ਨੁਕਸਾਨ ਕਰਾ ਲੈਂਦਾ ਹੈ। ਪ੍ਰਧਾਨ ਕੁਲਦੀਪ ਸਿੰਘ ਬੰਦੇਸ਼ਾ ਨੇ ਅੱਗੇ ਕਿਹਾ ਕਿ ਇਨਸਾਨ ਅੰਦਰ ਨੈਤਿਕ ਸਿੱਖਿਆ ਦੀ ਘਾਟ ਹੋਣ ਦੇ ਕਾਰਨ ਵੱਡਿਆਂ ਦਾ ਸਤਿਕਾਰ ਅਤੇ ਛੋਟਿਆਂ ਨੂੰ ਪਿਆਰ ਦੇਣਾ ਦਿਨੋ ਦਿਨ ਭੁੱਲ ਰਿਹਾ ਹੈ।ਉਹਨਾਂ ਅੱਗੇ ਕਿਹਾ ਕਿ ਉਹਨਾਂ ਦੇ ਕੋਲ ਸਾਰੇ ਇਲਾਕੇ ਦੇ ਲੋਕ ਅਨੇਕਾਂ ਸਮੱਸਿਆਵਾਂ ਲੈ ਕੇ ਆਉਂਦੇ ਹਨ ਪਰ ਅਫਸੋਸ ਉਹ ਕਿਸੇ ਦੀ ਗੱਲ ਸੁਣਨ ਦੀ ਬਜਾਏ ਆਪਣੀ ਗੱਲ ਮੂਹਰੇ ਰੱਖਦੇ ਹਨ, ਜਦ ਦੋਹਾਂ ਧਿਰਾਂ ਦੇ ਵਿੱਚੋਂ ਦੋਹਾਂ ਧਰਾਂ ਨੂੰ ਸਮਝਾ ਬੁਝਾ ਕੇ ਬਰਾਬਰ ਬਿਠਾਈ ਦਾ ਹੈ ਤਾਂ ਫਿਰ ਆਪਣੇ ਆਪ ਮੰਨ ਜਾਂਦੇ ਹਨ ਕਿ ਗਲਤੀ ਸਾਡੇ ਵਿੱਚ



ਸੀ ! ਅਖੀਰ ਵਿੱਚ ਕੁਲਦੀਪ ਸਿੰਘ ਵਿਦੇਸ਼ਾਂ ਨੇ ਕਿਹਾ ਕਿ ਮਨੁੱਖ ਨੂੰ ਸਾਰੀ ਉਮਰ ਕੁਝ ਨਾ ਕੁਝ ਸਿੱਖਦੇ ਰਹਿਣਾ ਚਾਹੀਦਾ ਹੈ।

# 'ਕੈਂਪ ਲਾਓ ਨਸ਼ੇ ਛੁਡਾਉਣ ਦੇ ਲਈ'

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 28 ਮਾਰਚ INTERNATIONAL PAPER, 94636 01616 hardipchumber57@gmail.com



**ਮੇਜਰ ਸਿੰਘ 'ਬੁਢਲਾਡਾ' 94176 42327**

ਹੱਥ ਜੋੜ ਬੇਨਤੀ ਕੈਂਪ ਲਾਉਣ ਵਾਲਿਆਂ ਨੂੰ,
ਹੁਣ ਨਾਲ ਕੈਂਪ ਲਾਓ ਨਸ਼ੇ ਛੁਡਾਉਣ ਦੇ ਲਈ।

ਮਾਪਿਆਂ ਦੇ ਪੁੱਤ, ਧੀ ਦੀ ਜ਼ਿੰਦਗੀ ਲਈ,
ਸੁਹਾਗਣਾਂ ਦੇ ਸੁਹਾਗ ਬਚਾਉਣ ਦੇ ਲਈ।

ਗਾਲ ਦਿੱਤੀਆਂ ਜਵਾਨੀਆਂ ਘਰ ਬਾਰ ਨਾਲੇ,
ਨਸ਼ਿਆਂ ਦੇ ਦਰਿਆ ਨੂੰ ਠੱਲ ਪਾਉਣ ਦੇ ਲਈ।

'ਮੇਜਰ' ਦਿਉ ਇਧਰ ਵੀ ਧਿਆਨ ਸਾਰੇ,
ਲੋਕਾਂ ਨੂੰ ਨਸ਼ੇੜੀਆਂ ਤੋਂ ਰਾਹਤ ਦਿਵਾਉਣ ਦੇ ਲਈ।

# ਨੌਜਵਾਨ ਦੇਸ਼ ਲਈ ਚਾਨਣ ਮੁਨਾਰੇ ਬਣਨ: ਮਾਰਕੰਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਪਟਿਆਲਾ, 27 ਮਾਰਚ: 2025(ਬੇਅੰਤ ਸਿੰਘ ਰੋਹਟੀ ਖਾਸ) ਸਰਕਾਰੀ ਸਕੂਲ ਆਫ ਐਮੀਨੈਂਸ ਫੀਲਖਾਨਾ ਪਟਿਆਲਾ ਵਿਖੇ 7 ਰੋਜਾ ਵਿਸ਼ੇਸ਼ ਕੈਂਪ (ਐਨਐਸਐਸ) ਵਿੱਚ ਅੱਜ ਆਰ ਟੀ ੳ ਪਟਿਆਲਾ ਨਮਨ ਮਾਰਕੰਨ ਪੀਸੀਐਸ ਨੇ ਵਿਸ਼ੇਸ਼ ਤੌਰ ‘ਤੇ ਸ਼ਿਰਕਤ ਕੀਤੀ, ਇਸ ਮੌਕੇ ਉਨ੍ਹਾਂ ਨੇ ਵਲੰਟਿਅਰਜ਼ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਨੌਜਵਾਨਾਂ ਨੂੰ ਦੇਸ਼ ਵਿੱਚੋਂ ਅਲਾਮਤਾ ਖਤਮ ਕਰਨ, ਤਰੱਕੀ ਕਰਨ ਲਈ ਐਨਐਸਐਸ ਨਾਲ ਜੁੜਨ ਦੀ ਲੋੜ ਹੈ। ਉਹਨਾਂ ਨੇ ਕਿਹਾ ਕਿ ਨੌਜਵਾਨ ਦੇਸ਼ ਲਈ ਚਾਨਣ ਮੁਨਾਰੇ ਦਾ ਕੰਮ ਕਰ ਸਕਦੇ ਹਨ। ਇਸ ਮੌਕੇ ਆਰ ਟੀ ੳ ਪਟਿਆਲਾ ਨਮਨ ਮਾਰਕੰਨ ਨੇ ਕਿਹਾ ਕਿ ਨਾਗਰਿਕਾਂ ਦੀਆਂ ਟਰੈਫਿਕ ਨਿਯਮਾਂ ਸੰਬੰਧੀ ਕੀਤੀਆਂ ਨਿੱਕੀਆਂ ਨਿੱਕੀਆਂ ਗਲਤੀਆਂ ਕਈ ਵਾਰ ਵੱਡੇ ਹਾਦਸਿਆਂ ਦਾ ਕਾਰਨ ਬਣਦੀਆਂ ਹਨ, ਉਹਨਾਂ ਨੇ ਆਪਣੇ ਪਰਿਵਾਰ ਦੇ ਹਾਦਸੇ ਦੀ ਗੱਲ ਵੀ ਸੁਣਾਈ। ਪ੍ਰੋਗਰਾਮ ਵਿੱਚ ਸਟੇਟ ਅਵਾਰਡੀ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਸ੍ਰੀ ਮਾਰਕੰਨ ਦਾ ਸਵਾਗਤ ਕਰਦੇ ਕਿਹਾ ਕਿ ਐਮੀਨੈਂਸ ਸਕੂਲ, ਸਰਕਾਰ ਦੀ ਜੋ ਨਵੇਕਲੀ ਸਕੀਮ ਹੈ, ਇਸ ਦਾ ਸਮੁੱਚੇ ਪੰਜਾਬ ਦੇ ਵਿਦਿਆਰਥੀਆਂ ਨੂੰ ਬਹੁਤ ਲਾਭ ਪਹੁੰਚ ਰਿਹਾ ਹੈ, ਉਹਨਾਂ ਨੇ ਦੱਸਿਆ ਕਿ ਫੀਲਖਾਨਾ ਸਕੂਲ ਦੇ ਵਿੱਚ ਪੰਜਾਬ ਸਰਕਾਰ ਦੀ ਹਦਾਇਤਾਂ ਮੁਤਾਬਿਕ ਵੱਖ-ਵੱਖ ਸਹਿ ਵਿਦਿਅਕ ਕਿਰਿਆਵਾਂ ਕਰਵਾਈਆਂ ਜਾਂਦੀਆਂ ਹਨ ।ਇਸ ਮੌਕੇ ਸਟੇਟ ਅਵਾਰਡੀ ਅਧਿਆਪਕ ਸਰਦਾਰ ਪ੍ਰਗਟ ਸਿੰਘ ਦੇ ਵਿਦਿਆਰਥੀਆਂ ਨੇ ਹੀਰ ਰਾਂਝੇ ਦੀ ਸੰਗੀਤਕ ਗਾਥਾ ਦਾ ਪ੍ਰਦਰਸ਼ਨ ਕੀਤਾ। ਵਲੰਟੀਅਰਜ ਵੱਲੋਂ ਐਨਐਸਐਸ ਲੀਡਰ ਮੋਦਨਾ ਗੁਪਤਾ ਨੇ ਕੈਂਪ ਸਬੰਧੀ ਰਿਪੋਰਟ ਪੇਸ਼ ਕਰਦਿਆਂ ਦੱਸਿਆ ਕਿ ਕਿੰਝ ਸਵੇਰ ਦੇ 6 ਵਜੇ ਤੋਂ ਰਾਤ ਦੇ 10 ਵਜੇ ਤੱਕ ਵਲੰਟੀਅਰਜ ਵੱਖ ਵੱਖ ਕਿਰਿਆਵਾਂ ਵਿੱਚ ਹਿੱਸਾ ਲੈਂਦੇ ਹਨ, ਜਿਸ ਨਾਲ ਉਹਨਾਂ ਦਾ ਸਮਾਜਿਕ ਤੇ ਬੌਧਿਕ ਵਿਕਾਸ ਹੋ ਰਿਹਾ ਹੈ ,ਇਸ ਸਬੰਧੀ ਵਲੰਟੀਅਰ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਕੂਲ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਵਾਇਸ ਪ੍ਰਿੰਸੀਪਲ ਮੈਡਮ ਸੁਰਿੰਦਰ ਕੌਰ, ਲੈਕਚਰਾਰ ਗੁਰਦੀਪ ਕੌਰ, ਲੈਕਚਰਾਰ ਡਾ. ਮੋਨਿਸ਼ਾ ਬੰਸਲ, ਲੈਕਚਰਾਰ ਡਾ. ਪਰਮਿੰਦਰ ਕੌਰ, ਮੈਡਮ ਕਰਮਜੀਤ ਕੌਰ, ਮੈਡਮ ਗਗਨਜੀਤ ਕੌਰ, ਮੈਡਮ ਨੀਤੂ ਅਤੇ ਮੀਡੀਆ ਕੋਆਰਡੀਨੇਟਰ ਅਕਸ਼ੇ ਖਨੌਰੀ ਆਦਿ ਨੇ ਸ਼ਿਰਕਤ ਕੀਤੀ

# 30 ਮਾਰਚ ਨੂੰ ਏ.ਡੀ.ਸੀ. ਵਿਕਾਸ ਮੁਕਤਸਰ ਸੁਰਿੰਦਰ ਸਿੰਘ ਢਿਲੋਂ ਦੇ ਮਾਤਾ ਦੇ ਭੋਗ ‘ਤੇ ਵਿਸ਼ੇਸ਼

## ਸਬਰ, ਸੰਤੋਖ ਤੇ ਹੌਸਲੇ ਦੀ ਮੂਰਤ ਸਨ ਮਾਤਾ ਮਹਿੰਦਰ ਕੌਰ ਢਿਲੋਂ- ਉਜਾਗਰ ਸਿੰਘ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com

ਮਾਤਾ ਮਹਿੰਦਰ ਕੌਰ ਢਿਲੋਂ ਸਬਰ, ਸੰਤੋਖ, ਨਮਰਤਾ, ਹਲੀਮੀ ਅਤੇ ਹੌਸਲੇ ਦਾ ਮੁਜੱਸਮਾ ਸਨ। ਉਹ 20 ਮਾਰਚ 2025 ਨੂੰ 83 ਸਾਲ ਦੀ ਉਮਰ ਵਿੱਚ ਸੰਖੇਪ ਬਿਮਾਰੀ ਤੋਂ ਬਾਅਦ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। 15 ਮਈ 1990 ਦੀ ਕਾਲੀ ਬੋਲੀ ਰਾਤ ਨੂੰ ਮਾਤਾ ਮਹਿੰਦਰ ਕੌਰ ਦੇ ਪਰਿਵਾਰ ‘ਤੇ ਕਾਲੇ ਦਿਨਾਂ ਦਾ ਕਹਿਰ ਵਾਪਰ ਗਿਆ, ਉਨ੍ਹਾਂ ਦੇ ਪਤੀ ਕਾਮਰੇਡ ਜਸਵੰਤ ਸਿੰਘ ਸਰਪੰਚ ਪਿੰਡ ਢਿਲਵਾਂ ਅਤੇ ਲੜਕੀ ਨੂੰ ਸ਼ਹੀਦ ਕਰ ਦਿੱਤਾ ਗਿਆ ਤੇ ਮਾਤਾ ਮਹਿੰਦਰ ਕੌਰ ਗੰਭੀਰ ਜ਼ਖ਼ਮੀ ਹੋ ਗਏ ਸਨ। ਮਾਤਾ ਮਹਿੰਦਰ ਕੌਰ ਨੇ ਪਤੀ ਅਤੇ ਅਤੇ ਸਪੁੱਤਰੀ ਦੇ ਸਵਰਗਵਾਸ ਹੋਣ ਤੋਂ ਬਾਅਦ ਦਿਲ ਨਹੀਂ ਛੱਡਿਆ, ਸਬਰ, ਸੰਤੋਖ ਤੇ ਹੌਸਲੇ ਨਾਲ ਆਪਣੇ ਪਰਿਵਾਰ ਨੂੰ ਸੰਭਾਲਿਆ, ਪੜ੍ਹਾਇਆ, ਵਿਆਹ ਕੀਤੇ ਅਤੇ ਜ਼ਿੰਦਗੀ ਵਿੱਚ ਸਫ਼ਲ ਹੋਣ ਵਿੱਚ ਰਾਹ ਦਸੇਰਾ ਬਣੀ। ਪਿੰਡ ਵਿੱਚ ਇੱਕ ਵਿਧਵਾ ਔਰਤ ਨੂੰ ਅਜਿਹੇ ਅਸਥਿਰਤਾ ਦੇ ਹਾਲਾਤ ਵਿੱਚ ਜੀਵਨ ਬਸਰ ਕਰਨਾ ਤੇ ਬੱਚਿਆਂ ਨੂੰ ਪਾਲਣਾ ਕਿਤਨਾ ਮੁਸ਼ਕਲ ਹੁੰਦਾ ਹੈ। ਪ੍ਰੰਤੂ ਮਾਤਾ ਮਹਿੰਦਰ ਕੌਰ ਡੋਲੀ ਨਹੀਂ ਜਿਸਦਾ ਸਬੂਤ ਅੱਜ ਪਰਿਵਾਰ ਖ਼ੁਸ਼ਹਾਲੀ ਨਾਲ ਸਮਾਜ ਵਿੱਚ ਮਾਣ ਸਤਿਕਾਰ ਨਾਲ ਵਿਚਰ ਰਿਹਾ ਹੈ। ਇਨਸਾਨ ਦੀ ਕਾਬਲੀਅਤ ਤੇ ਹੌਸਲੇ ਦਾ ਔਖੇ ਸਮੇਂ ਵਿੱਚ ਪਤਾ ਲੱਗਦਾ ਹੈ। ਸੁੱਖਮਈ ਹਾਲਾਤ ਵਿੱਚ ਤਾਂ ਹਰ ਕੋਈ ਜ਼ਿੰਦਗੀ ਆਰਾਮ ਨਾਲ ਬਸਰ ਕਰਦਾ ਹੈ, ਸਮਾਜ ਹਰ ਵਕਤ ਮਦਦ ਲਈ ਨਾਲ ਖੜ੍ਹਦਾ ਹੈ। ਜਦੋਂ ਅਚਾਨਕ ਹਸਦੇ ਵਸਦੇ ਪਰਿਵਾਰ ਤੇ ਕੁਦਰਤ ਦਾ ਕਹਿਰ ਵਰਤਦਾ ਹੈ, ਉਦੋਂ ਮੁਸ਼ਕਲਾਂ ਦਾ ਪਹਾੜ ਟੁੱਟਦਾ ਹੈ, ਉਸ ਸਮੇਂ ਇਨਸਾਨ ਦੀ ਸਖ਼ਸ਼ੀਅਤ ਦੇ ਚੰਗੇ ਮਾੜੇ ਪਹਿਲੂਆਂ ਦੀ ਜਾਣਕਾਰੀ ਮਿਲਦੀ ਹੈ ਕਿ ਉਹ ਉਨ੍ਹਾਂ ਦਾ ਮੁਕਾਬਲਾ ਕਿਵੇਂ ਕਰਦਾ ਹੈ, ਜਿਥੇ ਮਾਤਾ ਮਹਿੰਦਰ ਕੌਰ ਦੇ ਪਤੀ ਦੇ ਸਰਪੰਚ ਹੁੰਦਿਆਂ ਕੰਮਾ ਕਾਰਾਂ ਵਾਲੇ ਲੋਕਾਂ ਦਾ ਜਮਘਟਾ ਰਹਿੰਦਾ ਸੀ ਤੇ ਉਥੇ ਉਸ ਘਰ ਵਿੱਚ ਡਰ ਦਾ ਮਾਰਾ ਕੋਈ ਵੀ ਸਹਾਰਾ ਬਣਨ ਲਈ ਤਿਆਰ ਨਹੀਂ ਸੀ। ਨਮਰਤਾ, ਸਹਿਜਤਾ ਅਤੇ ਸੰਤੁਸ਼ਟਤਾ ਦੀ ਮੂਰਤ ਮਾਤਾ ਮਹਿੰਦਰ ਕੌਰ ਨੇ ਸੰਜਮ ਦਾ ਪੱਲਾ ਫੜ੍ਹਦਿਆਂ ਪਰਿਵਾਰ ਨੂੰ ਬੁਲੰਦੀਆਂ ਤੇ ਪਹੁੰਚਾਇਆ। ਉਹ ਆਪਣੇ ਪਿੱਛੇ ਸੁਰਿੰਦਰ ਸਿੰਘ ਢਿਲੋਂ ਏ.ਡੀ.ਸੀ.ਵਿਕਾਸ ਮੁਕਤਸਰ ਸਾਹਿਬ ਸਪੁੱਤਰ, ਸਪੁੱਤਰੀ ਕੁਲਦੀਪ ਕੌਰ ਧਾਲੀਵਾਲ ਅਤੇ ਬਲਜੀਤ ਕੌਰ ਢਿਲੋਂ ਬਲਾਕ ਤੇ ਵਿਕਾਸ ਅਧਿਕਾਰੀ ਨਾਭਾ, ਨੂੰਹ ਰੀਤਇੰਦਰ ਕੌਰ, ਪੋਤਰੀ ਜੈਵੀਰ ਕੌਰ ਢਿਲੋਂ ਤੇ ਦੋਹਤੇ ਗੁਰਲਾਲ ਸਿੰਘ ਧਾਲੀਵਾਲ ਨੂੰ ਛੱਡ ਗਏ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਹਿਜ ਪਾਠ ਦਾ ਭੋਗ, ਕੀਰਤਨ ਤੇ ਅੰਤਮ ਅਰਦਾਸ 30 ਮਾਰਚ 2025 ਦਿਨ ਐਤਵਾਰ ਨੂੰ ਗੁਰਦੁਆਰਾ ਪਾਤਸ਼ਾਹੀ ਨੌਵੀਂ ਪਿੰਡ ਢਿਲਵਾਂ ਨੇੜੇ ਤਪਾ (ਜ਼ਿਲ੍ਹਾ ਬਰਨਾਲਾ) ਵਿਖੇ 12.30 ਤੋਂ 1.30 ਵਜੇ ਹੋਵੇਗੀ।



ਤਸਵੀਰ : ਮਾਤਾ ਮਹਿੰਦਰ ਕੌਰ ਢਿਲੋਂ

ਸਾਬਕਾ ਜਿਲ੍ਹਾ ਲੋਕ ਸੰਪਰਕ ਅਧਿਕਾਰੀ
ਮੋਬਾਈਲ-94178 13072
ujagarsingh48@yahoo.com

# ਵਾਤਾਵਰਨ - ਪ੍ਰੇਮੀ ਮਾਸਟਰ ਸੰਜੀਵ ਧਰਮਾਣੀ ਨੇ ਪੌਦੇ ਲਗਾਉਣ ਦਾ ਬਣਾਇਆ ਰਿਕਾਰਡ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 28 ਮਾਰਚ
INTERNATIONAL PAPER, 94636 01616
hardipchumber57@gmail.com



ਸ੍ਰੀ ਅਨੰਦਪੁਰ ਸਾਹਿਬ -

